28-DEC-PAGE-1.qxd 12/27/2024 10:18 PM Page 1

ਸ਼ਨੀਵਾਰ, 28 ਦਸੰਬਰ, 2024
14 ਪੋਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 208

ਨਵਾਂ ਜ਼ਮਾਨਾ

DAILY NAWAN ZAMANA • SATURDAY, 28 DECEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਬੱਸ ਡਰੇਨ 'ਚ, 8 ਮੌਤਾਂ

ਤਲਵੰਡੀ ਸਾਬੋ/ਬਠਿੰਡਾ
(ਜਗਦੀਪ ਗਿੱਲ/ਪਰਵਿੰਦਰਜੀਤ ਸਿੰਘ)

ਸ਼ੁੱਕਰਵਾਰ ਬਾਅਦ ਦੁਪਹਿਰ ਨਿਊ ਗੁਰੂ ਕਾਸ਼ੀ ਕੰਪਨੀ ਦੀ ਪ੍ਰਾਈਵੇਟ ਬੱਸ ਤਲਵੰਡੀ ਸਾਬੋ ਤੋਂ 11 ਕਿੱਲੋਮੀਟਰ ਦੂਰ ਪਿੰਡ ਜੀਵਨ ਸਿੰਘ ਵਾਲਾ ਕੋਲ ਬਰਸਾਤੀ ਨਾਲੇ 'ਚ ਡਿੱਗ ਜਾਣ ਕਾਰਨ 8 ਜਣਿਆਂ ਦੀ ਮੌਤ ਹੋ ਗਈ।ਬੱਸ ਸਰਦੂਲਗੜ੍ਹ ਤੋਂ ਵਾਇਆ ਤਲਵੰਡੀ ਸਾਬੋ, ਬਠਿੰਡਾ ਜਾ ਰਹੀ ਸੀ। ਪਿੰਡ ਜੀਵਨ ਸਿੰਘ ਵਾਲਾ ਦੇ ਆਖਰੀ ਅੱਡੇ ਤੋਂ ਅੱਗੇ ਜਦੋਂ ਬੱਸ ਨਾਲੇ ਉੱਪਰ ਪੁੱਜੀ ਤਾਂ ਉਸ ਵਿੱਚ 46 ਸਵਾਰੀਆਂ ਸਨ।

ਹਾਦਸੇ ਦੇ ਕਾਰਨਾਂ ਦੀ ਫੌਰੀ ਤੌਰ 'ਤੇ ਅਧਿਕਾਰਤ ਪੁਸ਼ਟੀ ਨਹੀਂ ਹੋ ਸਕੀ, ਪਰ ਮੁਢਲੀਆਂ ਖਬਰਾਂ ਅਨੁਸਾਰ ਹਾਦਸੇ ਦਾ ਇੱਕ ਕਾਰਨ ਵੀਰਵਾਰ ਰਾਤ ਤੋਂ ਪੈ ਰਹੀ ਬਾਰਿਸ਼ ਦੇ ਚਲਦਿਆਂ ਸਿੱਲ੍ਹੀ ਸੜਕ 'ਤੇ ਤਿਲਕਣ ਕਾਰਨ ਬੱਸ ਦਾ ਬੇਕਾਬੂ ਹੋ ਜਾਣਾ ਮੰਨਿਆ ਜਾ ਰਿਹਾ ਹੈ। ਪਿੰਡ ਜੀਵਨ ਸਿੰਘ ਵਾਲਾ ਦੇ ਬਹੁਤ ਸਾਰੇ ਲੋਕਾਂ ਵਿੱਚ ਇਹ ਚਰਚਾ ਵੀ ਚੱਲ ਰਹੀ ਸੀ ਕਿ ਘਟਨਾ ਦੇ ਵਕਤ ਅਸਮਾਨੀ ਬਿਜਲੀ ਦੇ ਡਿੱਗਣ ਦੀ ਭਿਆਨਕ ਆਵਾਜ਼ ਸੁਣਾਈ ਦਿੱਤੀ ਸੀ। ਹੋ ਸਕਦਾ ਹੈ ਕਿ ਬੱਸ ਦੇ ਨੇੜੇ ਜਾਂ ਥੋੜ੍ਹਾ ਉਰੇ-ਪਰੇ ਅਸਮਾਨੀ ਬਿਜਲੀ ਦੇ ਡਿੱਗਣ ਕਾਰਨ ਵੀ ਡਰਾਈਵਰ ਹੱਥੋਂ ਬੱਸ ਬੇਕਾਬੂ ਹੋ ਗਈ ਹੋਵੇ।ਸ਼ਾਮ ਤੱਕ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਇੱਕ ਮਰਦ, ਇੱਕ ਬੱਚੀ ਤੇ ਤਿੰਨ ਔਰਤਾਂ ਦੀਆਂ ਲਾਸ਼ਾਂ ਪੁੱਜੀਆਂ ਸਨ। ਛੇ ਜ਼ਖਮੀਆਂ ਵਿੱਚੋਂ ਦੋ ਦੀ ਹਾਲਤ ਗੰਭੀਰ ਹੋਣ ਕਰਕੇ ਉਨ੍ਹਾਂ ਨੂੰ ਬਠਿੰਡਾ ਲਈ ਰੈਫਰ ਕਰ ਦਿੱਤਾ ਗਿਆ।

ਪਿੰਡ ਜੀਵਨ ਸਿੰਘ ਵਾਲਾ ਦੇ ਕੁਝ ਚਸ਼ਮਦੀਦਾਂ ਨੇ ਦੱਸਿਆ ਕਿ ਮ੍ਰਿਤਕਾਂ ਵਿੱਚ ਪਿੰਡ ਜੀਵਨ ਸਿੰਘ ਵਾਲਾ ਦੇ ਕਰਤਾਰ ਸਿੰਘ ਦੀ ਨੂੰਹ ਅਤੇ ਛੋਟੀ ਜਿਹੀ ਮਾਸੂਮ ਪੋਤਰੀ ਸ਼ਾਮਲ ਹਨ। ਪਿੰਡ ਵਾਸੀਆਂ ਤੇ ਚਸ਼ਮਦੀਦਾਂ ਨੇ ਮੌਤਾਂ ਦੀ ਗਿਣਤੀ ਵਧਣ ਦਾ ਖਦਸ਼ਾ ਪ੍ਰਗਟਾਇਆ ਹੈ। ਲੋਕਾਂ ਦਾ ਮੰਨਣਾ ਹੈ ਕਿ ਲਾਪਤਾ ਸਵਾਰੀਆਂ ਦੇ ਕੁਝ ਮ੍ਰਿਤਕ ਸਰੀਰ ਨਾਲੇ ਦੇ ਗੰਦੇ ਪਾਣੀ ਵਿੱਚ ਵੀ ਡੁੱਬੇ ਹੋਏ ਹੋ ਸਕਦੇ ਹਨ।

ਪ੍ਰਸ਼ਾਸਨ ਨੇ ਆਲੇ-ਦੁਆਲੇ ਦੇ ਲੋਕਾਂ ਦੀ ਮਦਦ ਨਾਲ ਸਵਾਰੀਆਂ ਨੂੰ ਬੱਸ ਵਿੱਚੋਂ ਬਾਹਰ ਕੱਢਣ ਲਈ ਅਪਰੇਸ਼ਨ ਚਲਾਇਆ। ਨਾਲੇ 'ਚ ਜੰਗਲੀ ਬੂਟੀ ਹੋਣ ਕਾਰਨ ਬੱਸ ਨੂੰ ਕੱਢਣ 'ਚ ਮੁਸ਼ਕਲਾਂ ਆਈਆਂ, ਜਿਸ ਲਈ ਕਰੇਨਾਂ ਦੀ ਮਦਦ ਲਈ ਗਈ।

ਜ਼ਖਮੀਆਂ ਨੂੰ ਫੌਰੀ ਹਸਪਤਾਲਾਂ 'ਚ ਭੇਜਿਆ ਗਿਆ, ਜਿਸ ਲਈ ਬਠਿੰਡਾ ਦੀਆਂ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਮਦਦ ਕੀਤੀ ਗਈ। ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਪਰੇ, ਐੱਸ ਐੱਸ ਪੀ ਮੈਡਮ ਅਵਨੀਤ ਕੌਂਡਲ ਅਤੇ ਤਲਵੰਡੀ ਸਾਬੋ ਦੇ ਐੱਸ ਡੀ ਐੱਮ ਸਮੇਤ ਹੋਰ ਅਧਿਕਾਰੀਆਂ ਨੇ ਬਚਾਅ ਕਾਰਜਾਂ ਦੀ ਨਿਗਰਾਨੀ ਕੀਤੀ। ਮੈਡਮ ਕੌਂਡਲ ਨੇ 8 ਸਵਾਰੀਆਂ ਦੀ ਮੌਤ ਦੀ ਪੁਸ਼ਟੀ ਕੀਤੀ।

ਨਵੇਂ ਸਾਲ ਦੀ ਪਹਿਲੀ ਛੁੱਟੀ 6 ਨੂੰ

ਚੰਡੀਗੜ੍ਹ : ਪੰਜਾਬ ਦੇ ਸਕੂਲਾਂ 'ਚ ਸਰਦੀਆਂ ਦੀਆਂ ਛੁੱਟੀਆਂ 31 ਦਸੰਬਰ ਨੂੰ ਖਤਮ ਹੋਣਗੀਆਂ। ਇਸ ਤੋਂ ਤੁਰੰਤ ਬਾਅਦ 5 ਅਤੇ 6 ਜਨਵਰੀ ਨੂੰ ਛੁੱਟੀ ਹੋਵੇਗੀ। 5 ਜਨਵਰੀ ਨੂੰ ਐਤਵਾਰ ਹੋਵੇਗਾ ਅਤੇ 6 ਜਨਵਰੀ ਨੂੰ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਹੈ। 6 ਜਨਵਰੀ ਨੂੰ ਸਾਰੇ ਸਕੂਲ, ਕਾਲਜ, ਸਰਕਾਰੀ ਦਫਤਰ ਅਤੇ ਹੋਰ ਸਰਕਾਰੀ ਅਦਾਰੇ ਬੰਦ ਰਹਿਣਗੇ।

ਡਾਕਟਰ ਮਨਮੋਹਨ ਸਿੰਘ ਹਮੇਸ਼ਾ ਯਾਦ ਰਹਿਣਗੇ : ਮਾਨ

ਚੰਡੀਗੜ੍ਹ (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਮਾਨ ਨੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾ ਕਿਹਾ ਕਿ ਉਨ੍ਹਾ ਦਾ ਜਾਣਾ ਦੇਸ਼ ਲਈ ਵੱਡਾ ਘਾਟਾ ਹੈ। ਦੇਸ਼ ਵਾਸੀ ਉਨ੍ਹਾ ਨੂੰ ਹਮੇਸ਼ਾ ਯਾਦ ਰੱਖਣਗੇ।ਮੁੱਖ ਮੰਤਰੀ ਨੇ ਕਿਹਾ ਕਿ 90 ਦੇ ਦਹਾਕੇ ਵਿੱਚ ਮਨਮੋਹਨ ਸਿੰਘ ਨੇ ਭਾਰਤ ਦੀ ਵਿਗੜ ਰਹੀ ਆਰਥਿਕਤਾ ਨੂੰ ਮੁੜ ਲੀਹ 'ਤੇ ਲਿਆਂਦਾ ਅਤੇ ਆਰਥਿਕ ਤੌਰ 'ਤੇ ਭਾਰਤ ਦੀ ਵਿਸ਼ਵ ਵਿੱਚ ਪਛਾਣ ਬਣਾਈ। ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਵਿਛੜੀ ਆਤਮਾ ਨੂੰ ਸ਼ਾਂਤੀ ਦੇਵੇ ਅਤੇ ਉਨ੍ਹਾ ਦੇ ਪਰਵਾਰ ਅਤੇ ਪ੍ਰਸੰਸਕਾਂ ਨੂੰ ਇਹ ਘਾਟਾ ਸਹਿਣ ਦਾ ਬਲ ਬਖਸ਼ੇ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੀ ਮਨਮੋਹਨ ਸਿੰਘ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾ ਕਿਹਾ ਕਿ ਦੇਸ਼ ਨੇ ਇੱਕ ਮਹਾਨ ਅਰਥ ਸ਼ਾਸਤਰੀ ਤੇ ਮਨੁੱਖ ਨੂੰ ਗੁਆ ਦਿੱਤਾ ਹੈ।

ਚੀਮਾ ਵੱਲੋਂ ਡੱਲੇਵਾਲ ਨਾਲ ਮੁਲਾਕਾਤ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ੱਕਰਵਾਰ ਖਨੌਰੀ ਬਾਰਡਰ ਦਾ ਦੌਰਾ ਕਰਕੇ ਕਿਸਾਨਾਂ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ ਕੇਂਦਰ ਸਰਕਾਰ ਖ਼ਿਲਾਫ਼ ਭੁੱਖ ਹੜਤਾਲ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ

● ਬਾਕੀ ਸਫ਼ਾ 2 'ਤੇ

ਸ਼ੁੱਕਰਵਾਰ ਦੱਖਣੀ ਕਸ਼ਮੀਰ 'ਚ ਮੌਸਮ ਦੀ ਪਹਿਲੀ ਬਰਫ਼ਬਾਰੀ ਹੋਈ। ਤਸਵੀਰ 'ਚ ਕਸ਼ਮੀਰੀ ਬਰਫ਼ਬਾਰੀ ਦਾ ਅਨੰਦ ਮਾਣਦੇ ਹੋਏ।

ਪੰਜਾਬ 'ਚ ਮੀਂਹ, ਪਹਾੜਾਂ 'ਤੇ ਬਰਫਬਾਰੀ

ਚੰਡੀਗੜ੍ਹ : ਪੰਜਾਬ ਅਤੇ ਚੰਡੀਗੜ੍ਹ 'ਚ ਸ਼ੁੱਕਰਵਾਰ ਮੌਸਮ ਦਾ ਮਿਜ਼ਾਜ ਬਦਲ ਗਿਆ।ਸੀਤ ਲਹਿਰ ਦੇ ਨਾਲ-ਨਾਲ ਸਵੇਰ ਤੋਂ ਹੀ ਹਲਕਾ ਮੀਂਹ ਸ਼ੁਰੂ ਹੋ ਗਿਆ। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਪੰਜਾਬ ਦੇ 21 ਜ਼ਿਲ੍ਹਿਆਂ 'ਚ 30-40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਨੇਰੀ, ਤੇਜ਼ ਹਵਾਵਾਂ ਚੱਲਣ ਲਈ ਯੈਲੋ ਅਲਰਟ ਜਾਰੀ ਕੀਤਾ ਹੈ।ਕੁਝ ਥਾਵਾਂ 'ਤੇ ਗੜ੍ਹੇ ਪੈਣ ਦੀਆਂ ਖ਼ਬਰਾਂ ਵੀ ਆਈਆਂ ਹਨ। ਮੁਹਾਲੀ ਵਿੱਚ ਕਈ ਥਾਵਾਂ 'ਤੇ ਗੜ੍ਹੇਮਾਰੀ ਵੀ ਹੋਈ ਹੈ।

ਮੁੱਲਾਂਪੁਰ ਦਾਖਾ ਦੇ ਪਿੰਡ ਸਵੱਦੀ ਕਲਾਂ ਆਦਿ ਪਿੰਡਾਂ 'ਚ ਗੜ੍ਹੇਮਾਰੀ ਹੋਈ, ਜਿਸ ਕਾਰਨ ਕਿਸਾਨ ਬਾਗੋਬਾਗ ਹਨ, ਕਿਉਂਕਿ ਗੜ੍ਹੇਮਾਰੀ ਕਾਰਨ ਭਾਰੀ ਠੰਢ ਦੇ ਨਾਲ ਕੋਰਾ ਵੀ ਪਵੇਗਾ, ਜੋ ਕਿ ਫਸਲਾਂ ਲਈ ਲਾਹੇਵੰਦ ਹੋਵੇਗਾ ਅਤੇ ਕਣਕ ਦਾ ਝਾੜ ਵਧੇਗਾ। ਉਥੇ ਤਪਸ਼ ਕਾਰਨ ਆਲੂਆਂ ਦੀ ਫ਼ਸਲ ਖਰਾਬ ਹੋਣ ਤੋਂ ਬਚੇਗੀ।2 ਜਨਵਰੀ ਤੱਕ ਸੂਬੇ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

ਉਧਰ, ਹਿਮਾਚਲ 'ਚ ਬਰਫ਼ਬਾਰੀ ਜਾਰੀ ਹੈ। ਸ਼ੁੱਕਰਵਾਰ ਸਵੇਰੇ ਤੋਂ ਹੀ ਰੋਹਤਾਂਗ ਕੁੰਜਮ ਦੱਰੇ ਸਮੇਤ ਉਚਾਈ ਵਾਲੀਆਂ ਪਹਾੜੀਆਂ 'ਤੇ ਬਰਫ਼ਬਾਰੀ ਹੋ ਰਹੀ ਸੀ। ਜ਼ਿਲ੍ਹਾ ਪ੍ਰਸ਼ਾਸਨ ਨੇ ਅਲਰਟ ਕੀਤਾ ਹੈ ਕਿ ਸੈਲਾਨੀ ਰੋਹਤਾਂਗ ਟਨਲ ਅਤੇ ਜਲੋੜੀ ਦੱਰੇ ਵੱਲ ਨਾ ਜਾਣ। ਪਿਛਲੇ ਦਿਨੀਂ ਹੋਈ ਬਰਫ਼ਬਾਰੀ ਤੋਂ ਬਾਅਦ ਜ਼ਿਲ੍ਹਾ ਕੁੱਲੂ ਅਤੇ ਲਾਹੌਲ 'ਚ ਕਬੀਬ 15 ਬੱਸਾਂ ਦੇ ਰੂਟ ਪ੍ਰਭਾਵਤ ਹੋਏ ਅਤੇ ਕਰੀਬ 15 ਸੜਕਾਂ ਚਾਰ ਦਿਨਾਂ ਤੋਂ ਬੰਦ ਹਨ। ਸ਼ਿਮਲਾ ਦੇ ਨਾਰਕੰਡਾ 'ਚ ਦੋ ਇੰਚ ਤਾਜ਼ਾ ਬਰਫ਼ਬਾਰੀ ਦਰਜ ਕੀਤੀ ਗਈ। ਮੌਸਮ ਵਿਭਾਗ ਨੇ 28 ਦਸੰਬਰ ਨੂੰ ਭਾਰੀ ਬਰਫ਼ਬਾਰੀ ਦੀ ਚੇਤਾਵਨੀ ਦਿੱਤੀ ਹੈ। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਤੱਕ ਸੀਤ ਲਹਿਰ ਦਾ ਆਰੇਂਜ ਅਲਰਟ ਜਾਰੀ ਕੀਤਾ ਹੈ। ਇਸ ਦੌਰਾਨ ਤਾਪਮਾਨ 'ਚ 6-8 ਡਿਗਰੀ ਦੀ ਗਿਰਾਵਟ ਹੋ ਸਕਦੀ ਹੈ। ਹਿਮਾਚਲ ਦੇ ਸੱਤ ਸ਼ਹਿਰਾਂ ਦਾ ਪਾਰਾ ਮਨਫੀ 'ਚ ਦਰਜ ਕੀਤਾ ਗਿਆ ਹੈ, ਜਿਨ੍ਹਾ 'ਚ ਤਾਬੋ ਮਨਫੀ 12.1 ਡਿਗਰੀ ਸੈਲਸੀਅਸ ਦੇ ਨਾਲ ਸਭ ਤੋਂ ਠੰਢਾ ਰਿਹਾ। ਇਸ ਤੋਂ ਇਲਾਵਾ ਕੁਕੁਮਸੇਰੀ 'ਚ -7.8 ਡਿਗਰੀ, ਸਮਦੋ 'ਚ-8.5, ਭੂੰਤਰ-0.9, ਬਜੌਰਾ 'ਚ-0.7, ਕਲਪਾ 'ਚ-1.6 ਤੇ ਮਨਾਲੀ 'ਚ-1.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ।

ਕਾਰ ਦਰੱਖਤ 'ਚ ਵੱਜਣ ਨਾਲ ਫੌਜੀ ਦੀ ਮੌਤ

ਪਟਿਆਲਾ : ਇਥੋਂ ਨੇੜਲੇ ਪਿੰਡ ਬਖਸ਼ੀਵਾਲਾ ਕੋਲ ਲਾਅ ਯੂਨੀਵਰਸਿਟੀ ਨੇੜੇ ਸਵਿਫਟ ਕਾਰ ਬੀਤੇ ਵੀਰਵਾਰ ਰਾਤ ਬੇਕਾਬੂ ਹੋ ਕੇ ਦਰੱਖਤ 'ਚ ਵੱਜਣ ਕਾਰਨ ਚਾਲਕ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸ ਦੇ ਦੋ ਮਿੱਤਰ ਜ਼ਖਮੀ ਹੋ ਗਏ।

ਮ੍ਰਿਤਕ ਦੀ ਪਛਾਣ 31 ਸਾਲਾ ਜਸ਼ਨਦੀਪ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਸ਼ੇਰਪੁਰ, ਜ਼ਿਲ੍ਹਾ ਸੰਗਰੂਰ ਵਜੋਂ ਹੋਈ ਹੈ। ਜ਼ਖਮੀ ਹੋਣ ਵਾਲੇ ਅਮਨਦੀਪ ਸਿੰਘ ਅਤੇ ਯਾਦੀ ਸ਼ੇਰਪੁਰ ਦੇ ਵਾਸੀ ਹਨ। ਜਸ਼ਨਦੀਪ ਫੌਜੀ ਸੀ ਅਤੇ ਛੁੱਟੀ ਉਤੇ ਆਇਆ ਹੋਇਆ ਸੀ। ਉਹ ਪਿੰਡ ਰੋੜੇਵਾਲ ਵਿਖੇ ਆਪਣੇ ਸਹੁਰੇ ਘਰ ਜਾ ਰਿਹਾ ਸੀ।

ਰੰਗਦਾਰ ਵਿਸ਼ੇਸ਼ ਸਪਲੀਮੈਂਟ

ਮਨੀ ਸਿੰਗਲਾ
ਬਾਘਾ ਪੁਰਾਣਾ
73551-50910

ਅਜੇ ਅਰੋੜਾ
ਕੋਟ ਈਸੇ ਖਾਂ
99143-58312

ਵਿਨੇਸ਼ ਕੁਮਾਰ
ਗੁਰਦਾਸਪੁਰ
94655-83861

ਨਵੇਂ ਸਾਲ ਦੇ ਸ਼ੁੱਭ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ। *-ਜਨਰਲ ਮੈਨੇਜਰ*

ਦੱਖਣਪੰਥੀ ਤਾਕਤਾਂ ਨੂੰ ਰੋਕਣ ਲਈ ਕਮਿਊਨਿਸਟ ਪਾਰਟੀ ਦੀ ਮਜ਼ਬੂਤੀ ਜ਼ਰੂਰੀ : ਗੋਰੀਆ

- ਪਾਰਟੀ ਦੇ ਸੰਘਰਸ਼ਾਂ ਨੇ ਇਤਿਹਾਸ ਸਿਰਜਿਆ : ਰਤਨ
- ਜ਼ਿੰਦਗੀ ਦੇ ਹਾਣੀ ਬਣਨ ਲਈ ਵਿੱਦਿਆ ਵਰਦਾਨ : ਸ਼ੁਗਲੀ

ਜਲੰਧਰ (ਗਿਆਨ ਸੈਦਪੁਰੀ)

'ਦੱਖਣਪੰਥੀ ਤਾਕਤਾਂ ਨੂੰ ਰੋਕਣ ਲਈ ਕਮਿਊਨਿਸਟ ਪਾਰਟੀ ਦੀ ਮਜ਼ਬੂਤੀ ਅਜੋਕੇ ਦੌਰ ਦੀ ਵੱਡੀ ਜ਼ਰੂਰਤ ਹੈ। ਇਸ ਦੇ ਨਾਲ ਹੀ ਜਮਹੂਰੀ ਤੇ ਧਰਮ-ਨਿਰਪੱਖ ਧਿਰਾਂ ਦਾ ਏਕਾ ਵੀ ਸਮੇਂ ਦੀ ਲੋੜ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਨੈਸ਼ਨਲ ਸਕੱਤਰੇਤ ਦੇ ਮੈਂਬਰ ਅਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਕੀਤਾ। ਉਹ ਪਾਰਟੀ ਦਫਤਰ ਜਲੰਧਰ ਵਿੱਚ ਕਮਿਊਨਿਸਟ ਪਾਰਟੀ ਦੇ 100ਵੇਂ ਸਥਾਪਨਾ ਦਿਵਸ ਸੰਬੰਧੀ ਕਰਵਾਏ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਕਮਿਊਨਿਸਟ ਪਾਰਟੀ ਦਾ ਤਕੜਿਆਂ ਹੋਣਾ ਸਮੁੱਚੇ ਰਾਸ਼ਟਰ ਦੇ ਹਿੱਤ ਵਿੱਚ ਹੋਵੇਗਾ।

ਪਾਰਟੀ ਦੀ ਸਥਾਪਨਾ ਦੀ ਗੱਲ ਕਰਦਿਆਂ ਗੋਰੀਆ ਨੇ ਕਿਹਾ ਕਿ ਇਹ ਕੌਮੀ ਆਜ਼ਾਦੀ ਦੀ ਲਹਿਰ ਵਿੱਚੋਂ ਜਨਮੀ ਸੀ। ਸੀ ਪੀ ਆਈ ਦੇਸ਼ ਦੀ ਸਿਆਸਤ ਵਿੱਚ ਵੱਡੀ ਤਾਕਤ ਵਜੋਂ ਉੱਭਰੀ ਸੀ। ਤਾਕਤਵਾਰ ਬਣਨ ਲਈ ਕਮਿਊਨਿਸਟ ਕਾਰਕੁਨਾਂ ਨੂੰ ਖੂਨ-ਪਸੀਨਾ ਇੱਕ ਕਰਨਾ ਪਿਆ। ਸਾਨੂੰ ਇਸ ਗੱਲ ਦਾ ਵੀ ਫਖਰ ਹੈ ਕਿ ਮੁਲਕ ਲਈ ਮੁਕੰਮਲ ਆਜ਼ਾਦੀ ਦੀ ਮੰਗ ਸਭ ਤੋਂ ਪਹਿਲਾਂ ਸੀ ਪੀ ਆਈ ਨੇ ਕੀਤੀ ਸੀ। ਉਨ੍ਹਾ ਕਿਹਾ ਕਿ ਪੂੰਜੀਵਾਦ ਦਾ ਖਾਤਮਾ ਕਰਕੇ ਸਮਾਜਵਾਦ ਸਿਰਜਣਾ ਕਮਿਊਨਿਸਟਾਂ ਦਾ ਇਤਿਹਾਸਕ ਮਿਸ਼ਨ ਹੈ।

ਉਹਨਾ ਕਿਹਾ ਕਿ ਮਨੁੱਖ ਨੂੰ ਮਨੁੱਖ ਨਾਲੋਂ ਦੂਰ ਕਰਦੇ ਜਾਤ-ਪਾਤ ਦੇ ਕੋਹੜ ਨੂੰ ਮਾਰਨ ਲਈ ਵੀ ਬਾਕਾਇਦਾ ਲੜਾਈ ਦੀ ਲੋੜ ਹੈ। ਦੇਸ਼ ਦੇ ਗ੍ਰਹਿ ਮੰਤਰੀ ਵੱਲੋਂ ਡਾਕਟਰ ਅੰਬੇਡਕਰ ਬਾਰੇ ਅਪਮਾਨਜਨਕ ਟਿੱਪਣੀਆਂ ਦੀ ਗੱਲ ਕਰਦਿਆਂ ਗੋਰੀਆ ਨੇ ਕਿਹਾ ਕਿ ਉਸ ਮਹਾਨ ਸ਼ਖਸੀਅਤ ਦੀ ਖਿੱਲੀ ਉਡਾਈ ਗਈ ਹੈ, ਜਿਸ ਨੇ ਸਾਰੀ ਉਮਰ ਸਮਾਜਕ ਨਿਆਂ ਦੀ ਲੜਾਈ ਦੇ ਲੇਖੇ ਲਾ ਦਿੱਤੀ। ਉਨ੍ਹਾ ਮਿਹਨਤਕਸ਼ ਲੋਕਾਂ ਨੂੰ ਹਿੰਮਤ ਕਰਨ ਦਾ ਹੋਕਾ ਦਿੰਦਿਆਂ ਕਿਹਾ ਕਿ ਅਸੀਂ

ਸੰਬੋਧਨ ਕਰਦੇ ਹੋਏ ਗੁਲਜ਼ਾਰ ਸਿੰਘ ਗੋਰੀਆ, ਮੰਚ 'ਤੇ ਹੋਰ ਆਗੂ (ਹੇਠਾਂ) ਸਰੋਤੇ।

ਆਪਣੀ ਕਿਸਮਤ ਦੇ ਆਪ ਘਾੜੇ ਬਣਨਾ ਹੈ।

ਸੀ ਪੀ ਆਈ ਕੰਟਰੋਲ ਕਮਿਸ਼ਨ ਪੰਜਾਬ ਦੇ ਚੇਅਰਮੈਨ ਰਮੇਸ਼ ਰਤਨ ਨੇ ਪਾਰਟੀ ਦੀਆਂ ਤਰਜੀਹਾਂ ਦੀ ਗੱਲ ਕਰਦਿਆਂ ਕਿਹਾ ਕਿ ਦੇਸ਼ ਦੀ ਆਜ਼ਾਦੀ ਵਿੱਚ ਕਮਿਊਨਿਸਟਾਂ ਨੇ ਵੱਡਾ ਹਿੱਸਾ ਪਾਇਆ ਸੀ। ਆਜ਼ਾਦੀ ਤੋਂ ਬਾਅਦ ਚੰਗੇਰੇ ਸਮਾਜ ਦੀ ਸਿਰਜਣਾ ਪਾਰਟੀ ਦੀਆਂ ਤਰਜੀਹਾਂ ਵਿੱਚ ਸ਼ਾਮਲ ਰਿਹਾ ਹੈ। ਮਿਹਨਤਕਸ਼ ਲੋਕਾਂ ਨੂੰ ਹੱਕ ਦਿਵਾਉਣੇ ਅਤੇ ਵਿਗਿਆਨਿਕ ਸੋਚ ਦਾ ਪਸਾਰਾ ਪਾਰਟੀ ਦੇ ਟੀਚਿਆਂ ਵਿੱਚ ਸ਼ਾਮਲ ਹੈ। ਉਹਨਾ ਡਾਕਟਰ ਗੰਗਾਧਰ ਅਧਿਕਾਰੀ ਅਤੇ ਮੋਹਸਿਨ ਵਰਗੇ ਆਗੂਆਂ ਦਾ ਜ਼ਿਕਰ ਕਰਦਿਆਂ ਪੁਰਾਣੇ ਆਗੂਆਂ ਦੀ ਘਾਲਣਾ 'ਤੇ ਰੋਸ਼ਨੀ ਪਾਈ। ਉਨ੍ਹਾ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ

28-DEC-PAGE-1.qxd 12/27/2024 10:19 PM Page 2

ਸ਼ਹੀਦੀ ਦਿਹਾੜਿਆਂ ਨੂੰ ਸਮਰਪਤ ਦੁੱਧ ਦਾ ਲੰਗਰ ਲਗਾਇਆ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਮਾਤਾ ਗੁਜਰ ਕੌਰ ਜੀ ਤੇ ਪੋਹ ਮਹੀਨੇ ਸਿੱਖ ਧਰਮ 'ਚ ਹੋਈਆਂ ਸ਼ਹਾਦਤਾਂ ਨੂੰ ਸਮਰਪਤ ਪਿਊਰੀ ਰੋਡ ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਲ ਦੁਕਾਨਦਾਰਾਂ ਵੱਲੋਂ ਰਾਹਗੀਰਾਂ ਲਈ ਦੁੱਧ ਦਾ ਲੰਗਰ ਲਗਾਇਆ ਗਿਆ।ਇਸ ਲੰਗਰ ਦੌਰਾਨ ਆਉਂਦੇ ਜਾਂਦੇ ਵੱਡੀ ਗਿਣਤੀ 'ਚ ਰਾਹਗੀਰਾਂ ਨੇ ਦੁੱਧ ਦਾ ਲੰਗਰ ਛਕਿਆ।ਇਸ ਸੰਬੰਧੀ ਡਾਕਟਰ ਅਮਨਦੀਪ ਸਿੰਘ ਮਾਨ ਤੇ ਮਨਪ੍ਰੀਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ-ਛੋਟੇ ਚਾਰੇ ਸਾਹਿਬਜ਼ਾਦੇ, ਮਾਤਾ ਗੁਜਰ ਕੌਰ ਜੀ ਤੇ ਚਮਕੌਰ ਦੀ ਗੜ੍ਹੀ 'ਚ ਸਿੰਘਾਂ ਦੀਆਂ ਹੋਈਆਂ ਸ਼ਹਾਦਤਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਇਸ ਲਈ ਇਨ੍ਹਾਂ ਸ਼ਹੀਦਾਂ ਦੀ ਯਾਦ ਵਿੱਚ ਅੱਜ ਦੁੱਧ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਸਰਬਜੀਤ ਸਿੰਘ ਢਿੱਲੋਂ, ਕੁਲਵਿੰਦਰ ਸਿੰਘ (ਗੋਰਾ) ਸੋਨੂੰ ਸੀਮਿੰਟ ਸਟੋਰ ਤੇ ਮਨਦੀਪ ਜੱਸੀ ਆਦਿ ਸੇਵਾਦਾਰ ਮੌਜੂਦ ਸਨ।

ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਧਾਰਮਿਕ ਸਮਾਗਮ

ਰਾਮਪੁਰਾ ਫੂਲ (ਦਰਸ਼ਨ ਸਿੰਦਲ)-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿਖੇ ਪ੍ਰਿੰਸੀਪਲ ਰਪਿੰਦਰ ਪਟਿਆਲਾ ਦੀ ਅਗਵਾਈ ਹੇਠ ਦਸਮ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਹਾਦਰੀ ਤੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਧਾਰਮਿਕ ਸਮਾਗਮ ਕੀਤਾ ਗਿਆ।ਵਿਦਿਆਰਥੀਆਂ ਦੁਆਰਾ ਸ਼ਹੀਦਾਂ ਨੂੰ ਸਮਰਪਤ ਸ਼ਬਦ, ਧਾਰਮਿਕ ਗੀਤ ਤੇ ਕਵੀਸ਼ਰੀ ਦੇ ਰੂਪ ਵਿੱਚ ਆਪਣੇ ਭਾਵ ਜ਼ਾਹਰ ਕੀਤੇ, ਜਿਨ੍ਹਾਂ ਨੂੰ ਸੁਣਦਿਆਂ ਅਤੇ ਗਾਉਂਦਿਆਂ ਸਭ ਦਾ ਦਿਲ ਭਾਵੁਕ ਹੋ ਉਠਿਆ ਅਤੇ ਅੱਖਾਂ ਨਮ ਹੋ ਗਈਆਂ।ਇਸ ਵਿਸ਼ੇਸ਼ ਪ੍ਰੋਗਰਾਮ ਵਿੱਚ ਹਾਜ਼ਰ ਮੁੱਖ ਮਹਿਮਾਨ ਵਿਦਿਆ ਭਾਰਤੀ, ਉੱਤਰ ਖੇਤਰ ਦੇ ਮਹਾਂਮੰਤਰੀ ਦੇਸ ਰਾਜ ਸ਼ਰਮਾ ਅਤੇ ਵਿਦਿਆ ਭਾਰਤੀ, ਪੰਜਾਬ ਦੇ ਮਹਾਂਮੰਤਰੀ ਡਾਕਟਰ ਨਵਦੀਪ ਸ਼ੇਖਰ ਨੇ ਆਪਣੇ ਸ਼ਬਦਾਂ ਰਾਹੀਂ ਗੁਰੂ ਪੁੱਤਰਾਂ ਦੀ ਮਹਾਨ ਕੁਰਬਾਨੀ ਨੂੰ ਕੋਟਿ ਕੋਟਿ ਪ੍ਰਣਾਮ ਕਰਦਿਆਂ ਕਰਦਿਆਂ ਕਿਹਾ ਕਿ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਨੇ ਧਰਮ ਦੀ ਰੱਖਿਆ ਲਈ ਆਪਣਾ ਸਾਰਾ ਪਰਵਾਰ ਵਾਰ ਦਿੱਤਾ, ਜਿਸ ਵਿੱਚ ਦੋ ਵੱਡੇ ਸਾਹਿਬਜ਼ਾਦੇ ਅਜੀਤ ਸਿੰਘ ਤੇ ਜੁਝਾਰ ਸਿੰਘ ਚਮਕੌਰ ਦੀ ਗੜ੍ਹੀ 'ਚ ਮੁਗਲ ਫ਼ੌਜਾਂ ਨਾਲ ਜੰਗ ਕਰਦੇ ਸ਼ਹੀਦ ਹੋ ਗਏ ਤੇ ਛੋਟੇ ਸਾਹਿਬਜ਼ਾਦੇ ਜਿਨ੍ਹਾਂ ਦੀ ਉਮਰ ਸੱਤ ਤੋਂ ਨੌਂ ਸਾਲ ਦੇ ਵਿਚਕਾਰ ਸੀ। ਇਸ ਮੌਕੇ ਪ੍ਰਬੰਧਕ ਸੰਮਤੀ ਦੇ ਸਰਪ੍ਰਸਤ ਤਰਸੇਮ ਜੇਠੀ, ਪ੍ਰਧਾਨ ਵਰਿੰਦਰ ਗਰਗ, ਮੈਨੇਜਰ ਦਵਿੰਦਰ ਕੁਮਾਰ, ਮੈਂਬਰ ਰਮੇਸ਼ ਕੁਮਾਰ ਵਿਸ਼ੇਸ਼ ਰੂਪ ਵਿੱਚ ਹਾਜ਼ਰ ਰਹੇ।

ਐਡਵੋਕੇਟ ਨਛੱਤਰ ਸਿੰਘ ਵੱਲੋਂ ਮੁਲਾਜ਼ਮ ਆਗੂ ਦਾ ਪਰਸ ਵਾਪਸ

ਸੰਗਰੂਰ (ਪ੍ਰਵੀਨ ਸਿੰਘ)-ਮੁਲਾਜ਼ਮ ਆਗੂ ਗੁਰਪ੍ਰੀਤ ਸਿੰਘ ਮੰਗਵਾਲ ਆਪਣੀ ਡਿਊਟੀ ਕਰਕੇ ਪਿੰਡ ਮੰਗਵਾਲ ਵਾਪਸ ਜਾ ਰਹੇ ਸਨ।ਰਸਤੇ ਵਿੱਚ ਪਟਿਆਲਾ ਗੇਟ ਪੈਟਰੋਲ ਪੰਪ ਕੋਲ ਉਨ੍ਹਾਂ ਦਾ ਪਰਸ ਸਮੇਤ ਅਠਾਰਾਂ ਹਜ਼ਾਰ ਚਾਰ ਸੌ ਰੁਪਏ ਤੇ ਜ਼ਰੂਰੀ ਕਾਗਜ਼ਾਤ ਡੈਬਿਟ ਕਾਰਡ, ਅਧਾਰ ਕਾਰਡ ਸਮੇਤ ਹੋਰ ਡਿਊਟੀ ਸਬੰਧੀ ਜ਼ਰੂਰੀ ਰਿਕਾਰਡ ਸਮੇਤ ਗਿਰ ਗਿਆ, ਜੋ ਸੰਗਰੂਰ ਦੇ ਐਡਵੋਕੇਟ ਨਛੱਤਰ ਸਿੰਘ ਅਤੇ ਉਨ੍ਹਾਂ ਦੀ ਧਰਮ ਪਤਨੀ ਨੂੰ ਮਿਲਿਆ।ਉਨ੍ਹਾਂ ਉਸੇ ਵੇਲੇ ਮੁਲਾਜ਼ਮ ਆਗੂ ਮੰਗਵਾਲ ਨੂੰ ਫੋਨ ਲਾਇਆ ਤੇ ਪੈਟਰੋਲ ਪੰਪ 'ਤੇ ਪਤਵੰਤੇ ਸੱਜਣਾਂ ਦੀ ਅਗਵਾਈ ਹੇਠ ਵਾਪਸ ਕੀਤਾ।ਮੁਲਾਜ਼ਮ ਆਗੂ ਮੰਗਵਾਲ ਨੇ ਐਡਵੋਕੇਟ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਦੀ ਇਮਾਨਦਾਰੀ ਦੀ ਸ਼ਲਾਘਾ ਕੀਤੀ।

ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਨਗਰ ਕੀਰਤਨ ਸਜਾਇਆ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਬਾਬਾ ਫਤਿਹ ਸਿੰਘ ਯੂਥ ਕਲੱਬ ਧੂਰੀ ਤੇ ਗੁਰਦੁਆਰਾ ਸਾਹਿਬ ਦਸ਼ਮੇਸ਼ ਨਗਰ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਸ਼ਹਿਰ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛੱਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜੋ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋ ਕੇ ਸੰਗਰੂਰ ਰੋਡ, ਲੋਹਾ ਬਾਜ਼ਾਰ, ਮਾਲੇਰਕੋਟਲਾ ਰੋਡ, ਗੁਰਦੁਆਰਾ ਰਾਮਗੜ੍ਹੀਆ ਰੋਡ ਤੇ ਬੱਸ ਸਟੈਂਡ ਰੋਡ ਸਮੇਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ 'ਚੋਂ ਗੁਜ਼ਰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਪੁੱਜ ਕੇ ਸਮਾਪਤ ਹੋਇਆ।ਇਸ ਮੌਕੇ ਜਿੱਥੇ ਰਾਗੀ ਜਥਿਆਂ ਵੱਲੋਂ ਗੁਰੂ ਜਸ ਗਾਇਨ ਕੀਤਾ ਗਿਆ ਤੇ ਢਾਡੀ ਜੱਥਿਆਂ ਵੱਲੋਂ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਉਥੇ ਗੱਤਕਾ ਪਾਰਟੀ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ। ਰਸਤੇ ਵਿੱਚ ਜਿੱਥੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਥਾਂ-ਥਾਂ ਨਿੱਘਾ ਸਵਾਗਤ ਕੀਤਾ ਗਿਆ। ਧੂਰੀ ਦੀ ਪੁਲਸ ਟੁੱਕੜੀ ਵੱਲੋਂ ਐੱਸ ਐੱਚ ਓ ਇੰਸਪੈਕਟਰ ਜਸਵੀਰ ਸਿੰਘ ਤੂਰ ਦੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਲਾਮੀ ਦਿੱਤੀ ਗਈ।ਨਗਰ ਕੀਰਤਨ ਦੌਰਾਨ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ: ਅਨਵਰ ਭਸੌੜ , ਰਮਨਪ੍ਰੀਤ ਸਿੰਘ, ਬੇਅੰਤ ਸਿੰਘ, ਮਨਜੀਤ ਸਿੰਘ, ਜਗਸੀਰ ਸਿੰਘ ਤੇ ਜਸਵੀਰ ਸਿੰਘ ਜੱਜ ਸਮੇਤ ਵੱਡੀ ਗਿਣਤੀ ਵਿੱਚ ਪਤਵੰਤਿਆਂ ਨੇ ਨਗਰ ਕੀਰਤਨ 'ਚ ਹਾਜ਼ਰੀ ਲੁਆਈ।

ਬੁਲਟ ਦੇ ਪਟਾਕੇ ਪਾਉਣ ਵਾਲੇ ਮਨਚਲਿਆਂ 'ਤੇ ਚੱਲੇਗਾ ਪੁਲਸ ਦਾ ਡੰਡਾ : ਐੱਸ ਐੱਚ ਓ

ਬੁਢਲਾਡਾ (ਅਸ਼ੋਕ ਲਾਕੜਾ)-ਸ਼ਹਿਰ ਅੰਦਰ ਅਮਨ ਕਾਨੂੰਨ ਦੀ ਵਿਵਸਥਾ ਨੂੰ ਕਾਇਮ ਰੱਖਣ ਲਈ ਲੋਕ ਸਹਿਯੋਗ ਦੇਣ।ਇਹ ਸ਼ਬਦ ਸਿਟੀ ਪੁਲਿਸ ਸਟੇਸ਼ਨ ਦੇ ਨਵੇਂ ਐਸ ਐਚ ਓ ਬਲਕੌਰ ਸਿੰਘ ਨੇ ਚਾਰਜ ਸੰਭਾਲਦਿਆਂ ਕਹੇ।ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹਰ ਸਮੱਸਿਆ ਦਾ ਹੱਲ ਲੱਭਿਆ ਜਾ ਸਕਦਾ ਹੈ।ਲੋਕ ਹੀ ਪੁਲਸ ਦੇ ਮਾਰਗ ਦਰਸ਼ਨ ਹਨ।ਉਨ੍ਹਾਂ ਆਪਣੇ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਅਣਗਹਿਲੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।ਉਨ੍ਹਾਂ ਸ਼ਹਿਰ ਨਿਵਾਸੀਆਂ ਅਤੇ ਕੌਂਸਲਰਾਂ ਨੂੰ ਅਪੀਲ ਕੀਤੀ ਕਿ ਉਹ ਛੋਟੇ ਮੋਟੇ ਝਗੜਿਆਂ ਨੂੰ ਆਪਣੇ ਪੱਧਰ 'ਤੇ ਹੀ ਸੁਲਝਾਉਣ ਦੀ ਕੋਸ਼ਿਸ਼ ਕਰਨ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਨਸ਼ਿਆਂ ਨੂੰ ਖਤਮ ਕਰਨ ਲਈ ਲੋਕ ਸਹਿਯੋਗ ਦੇਣ।ਉਨ੍ਹਾਂ ਲੋਕਾਂ ਨੂੰ ਆਲਾ-ਦੁਆਲਾ ਸੁਰੱਖਿਅਤ ਕਰਦਿਆਂ ਕਿਹਾ ਕਿ ਸ਼ੱਕੀ ਵਸਤੂਆਂ ਤੇ ਵਿਅਕਤੀਆਂ ਦੀ ਇਤਲਾਹ ਤੁਰੰਤ ਪੁਲਸ ਨੂੰ ਦੇਣ।ਉਨ੍ਹਾਂ ਮਨਚਲੇ ਨੌਜਵਾਨਾਂ ਜੋ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਦਿਆਂ ਬੁਲਟ ਮੋਟਰਸਾਈਕਲ 'ਤੇ ਪਟਾਖੇ ਪਾਉਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਸ਼ਹਿਰ ਦੇ ਮੁੱਖ ਬਾਜ਼ਾਰਾਂ 'ਚ ਟ੍ਰੈਫਿਕ 'ਚ ਵਿਘਨ ਬਣਨ ਵਾਲੇ ਵਹੀਕਲਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਦੁਕਾਨਾਂ ਅੱਗੇ ਆਰਜ਼ੀ ਨਜਾਇਜ਼ ਕਬਜ਼ੇ ਵੀ ਤੁਰੰਤ ਹਟਾਉਣ ਦੀ ਹਦਾਇਤ ਕੀਤੀ।

ਜਗਰਾਉਂ ਵੈੱਲਫੇਅਰ ਸੋਸਾਇਟੀ ਵੱਲੋਂ ਅਰੋਗੀ ਸੇਵਾ ਬੈਂਕ ਦੀ ਸ਼ੁਰੂਆਤ

ਜਗਰਾਉਂ (ਅਮਿਤ ਖੰਨਾ)-ਜਗਰਾਉਂ ਵੈਲਫੇਅਰ ਸੋਸਾਇਟੀ ਵੱਲੋਂ ਸਿਵਲ ਹਸਪਤਾਲ ਜਗਰਾਓ ਵਿਖੇ ਅਰੋਗੀ ਸੇਵਾ ਬੈਂਕ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੌਕੇ ਲੋੜਵੰਦ ਮਰੀਜ਼ਾਂ ਲਈ ਕੰਬਲ, 2ਵੱਡੇ ਹੀਟਰ, 2ਆਕਸੀਜਨ ਸਿਲੰਡਰ, 2 ਵੀਲ੍ਹ ਚੇਅਰ ਅਤੇ ਹੋਰ ਵੀ ਜ਼ਰੂਰਤ ਦਾ ਸਮਾਨ ਦਿੱਤਾ ਗਿਆ। ਜਗਰਾਉਂ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਸਿੱਧੂ ਅਤੇ ਚੇਅਰਮੈਨ ਰਜਿੰਦਰ ਜੈਨ ਨੇ ਕਿਹਾ ਕਿ ਇਹ ਅਰੋਗੀ ਬੈਂਕ ਦੀ ਸ਼ੁਰੂਆਤ ਇੱਕ ਬਹੁਤ ਹੀ ਵਧੀਆ ਉਪਰਾਲਾ ਹੈ। ਲੋੜਵੰਦ ਮਰੀਜ਼ਾਂ ਨੂੰ ਇਸ ਸਮਾਨ ਦੀ ਬਹੁਤ ਜ਼ਰੂਰਤ ਸੀ। ਅਸੀਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕਰਦੇ ਹਾਂ ਕਿ ਆਪਣੇ ਘਰ ਦੇ ਵਿੱਚ ਜੇ ਕੋਈ ਵੀ ਜ਼ਰੂਰਤ ਦਾ ਸਮਾਨ ਕੋਈ ਪਿਆ ਹੈ ਤਾਂ ਉਹ ਇਸ ਹਸਪਤਾਲ ਵਿੱਚ ਆ ਕੇ ਦੇ ਸਕਦਾ ਹੈ ਜਾਂ ਜਗਰਾਉਂ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਗੁਰਿੰਦਰ ਸਿੱਧੂ ਨਾਲ ਇਸ ਨੰਬਰ 'ਤੇ 98140-05337 ਸੰਪਰਕ ਕਰ ਸਕਦਾ। ਇਸ ਅਰੋਗੀ ਸੇਵਾ ਬੈਂਕ ਦੀ ਸਾਰੀ ਦੇਖਰੇਖ ਇੱਥੋਂ ਦੇ ਐਸਐਮਓ ਡਾਕਟਰ ਹਰਜੀਤ ਸਿੰਘ ਦੀ ਟਿਗਰਾਨੀ ਵਿੱਚ ਕੀਤੀ ਜਾਵੇਗੀ। ਇਸ ਮੌਕੇ ਜਗਰਾਓ ਵੈਲਫੇਅਰ ਕਮੇਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਸਿੱਧੂ, ਚੇਅਰਮੈਨ ਰਜਿੰਦਰ ਜੈਨ, ਰਾਜ ਕੁਮਾਰ ਭੱਲਾ, ਪਵਨ ਕੁਮਾਰ ਵਰਮਾ ਲੱਡੂ ਲੱਖੇ ਵਾਲੇ, ਸ਼ਿਵ ਕੁਮਾਰ ਏਪੀ ਰਿਫਾਇਨਰੀ ਵਾਲੇ, ਸਰਪੰਚ ਬਿੰਦਰ ਮਨੀਲਾ, ਡਾਕਟਰ ਨਰਿੰਦਰ ਸਿੰਘ ਬੀਕੇ ਗੈਸ ਵਾਲੇ, ਕੈਪਟਨ ਨਰੇਸ਼ ਵਰਮਾ, ਗੁਰਦਵਾਰਾ ਭਜਨਗੜ ਦੇ ਪ੍ਰਧਾਨ ਗੁਰਪ੍ਰੀਤ ਸਿੰਘ, ਖਾਲਸਾ ਐੱਡ, ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਪੰਕਜ ਅੱਗਰਵਾਲ ਡਾਕਟਰ ਹੈਪੀ ਆਦੀ ਹਾਜ਼ਰ ਸਨ।

ਵਰਲਡ ਯੂਨੀਵਰਸਿਟੀ ਵੱਲੋਂ ਨਗਰ ਕੀਰਤਨ 'ਚ ਸ਼ਮੂਲੀਅਤ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ, ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਸ਼ਹੀਦੀ ਸਭਾ ਸਮੇ ਵੱਖ-ਵੱਖ ਕੈਂਪ ਆਯੋਜਤ ਕੀਤੇ ਗਏ।ਇਨ੍ਹਾਂ ਕੈਂਪ ਵਿੱਚ ਯੂਨੀਵਰਸਿਟੀ ਵੱਲੋਂ ਮੁਫ਼ਤ ਫਿਜ਼ੀਓਥੈਰੇਪੀ ਕੈਂਪ, ਪੁਸਤਕ ਪ੍ਰਦਰਸ਼ਨੀ, ਗੁਰਮਤਿ ਗਿਆਨ ਚੇਤਨਾ, ਕਵੀ ਦਰਬਾਰ, ਦਸਤਾਰ ਸਿਖਲਾਈ ਸੇਵਾ ਕੈਂਪ ਅਤੇ ਸਿੱਖ ਧਰਮ ਨਾਲ ਸਬੰਧਿਤ ਡਾਕੂਮੈਂਟਰੀਆਂ ਦੇ ਸ਼ੋਅ ਸ਼ਾਮਲ ਸਨ।ਇਸ ਤੋਂ ਇਲਾਵਾ ਮਾਤਾ ਗੁਜਰੀ ਜੀ, ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਹਿ ਸਿੰਘ ਜੀ ਨੂੰ ਸਮਰਪਤ ਸੈਮੀਨਾਰ ਦਾ ਆਯੋਜਨ ਵੀ ਕੀਤਾ ਗਿਆ।ਸ਼ਹੀਦੀ ਸਭਾ ਦੇ ਅਖੀਰਲੇ ਦਿਨ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਯੂਨੀਵਰਸਿਟੀ ਸਟਾਫ਼ ਅਤੇ ਵਿਦਿਆਰਥੀਆਂ ਸਮੇਤ ਵਾਈਸ-ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਸ਼ਰਧਾਪੂਰਵਕ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ। ਡੀਨ ਅਕਾਦਮਿਕ ਮਾਮਲੇ ਡਾ. ਸੁਖਵਿੰਦਰ ਸਿੰਘ ਬਿਲਿੰਗ ਨੇ ਦੱਸਿਆ ਕਿ ਪੁਸਤਕ ਮੇਲੇ ਤੋਂ ਇਲਾਵਾ ਯੂਨੀਵਰਸਿਟੀ ਵੱਲੋਂ ਲਾਏ ਗਏ ਫਿਜ਼ੀਓਥਰੈਪੀ ਕੈਂਪ, ਦਸਤਾਰ ਸਿਖਲਾਈ ਕੈਂਪ, ਕਵੀ ਦਰਬਾਰ, ਗੁਰਮਤ ਗਿਆਨ ਚੇਤਨਾ ਕੈਂਪ ਤੇ ਸਿੱਖ ਇਤਿਹਾਸ ਨਾਲ ਸੰਬੰਧਿਤ ਡਾਕੂਮੈਂਟਰੀ ਸ਼ੋਅ ਆਦਿ ਸਮਾਗਮਾਂ ਦਾ ਸੰਗਤਾਂ ਨੇ ਭਰਪੂਰ ਲਾਹਾ ਲਿਆ ਹੈ।ਪੁਸਤਕ ਮੇਲਾ ਕਮੇਟੀ ਦੇ ਕਨਵੀਨਰ ਡਾ. ਹਰਦੇਵ ਸਿੰਘ ਮੁਖੀ ਧਰਮ ਅਧਿਐਨ ਵਿਭਾਗ ਨੇ ਸਮੂਹ ਪ੍ਰਕਾਸ਼ਕਾਂ ਅਤੇ ਖਰੀਦਦਾਰ ਸੰਗਤਾਂ ਦਾ ਧੰਨਵਾਦ ਕੀਤਾ।ਉਨ੍ਹਾਂ ਦੱਸਿਆ ਕਿ ਪੁਸਤਕ ਮੇਲੇ ਵਿੱਚ ਗੁਰਮਤ ਤੇ ਗੁਰ ਇਤਿਹਾਸ ਸਬੰਧੀ ਪੁਸਤਕਾਂ ਖਰੀਦਣ ਦਾ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ।

ਯੂਨੀਵਰਸਿਟੀ ਦੇ ਵਾਈਸ-ਚਾਂਸਲਰ, ਪ੍ਰੋਫੈਸਰ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਵੱਲੋਂ ਸ਼ਹੀਦੀ ਸਭਾ ਦੌਰਾਨ ਚਲਾਏ ਗਏ ਇਨ੍ਹਾਂ ਸਮਾਗਮਾਂ ਅਤੇ ਸੇਵਾ ਕਾਰਜਾਂ ਦਾ ਮੁੱਖ ਉਦੇਸ਼ ਦੂਰ-ਦੁਰਾਡੇ ਤੋਂ ਆਈਆਂ ਸੰਗਤਾਂ ਵਿੱਚ ਸਿੱਖ ਵਿਰਸੇ ਸਬੰਧੀ ਜਾਗਰੂਕਤਾ ਫੈਲਾਉਣਾ ਹੈ ਤਾਂ ਜੋ ਉਹ ਫ਼ਤਹਿਗੜ੍ਹ ਸਾਹਿਬ ਦੀ ਮੁਕੱਦਸ ਧਰਤੀ 'ਤੇ ਦਿੱਤੀਆਂ ਲਾਸਾਨੀ ਸ਼ਹਾਦਤਾਂ ਤੋਂ ਸੇਧ ਲੈ ਸਕਣ ਅਤੇ ਆਪਣੇ ਧਰਮ ਨਾਲ ਜੁੜ ਸਕਣ।ਉਨ੍ਹਾਂ ਇਹ ਵੀ ਦੱਸਿਆ ਕਿ ਯੂਨੀਵਰਸਿਟੀ ਸਮੇਂ-ਸਮੇਂ 'ਤੇ ਅਜਿਹੀਆਂ ਸਮਾਜਿਕ, ਧਾਰਮਿਕ ਤੇ ਉਸਾਰੂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਪਾਉਣਾ ਆਪਣਾ ਫ਼ਰਜ਼ ਸਮਝਦੀ ਹੈ, ਕਿਉਂਕਿ ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਉਤੇ ਇਸ ਯੂਨੀਵਰਸਿਟੀ ਦੀ ਸਥਾਪਨਾ ਦਾ ਮੁੱਖ ਉਦੇਸ਼ ਹੀ ਆਪਣੇ ਅਮੀਰ ਵਿਰਸੇ ਅਤੇ ਸੱਭਿਆਚਾਰ ਨੂੰ ਸੰਸਾਰ ਦੇ ਕੋਨੇ-ਕੋਨੇ ਤੱਕ ਪੁਚਾਉਣਾ ਹੈ।ਡਾ. ਸਿਕੰਦਰ

28-Dec-PAG-3.qxd 12/27/2024 10:31 PM Page 1

ਪੰਜਾਬ ਨੇ ਸਿੱਖਿਆ ਦੇ ਖੇਤਰ 'ਚ ਨਵੀਆਂ ਉੱਚਾਈਆਂ ਨੂੰ ਛੂਹਿਆ : ਜਗਰੂਪ ਸਿੰਘ ਸੇਖਵਾਂ

* ਸਰਕਾਰ ਦੀ ਯੋਗ ਅਗਵਾਈ 'ਚ ਸਿੱਖਿਆ ਕ੍ਰਾਂਤੀ ਤਹਿਤ ਹੀ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ

ਡੇਰਾ ਬਾਬਾ ਨਾਨਕ, ਧਾਰੀਵਾਲ 27 ਦਸੰਬਰ (ਰਮੇਸ਼ ਸ਼ਰਮਾ, ਨਦੀਪ ਸਿੰਘ ਵਿੱਕੀ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਾਲ 2024 ਦੌਰਾਨ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ।ਪੰਜਾਬ ਸਰਕਾਰ ਨੇ ਜਿੱਥੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਂਦਾ ਹੈ ਓਥੇ ਨਾਲ ਹੀ ਅਧਿਆਪਕਾਂ ਨੂੰ ਵਿਦੇਸ਼ਾਂ ਤੋਂ ਟਰੇਨਿੰਗ ਦਿਵਾਉਣ ਦੇ ਨਾਲ ਸਕੂਲਾਂ ਵਿੱਚ ਬਿਹਤਰ ਸਿੱਖਿਆ ਦਾ ਮਾਹੌਲ ਸਿਰਜਿਆ ਹੈ।ਸਾਲ 2024 ਦੌਰਾਨ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਪਾਈਆਂ ਨਵੀਆਂ ਪੈੜ੍ਹਾਂ ਦਾ ਜ਼ਿਕਰ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਅਧਿਆਪਕਾਂ/ਸਕੂਲ ਮੁਖੀਆਂ ਨੂੰ ਬਿਹਤਰੀਨ ਟ੍ਰੇਨਿੰਗ ਦੁਆ ਕੇ ਸਮੇਂ ਦੇ ਹਾਣੀ ਬਣਾਉਣ ਦੇ ਮਕਸਦ ਨਾਲ ਵੱਖ-ਵੱਖ ਟ੍ਰੇਨਿੰਗ ਪ੍ਰੋਗਰਾਮ ਸ਼ੁਰੂ ਕੀਤੇ ਗਏ।ਇਨ੍ਹਾਂ ਵਿੱਚ ਸਭ ਤੋਂ ਪਹਿਲਾਂ ਸਿੰਗਾਪੁਰ ਸਥਿਤ ਪ੍ਰਿੰਸੀਪਲ ਅਕੈਡਮੀ ਅਤੇ ਇੰਸਟੀਚਿਊਟ ਆਫ਼ ਸਿੰਗਾਪੁਰ ਇੰਟਰਨੈਸ਼ਨਲ ਵਿਖੇ 200 ਤੋਂ ਵੱਧ ਪ੍ਰਿੰਸੀਪਲਾਂ ਅਤੇ ਸਿੱਖਿਆ ਪ੍ਰਸ਼ਾਸਕਾਂ ਨੂੰ ਟ੍ਰੇਨਿੰਗ ਦੁਆਈ ਗਈ।ਇਸੇ ਤਰ੍ਹਾਂ 150 ਹੈੱਡਮਾਸਟਰਾਂ ਨੂੰ ਆਈ.ਆਈ.ਐੱਮ., ਅਹਿਮਦਾਬਾਦ ਵਿਖੇ ਲੀਡਰਸ਼ਿਪ, ਸਕੂਲ ਪ੍ਰਬੰਧਨ, ਸਿੱਖਿਆ ਵਿਭਾਗ ਵਿੱਚ ਏ.ਆਈ. ਅਤੇ ਭਾਈਵਾਲ ਸ਼ਮੂਲੀਅਤ ਆਦਿ ਵਿਸ਼ਿਆ 'ਤੇ

ਸਿਖਲਾਈ ਦੁਆਈ ਗਈ।ਟ੍ਰੇਨਿੰਗ ਦੀ ਦਿਸ਼ਾ ਵਿੱਚ ਇੱਕ ਕਦਮ ਹੋਰ ਅੱਗੇ ਵਧਦਿਆਂ ਪ੍ਰਾਇਮਰੀ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਬੀ.ਪੀ.ਈ.ਓ., ਸੀ.ਐੱਚ.ਟੀ., ਐੱਚ. ਟੀ. ਅਤੇ ਈ.ਟੀ.ਟੀ. ਦੇ ਕੁੱਲ 72 ਅਧਿਆਪਕਾਂ ਨੂੰ ਯੂਨੀਵਰਸਿਟੀ ਆਫ ਤੁਰਕੂ (ਫਿਨਲੈਂਡ) ਵਿਖੇ ਵਿਸ਼ੇਸ਼ ਸਿਲਖਾਈ ਕਰਵਾਈ ਗਈ।ਸਰਕਾਰੀ ਸਕੂਲਾਂ ਦੀ ਸਾਂਭ-ਸੰਭਾਲ, ਸੁਰੱਖਿਆ ਅਤੇ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਲਈ ਲਗਭਗ 82 ਕਰੋੜ ਰੁਪਏ ਜਾਰੀ ਕੀਤੇ ਗਏ। ਜਿਸ ਰਾਹੀਂ 1689 ਕੈਂਪਸ ਮੈਨੇਜਰਾਂ, 689 ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 1265 ਸੁਰੱਖਿਆ ਗਾਰਡ (652 ਸੀਨੀਅਰ ਸੈਕੰਡਰੀ ਸਕੂਲ ਅਤੇ 37 ਹਾਈ ਸਕੂਲ, ਪ੍ਰਤੀ ਸਕੂਲ-2) ਨੂੰ ਵੀ ਪੈਸਕੋ ਰਾਹੀਂ ਭਰਤੀ ਕੀਤੇ ਗਏ।ਇਸ ਤੋਂ ਇਲਾਵਾ 8286 ਸਕੂਲਾਂ ਵਿੱਚ ਸਫਾਈ ਕਰਮਚਾਰੀਆਂ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 1734 ਚੌਕੀਦਾਰਾਂ ਦੀ ਭਰਤੀ ਕੀਤੀ ਗਈ।ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਕੁੱਲ 118 ਸਰਕਾਰੀ ਸਕੂਲਾਂ ਨੂੰ ਸਟੇਟ ਆਫ਼ ਆਰਟ ਸਕੂਲ ਆਫ਼ ਐਮੀਨੈਂਸ ਵਜੋਂ ਵਿਕਸਿਤ ਕੀਤਾ ਕਰਨ ਤੋਂ ਇਲਾਵਾ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਹਾਈ ਸਪੀਡ ਫਾਈਬਰ ਵਾਈਫਾਈ ਇੰਟਰਨੈਟ ਕਨੈਕਸ਼ਨਾਂ ਲਈ 29.3 ਕਰੋੜ ਰੁਪਏ ਮੁਹੱਈਆ ਕਰਵਾਏ ਗਏ ਹਨ। ਇਸ ਦੇ ਨਾਲ ਹੀ ਸਕੂਲਾਂ ਵਿੱਚ ਪਖਾਨੇ, ਵਾਧੂ ਕਲਾਸ ਰੂਮ, ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀਆਂ ਅਤੇ ਹੋਰ ਕੰਮਾਂ ਦੇ ਨਿਰਮਾਣ ਲਈ 120.43 ਕਰੋੜ ਮੁਹੱਈਆ ਕਰਵਾਇਆ ਗਿਆ ਹੈ। ਰਾਜ ਸਰਕਾਰ ਵੱਲੋਂ ਕਲਾਸਰੂਮ, ਪ੍ਰਯੋਗਸ਼ਾਲਾਵਾਂ ਲਈ ਵੀ 93.48 ਕਰੋੜ ਮੁਹਈਆ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਸਾਲ ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਅਤੇ ਕਿਤਾਬਾਂ ਸੈਸ਼ਨ ਸ਼ੁਰੂ ਹੁੰਦੇ ਸਾਰ ਹੀ ਮੁਹੱਈਆ ਕਰਵਾ ਦਿੱਤੀਆਂ ਗਈਆਂ ਸਨ।ਵਿਦਿਆਰਥੀਆਂ ਦੇ ਸਲਾਨਾ ਪ੍ਰੀਖਿਆਵਾਂ ਵਿੱਚ ਵਧੀਆ ਨਤੀਜੇ ਨੂੰ ਯਕੀਨੀ ਬਣਾਉਣ ਲਈ ਗ੍ਰੇਡ ਪੱਧਰੀ ਕੰਪੀਟੈਂਸੀ ਵਿੱਚ ਕੁਸ਼ਲ ਕਰਨ ਲਈ ਸੀ.ਈ.ਪੀ., ਮਿਸ਼ਨ ਸਮਰੱਥ ਅਤੇ ਮਿਸ਼ਨ ਆਰੰਭ ਵਰਗੇ ਸ਼ੁਰੂ ਕਰਨ ਤੋਂ ਇਲਾਵਾ ਮੈਗਾ ਪੀ.ਟੀ.ਐਮ. ਵਰਗੇ ਉਪਰਾਲਿਆਂ ਨਾਲ ਵਿਦਿਆਰਥੀਆਂ ਦੇ ਮਾਪਿਆਂ ਦੀ ਸ਼ਮੂਲੀਅਤ ਨੂੰ ਵੀ ਯਕੀਨੀ ਬਣਾਇਆ ਗਿਆ ਹੈ। ਸ. ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਮਿਆਰੀ ਸਿੱਖਿਆ ਦੇਣ ਦਾ ਵਾਅਦਾ ਕੀਤਾ ਸੀ, ਜਿਸ ਨੂੰ ਪੂਰਾ ਕਰਨ ਲਈ ਆਪ ਦੀ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ।➜

ਪੁਲਸ ਮੁਕਾਬਲੇ 'ਚ ਨਜਾਇਜ਼ ਪਿਸਤੌਲ ਸਮੇਤ ਦੋਸ਼ੀ ਕਾਬੂ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਅਭਿਮੰਨਿਊ ਰਾਣਾ ਆਈ.ਪੀ. ਐੱਸ/ਐੱਸ.ਐੱਸ.ਪੀ. ਤਰਨ ਤਾਰਨ ਦੀ ਨਿਗਰਾਨੀ ਹੇਠ ਪੁਲਸ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਅਜੇਰਾਜ ਸਿੰਘ ਪੀ.ਪੀ.ਐੱਸ/ਐੱਸ.ਪੀ (ਡੀ) ਅਤੇ ਕਮਲਮੀਤ ਸਿੰਘ ਉਪ ਕਪਤਾਨ ਪੁਲਸ ਸਬ ਡਵੀਜ਼ਨ ਸਿਟੀ ਤਰਨ ਤਾਰਨ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਿਟੀ ਤਰਨ ਤਾਰਨ ਵੱਲੋਂ ਮਾੜੇ ਅਨਸਰਾਂ ਤੇ ਬਦਮਾਸ਼ਾਂ 'ਤੇ ਕਾਬੂ ਪਾਉਣ ਲਈ ਵੱਖ-ਵੱਖ ਟੀਮਾਂ ਤਿਆਰ ਕਰਕੇ ਇਲਾਕੇ ਵਿੱਚ ਭੇਜੀਆਂ ਗਈਆਂ ਸਨ, ਜਿਸ ਤਹਿਤ ਥਾਣਾ ਸਿਟੀ ਤਰਨ ਤਾਰਨ ਦੀ ਪੁਲਸ ਵੱਲੋਂ ਸਪੈਸ਼ਲ ਨਾਕਾਬੰਦੀ ਕੀਤੀ ਗਈ ਸੀ ਤਾਂ ਇੱਕ ਕਾਰ 20 ਨੰਬਰੀ ਪੀਬੀ 46-ਏਏਈ 7515 ਜਮਸਤਪੁਰ ਵਾਲੀ ਸਾਈਡ ਤੋਂ ਆਉਂਦੀ ਦਿਖਾਈ ਦਿੱਤੀ, ਪੁਲਸ ਪਾਰਟੀ ਨੇ ਸਰਚ ਲਾਈਟ ਦੀ ਮਦਦ ਨਾਲ ਰੁਕਣ ਦਾ ਇਸ਼ਾਰਾ ਕੀਤਾ। ਅੱਗੋਂ ਨੌਜਵਾਨ ਨੇ ਕਾਰ ਵਿੱਚੋਂ ਪੁਲਸ ਪਾਰਟੀ ਤੇ ਹਵਾਈ ਫਾਇਰ ਕੀਤਾ, ਫਿਰ ਦੂਸਰਾ ਫਾਇਰ ਕੀਤਾ ਜੋ ਏਐੱਸਆਈ ਗੁਰਦੀਪ ਸਿੰਘ ਦੀ ਪੱਗ ਨੂੰ ਛੂੰਹਦਾ ਹੋਇਆ ਨਿਕਲ ਗਿਆ। ਪੁਲਸ ਪਾਰਟੀ ਵੱਲੋਂ

ਆਪਣੇ ਬਚਾਅ ਲਈ ਜਵਾਬੀ ਫਾਇਰ ਕੀਤੇ ਗਏ ਜੋ ਨੌਜਵਾਨ ਦੀ ਸੱਜੀ ਲੱਤ 'ਤੇ ਲੱਗੀ। ਨੌਜਵਾਨ ਮੌਕੇ 'ਤੇ ਜ਼ਮੀਨ ਪਰ ਡਿੱਗ ਗਿਆ ਅਤੇ ਉਸਦਾ ਪਿਸਤੌਲ ਵੀ ਹੱਥੋਂ ਡਿੱਗ ਪਿਆ, ਜਿਸ ਨੂੰ ਪੁਲਸ ਪਾਰਟੀ ਨੇ ਸਾਥੀ ਕਰਮਚਾਰੀਆ ਦੀ ਮਦਦ ਨਾਲ ਘੇਰਾ ਪਾ ਕੇ ਕਾਬੂ ਕੀਤਾ ਅਤੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਲਵਕਿਰਨ ਸਿੰਘ ਉਰਫ ਲਵ ਉਰਫ ਮੰਗਾ ਪੁੱਤਰ ਸਵਿੰਦਰ ਸਿੰਘ ਵਾਸੀ ਬਾਕੀਪੁਰ ਗਰੀਨ ਐਵੇਨਿਊ ਤਰਨ ਤਾਰਨ ਦੱਸਿਆ।ਲਵਕਿਰਨ ਸਿੰਘ ਲਵ ਮੰਗਾ ਦੀ ਸੱਜੀ ਲੱਤ 'ਤੇ ਗੋਲੀ ਲੱਗਣ ਕਾਰਨ ਉਸ ਨੂੰ ਸਿਵਲ ਹਸਪਤਾਲ ਤਰਨ ਤਾਰਨ ਦਾਖਲ ਕਰਵਾਇਆ ਗਿਆ ਹੈ।ਲਵਕਿਰਨ ਸਿੰਘ ਕੋਲੋਂ ਇੱਕ ਪਿਸਤੌਲ 32 ਬੋਰ, 02 ਖੋਲ ਸਮੇਤ ਮੈਗਜ਼ੀਨ ਅਤੇ 03 ਰੌਂਦ ਜ਼ਿੰਦਾ ਅਤੇ ਇੱਕ ਕਾਰ ਆਈ 20 ਨੰਬਰੀ ਪੀਬੀ46-ਏਏਈ 7515 ਬ੍ਰਾਮਦ ਕਰਕੇ ਮੁੱਕਦਮਾ ਥਾਣਾ ਸਿਟੀ ਤਰਨ ਤਾਰਨ ਦਰਜ ਰਜਿਸਟਰ ਕਰਕੇ ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਦੋਸ਼ੀ ਖਿਲਾਫ ਪਹਿਲਾਂ ਵੀ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮੇ ਦਰਜ ਹਨ ਤੇ ਪੁੱਛ-ਗਿੱਛ ਜਾਰੀ ਹੈ।ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਸਾਹਿਬਜ਼ਾਦਿਆਂ ਤੇ ਮਾਤਾ ਗੁੱਜਰ ਕੌਰ ਦੀ ਯਾਦ 'ਚ ਦੁੱਧ ਦਾ ਲੰਗਰ ਲਗਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸਿੱਧੀ ਵਿਨਾਇਕ ਚੈਰੀਟੇਬਲ ਟਰੱਸਟ ਕਾਦੀਆਂ ਵੱਲੋਂ ਠੀਕਰੀਵਾਲ ਰੋਡ ਤੇ ਸਫਰ-ਏ-ਸ਼ਹਾਦਤ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ, ਉਨ੍ਹਾਂ ਦੇ ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁੱਜਰ ਕੌਰ ਅਤੇ ਹੋਰ ਸਿੰਘਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਬਦਾਮ, ਗਿਰੀਆਂ, ਕਾਜੂ, ਕੇਸਰ ਵਾਲੇ ਦੁੱਧ ਦੇ ਲੰਗਰ ਦੀ ਸੇਵਾ ਕੀਤੀ ਗਈ।ਇਸ ਮੌਕੇ ਡਾਕਟਰ ਸੁਰਿੰਦਰ ਪਾਲ ਨੇ ਕਿਹਾ ਕਿ ਸਾਨੂੰ ਇਸ ਲਾਸਾਨੀ ਸ਼ਹਾਦਤ ਨੂੰ ਸਦਾ ਸਵਾਸ ਸਵਾਸ ਯਾਦ ਰੱਖਣਾ ਚਾਹੀਦਾ ਹੈ ਕਿਉਂਕਿ ਅੱਜ ਅਸੀਂ ਜੋ ਕੁਝ ਵੀ ਹਾਂ, ਉਨ੍ਹਾਂ ਦੀ ਸ਼ਹਾਦਤ ਦੀ ਬਦੌਲਤ ਹਾਂ।ਉਨ੍ਹਾਂ ਦੱਸਿਆ ਕਿ ਸਾਹਿਬਜ਼ਾਦਿਆਂ ਤੇ ਮਾਤਾ ਗੁੱਜਰੀ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਦੁੱਧ ਦਾ ਲੰਗਰ ਵਤਾਇਆ ਗਿਆ ਅਤੇ ਸਰਬੱਤ ਦਾ ਭਲਾ ਮੰਗਿਆ ਗਿਆ।ਇਸ ਮੌਕੇ ਤੇ ਅਰਦਾਸ ਕਰਨ ਉਪਰੰਤ ਬੜੇ ਹੀ ਪਿਆਰ ਸ਼ਰਧਾ ਭਾਵਨਾ ਨਾਲ ਤਿਆਰ ਕੀਤੇ ਗਏ ਬਦਾਮ ਗਿਰੀਆਂ ਕਾਜੂ ਕੇਸਰ ਵਾਲੇ ਦੁੱਧ ਦਾ ਲੰਗਰ ਸੰਗਤ ਨੂੰ ਅਰਪਣ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਕੇਸ਼ ਮਹਾਜਨ, ਧਰਮਵੀਰ ਸਿੰਘ, ਮਨੀਸ਼ ਕੁਮਾਰ, ਨਿਖਿਲ, ਹਰਮਨ ਅਤੇ ਪ੍ਰਾਂਸ਼ੂਲ ਆਦਿ ਹਾਜ਼ਰ ਸਨ।

ਭਗਤਪੁਰਾ ਰੱਬਵਾਲਾ ਵਿਖੇ ਲੱਗੇ ਕੈਂਪ 'ਚ ਲੋਕਾਂ ਨੂੰ ਟੀ ਬੀ ਰੋਗ ਸੰਬੰਧੀ ਕੀਤਾ ਜਾਗਰੂਕ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਭਗਤਪੁਰਾ ਰੱਬਵਾਲਾ ਵਿਖੇ ਟੀ ਬੀ ਦੀ ਬਿਮਾਰੀ ਸਬੰਧੀ ਅਤੇ ਐਨ ਸੀ ਡੀ ਕੈਂਪ ਲਗਾਇਆ ਗਿਆ ਜਿਸ ਵਿੱਚ ਪਿੰਡ ਦੇ ਸਰਪੰਚ ਸਮੇਤ ਪਤਵੰਤੇ ਲੋਕਾਂ ਨੇ ਹਾਜ਼ਰੀ ਭਰੀ। ਇਸ ਦੌਰਾਨ

ਡਾ. ਮਨਪ੍ਰੀਤ ਕੌਰ ਸੀ ਐਚ ਓ ਡੱਲਾ ਵੱਲੋਂ ਟੀ ਬੀ ਦੀ ਬਿਮਾਰੀ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਉਨ੍ਹਾਂ ਦੀ ਜਾਂਚ ਕੀਤੀ ਗਈ। ਨਾਲ ਹੀ ਇਸ ਕੈਂਪ ਵਿੱਚ ਲੋਕਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸ ਸਬੰਧੀ ਡਾ. ਮਨਪ੍ਰੀਤ ਕੌਰ ਨੇ ਲੋਕਾਂ ਨੂੰ ਟੀ ਬੀ ਦੀ ਬਿਮਾਰੀ ਦੇ ਲੱਛਣਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਅੱਗੇ ਦੱਸਿਆ ਕਿ ਜੇਕਰ ਕਿਸੇ ਨੂੰ ਦੋ ਹਫ਼ਤੇ ਤੋਂ ਵੱਧ ਖੰਘ ਹੈ, ਬਲਗਮ ਆ ਰਹੀ ਹੈ, ਵਾਰ-ਵਾਰ ਬੁਖਾਰ ਆ ਰਿਹਾ ਹੈ, ਭਾਰ ਘੱਟ ਹੋਣਾ ਜਾਂ ਭੁੱਖ ਘੱਟ ਲੱਗਣਾ, ਸਾਹ ਵਿੱਚ ਦਿੱਕਤ ਹੋਣਾ ਟੀ.ਬੀ ਦੇ ਲੱਛਣ ਹੋ ਸਕਦੇ ਹਨ ਤਾਂ ਅਜਿਹੇ ਲੱਛਣ ਸਾਹਮਣੇ ਆਉਣ 'ਤੇ ਆਪਣਾ ਡਾਕਟਰੀ ਮੁਆਇਨਾ ਕਰਵਾਇਆ ਜਾਵੇ ਅਤੇ ਸਹੀ ਸਮੇਂ ਸਿਰ ਟੀ.ਬੀ ਦੀ ਪਛਾਣ ਹੋਣ ਤੇ ਮਰੀਜ਼ ਦਾ ਇਲਾਜ਼ ਸ਼ੁਰੂ ਕੀਤਾ ਜਾ ਸਕੇ। ਟੀ.ਬੀ ਦਾ ਇਲਾਜ ਸਰਕਾਰੀ ਸਿਹਤ ਸੰਸਥਾ ਵਿਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਡਾ. ਮਨਪ੍ਰੀਤ ਕੌਰ ਸੀ ਐਚ ਓ ਡੱਲਾ ਦੇ ਨਾਲ ਆਸ਼ਾ ਵਰਕਰ ਕ੍ਰਿਸ਼ਨਾ ਦੇਵੀ, ਪਿੰਡ ਦੇ ਪਤਵੰਤੇ ਲੋਕ ਅਤੇ ਸਰਪੰਚ ਪੰਚ ਆਦਿ ਹਾਜ਼ਰ ਸਨ।

ਨਵੀਂ ਮੁੰਬਈ ਨਗਰ ਪਾਲਿਕਾ ਵੱਲੋਂ ਸ਼ਰਧਾਪੂਰਵਕ ਮਨਾਇਆ ਗਿਆ ਵੀਰ ਬਾਲ ਦਿਵਸ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਨਵੀ ਮੁੰਬਈ ਨਗਰ ਪਾਲਿਕਾ ਵੱਲੋਂ ਚਾਰ ਸਾਹਿਬਜ਼ਾਦਿਆ ਧਰਮ ਦੀ ਰੱਖਿਆ ਲਈ ਦਿੱਤੇ ਸਰਵ ਉੱਚ ਬਲੀਦਾਨ ਨੂੰ ਯਾਦ ਕਰਦੇ ਹੋਏ ਵੀਰ ਬਾਲ ਦਿਵਸ ਸ਼ਰਧਾਪੂਰਵਕ ਮਨਾਇਆ ਗਿਆ ਇਸ ਮੌਕੇ ਤੇ ਮਲਕੀਤ ਸਿੰਘ ਬੱਲ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਦੱਸਿਆ ਕਿ ਦਸ਼ਮੇਸ਼ ਪਿਤਾ ਜੀ ਨੂੰ ਜੁਲਮ ਦੇ ਖਿਲਾਫ ਦੇਸ਼ ਅਤੇ ਕੌਮ ਦੀ ਰੱਖਿਆ ਕਾਰਨ ਆਪਨਾ ਸਾਰਾ ਪਰਿਵਾਰ ਕੁਰਬਾਨ ਕਰ ਦਿੱਤਾ ਪੋਹ ਦਾ ਮਹੀਨਾ ਸਿੱਖ ਧਰਮ ਵਿੱਚ ਬਹੁਤ ਮਹੱਤਵ ਰੱਖਦਾ ਹੈ। ਇਸ ਮਹੀਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪਰਿਵਾਰ ਵਿਛੋੜਾ ਅਤੇ ਸ਼ਹੀਦੀਆਂ ਹੋਈਆਂ ਸਨ ਜਿਹੜੀ ਰਹਿੰਦੀ ਦੁਨੀਆ ਤੱਕ ਲੋਕਾਂ ਨੂੰ ਸੰਬੋਧਨ ਕਰਨ, ਉਨ੍ਹਾਂ ਨੂੰ ਸੱਚ ਦਾ ਸੁਨੇਹਾ ਦੇਣਗੀਆ ਤੇ ਮਾਨਵਤਾ ਲਈ ਪ੍ਰੇਰਨਾ ਬਣੀਆਂ ਰਹਿਣਗੀਆਂ। ਇਸ ਮੌਕੇ ਨਵੀ ਮੁੰਬਈ ਨਗਰ ਪਾਲਿਕਾ ਦੇ ਆਯੋਜਕਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਇਆ ਅਤੇ ਚਾਰ ਸਾਹਿਬਜ਼ਾਦਿਆਂ ਦੇ ਇਤਿਹਾਸ ਨੂੰ ਜਿਉਂਦਾ ਰੱਖਣ ਲਈ ਸ਼ਾਨਦਾਰ ਯਤਨ ਕੀਤੇ। ਇਹ ਸਾਡੇ ਲਈ ਬਹੁਤ ਜ਼ਰੂਰੀ ਹੈ ਕਿ ਉਨ੍ਹਾਂ ਦੀਆਂ ਕਹਾਣੀਆਂ ਹਰ ਘਰ ਤੱਕ ਪਹੁੰਚਣ, ਤਾਂ ਜੋ ਨਵੀ ਪੀੜੀਆਂ ਨੂੰ ਸੱਚਾਈ, ਧੀਰਜ ਅਤੇ ਬਹਾਦਰੀ ਦਾ ਮਾਰਗ ਦਰਸ਼ਨ ਮਿਲ ਸਕੇ। ਬੱਲ ਨੇ ਕਿਹਾ ਕਿ ਅਸੀਂ ਸਾਰੇ ਇਹ ਪ੍ਰਣ ਕਰੀਏ ਕਿ ਸਾਹਿਬਜ਼ਾਦਿਆਂ ਦੇ ਬਲੀਦਾਨ ਨੂੰ ਸਦਾ ਯਾਦ ਰੱਖਾਂਗੇ ਅਤੇ ਉਨ੍ਹਾਂ ਦੇ ਉੱਚੇ ਆਦਰਸ਼ਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਵਾਂਗੇ।

ਗੰਦਗੀ ਦੇ ਲੱਗੇ ਢੇਰ ਕਾਰਨ ਕਸਬਾ ਜੈਂਤੀਪੁਰ ਦੇ ਲੋਕ ਡਾਢੇ ਤੰਗ ਤੇ ਪ੍ਰੇਸ਼ਾਨ

ਵੇਰਕਾ (ਰਾਣਾ)-ਗੰਦਗੀ ਦੇ ਲੱਗੇ ਢੇਰ ਕਾਰਨ ਕਸਬਾ ਜੈਂਤੀਪੁਰ ਦੇ ਵਸਨੀਕ ਡਾਢੇ ਤੰਗ ਤੇ ਪ੍ਰੇਸ਼ਾਨ ਹਨ। ਸਥਾਨਕ ਵਸਨੀਕਾਂ ਲਈ ਘਰੇਲੂ ਅਤੇ ਦੁਕਾਨਦਾਰੀ ਦਾ ਕੂੜਾ ਕਰਕਟ ਸੁੱਟਣ ਵਾਸਤੇ ਕੋਈ ਵੀ ਢੁੱਕਵੀਂ ਥਾਂ ਨਾ ਮੁਹੱਈਆ ਹੋਣ ਕਰਕੇ ਲੋਕ ਮਜਬੂਰੀ ਵੱਸ ਰੇਲਵੇ ਸਟੇਸ਼ਨ ਜੈਂਤੀਪੁਰ ਦੇ ਐਨ ਨਾਲ ਲੱਗਦੀ ਖਾਲੀ ਥਾਂ ਉਪਰ ਹੀ ਕੂੜਾ ਸੁੱਟਦੇ ਹਨ, ਜਿਸ ਨਾਲ ਰੇਲਵੇ ਮੁਸਾਫਿਰ ਅਤੇ ਹੋਰ ਰਾਹਗੀਰ ਉਕਤ ਗੰਦਗੀ ਦੇ ਢੇਰ ਕਾਰਨ ਪ੍ਰੇਸ਼ਾਨ ਹੁੰਦੇ ਹਨ।ਹੋਰ ਤਾਂ ਹੋਰ

28-Dec-PAGE-4.qxd 12/27/2024 10:31 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 28 ਦਸੰਬਰ 2024

ਬਿਹਾਰ ਦੀ ਹਲਚਲ

ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ ਜੈਅੰਤੀ 'ਤੇ ਬਿਹਾਰ 'ਚ ਅਗਲੇ ਸਾਲ ਹੋਣ ਵਾਲੀਆਂ ਚੋਣਾਂ ਤੋਂ ਪਹਿਲਾਂ ਘਟਨਾ-ਚੱਕਰ ਤੇਜ਼ ਹੋ ਗਿਆ ਹੈ। ਬੁੱਧਵਾਰ ਪਟਨਾ ਵਿੱਚ ਰੱਖੇ ਪ੍ਰੋਗਰਾਮ 'ਚ ਭਾਜਪਾ ਆਗੂ ਤੇ ਬਿਹਾਰ ਦੇ ਉਪ ਮੁੱਖ ਮੰਤਰੀ ਵਿਜੇ ਕੁਮਾਰ ਸਿਨਹਾ ਨੇ ਕਿਹਾ ਕਿ ਬਿਹਾਰ 'ਚ ਜਦ ਆਪਣੀ ਸਰਕਾਰ ਬਣੇਗੀ ਤਾਂ ਹੀ ਵਾਜਪਾਈ ਜੀ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਤੋਂ ਬਾਅਦ ਲਾਲੂ ਪ੍ਰਸਾਦ ਯਾਦਵ ਦੇ ਕਰੀਬੀ ਮੰਨੇ ਜਾਂਦੇ ਵਿਧਾਇਕ ਭਾਈ ਵੀਰੇਂਦਰ ਨੇ ਕਹਿ ਦਿੱਤਾ ਕਿ ਸਿਆਸਤ 'ਚ ਕੁਝ ਵੀ ਸੰਭਵ ਹੈ, ਨਿਤੀਸ਼ ਜੀ ਸਾਡੇ ਨਾਲ ਆਉਣਗੇ ਤਾਂ ਸਵਾਗਤ ਕਰਾਂਗੇ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਭਾਜਪਾ ਪ੍ਰਧਾਨ ਜੇ ਪੀ ਨੱਢਾ ਵੱਲੋਂ ਐੱਨ ਡੀ ਏ ਦੇ ਭਾਈਵਾਲਾਂ ਦੀ ਬੁੱਧਵਾਰ ਦਿੱਲੀ 'ਚ ਸੱਦੀ ਗਈ ਮੀਟਿੰਗ ਵਿੱਚ ਨਿਤੀਸ਼ ਸ਼ਾਮਲ ਨਹੀਂ ਹੋਏ। ਨਿਤੀਸ਼ ਤੇ ਲਾਲੂ ਦੇ ਬੇਟੇ ਤੇਜਸਵੀ ਯਾਦਵ ਵਿਚਾਲੇ ਮੁਲਾਕਾਤ ਦੇ ਵੀ ਚਰਚੇ ਹਨ। ਮੋਦੀ ਸਰਕਾਰ ਨੇ ਕੇਰਲਾ ਦੇ ਰਾਜਪਾਲ ਆਰਿਫ ਮੁਹੰਮਦ ਖਾਨ ਨੂੰ ਬਿਹਾਰ ਬਦਲ ਦਿੱਤਾ ਹੈ। ਕਾਂਗਰਸ ਦੇ ਬੁਲਾਰੇ ਰਾਜੇਸ਼ ਰਾਠੌਰ ਨੇ ਕਿਹਾ ਹੈ ਕਿ ਨਿਤੀਸ਼ ਸਰਕਾਰ ਨੂੰ ਨਿਪਟਾਉਣ ਦਾ ਜਾਲ ਵਿਛ ਗਿਆ ਹੈ। ਇਹ ਦਰਸਾ ਰਿਹਾ ਹੈ ਕਿ ਬਿਹਾਰ ਵਿੱਚ ਭਾਜਪਾ ਤੇ ਜਨਤਾ ਦਲ (ਯੂ) ਵਿਚਾਲੇ ਸਭ ਕੁਝ ਠੀਕ-ਠਾਕ ਨਹੀਂ। ਕਿਆਸ ਲਾਏ ਜਾ ਰਹੇ ਹਨ ਕਿ ਜਨਤਾ ਦਲ (ਯੂ) ਤੇ ਲਾਲੂ ਦੇ ਰਾਸ਼ਟਰੀ ਜਨਤਾ ਦਲ ਵਿਚਾਲੇ ਕੁਝ ਪੱਕ ਰਿਹਾ ਹੈ। ਨਿਤੀਸ਼ ਇਸ ਗੱਲੋਂ ਨਾਰਾਜ਼ ਦੱਸੇ ਜਾ ਰਹੇ ਹਨ ਕਿ ਭਾਜਪਾ ਉਨ੍ਹਾ ਨੂੰ ਸੀ ਐੱਮ ਦਾ ਚਿਹਰਾ ਨਹੀਂ ਐਲਾਨ ਰਹੀ। ਸਿਨਹਾ ਦਾ ਇਹ ਬਿਆਨ ਵੀ ਨਿਤੀਸ਼ ਨੂੰ ਚੰਗਾ ਨਹੀਂ ਲੱਗਾ ਹੋਵੇਗਾ ਕਿ ਬਿਹਾਰ 'ਚ ਭਾਜਪਾ ਦੀ ਸਰਕਾਰ ਬਣਾਉਣਾ ਸਾਡਾ ਮਿਸ਼ਨ ਹੈ। ਸਾਡੀ ਅੱਗ ਤੇ ਤੜਪ ਉਦੋਂ ਹੀ ਸ਼ਾਂਤ ਹੋਵੇਗੀ, ਜਦੋਂ ਬਿਹਾਰ 'ਚ ਆਪਣੀ ਸਰਕਾਰ ਹੋਵੇਗੀ। ਭਾਜਪਾ ਦੇ ਕਾਰਕੁਨਾਂ ਨੇ ਬਿਹਾਰ ਨੂੰ ਜੰਗਲ ਰਾਜ ਤੋਂ ਮੁਕਤੀ ਦਿਵਾ ਦਿੱਤੀ ਹੈ, ਪਰ ਮਿਸ਼ਨ ਅਜੇ ਪੂਰਾ ਨਹੀਂ ਹੋਇਆ।

ਅੰਬੇਡਕਰ ਮੁੱਦੇ 'ਤੇ ਆਪੋਜ਼ੀਸ਼ਨ ਪਾਰਟੀਆਂ ਦੇ ਵੱਡੇ ਹਮਲਿਆਂ ਦਾ ਸਾਹਮਣਾ ਕਰ ਰਹੇ ਅਮਿਤ ਸ਼ਾਹ ਵੱਲੋਂ ਦਿੱਲੀ 'ਚ ਕੀਤੀ ਗਈ ਮੀਟਿੰਗ 'ਚ ਮੋਦੀ ਸਰਕਾਰ ਨੂੰ ਹਮਾਇਤ ਦੇ ਰਹੇ ਤੇਲਗੂ ਦੇਸਮ ਪਾਰਟੀ ਦੇ ਆਗੂ ਤੇ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਚੰਦਰਬਾਬੂ ਨਾਇਡੂ ਤੋਂ ਇਲਾਵਾ ਜਨਤਾ ਦਲ (ਐੱਸ) ਦੇ ਐੱਚ ਡੀ ਕੁਮਾਰਸਵਾਮੀ, ਅਨੁਪ੍ਰਿਆ ਪਟੇਲ, ਜੀਤਨ ਰਾਮ ਮਾਂਝੀ ਤੇ ਸੰਜੇ ਨਿਸ਼ਾਦ ਤਾਂ ਸ਼ਾਮਲ ਹੋਏ, ਪਰ ਨਿਤੀਸ਼ ਤੇ ਮਹਾਰਾਸ਼ਟਰ ਦੇ 'ਜ਼ਖਮੀ' ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਗੈਰਹਾਜ਼ਰ ਰਹੇ। ਉਨ੍ਹਾਂ ਦੀਆਂ ਪਾਰਟੀਆਂ ਦੀ ਨੁਮਾਇੰਦਗੀ ਦੂਜੀ ਪਾਲ ਦੇ ਆਗੂਆਂ ਨੇ ਕੀਤੀ। ਸਵਾਲ ਉਠ ਰਹੇ ਹਨ ਕਿ ਆਖਿਰ ਨਿਤੀਸ਼ ਕਿਉਂ ਨਹੀਂ ਆਏ? ਅਮਿਤ ਸ਼ਾਹ ਦੇ ਸੰਸਦ 'ਚ ਬਾਬਾ ਸਾਹਿਬ ਅੰਬੇਡਕਰ ਬਾਰੇ ਬਿਆਨ 'ਤੇ ਮਚੇ ਘਮਸਾਨ ਨੂੰ ਲੈ ਕੇ ਨਿਤੀਸ਼ ਨੇ ਉਨ੍ਹਾ ਦੇ ਹੱਕ ਵਿੱਚ ਕੋਈ ਟਿੱਪਣੀ ਨਹੀਂ ਕੀਤੀ। ਇਸ ਤੋਂ ਪਹਿਲਾਂ ਸ਼ਾਹ ਨੇ ਇੱਕ ਟੀ ਵੀ ਇੰਟਰਵਿਊ 'ਚ ਨਿਤੀਸ਼ ਨੂੰ ਸੀ ਐੱਮ ਦਾ ਚਿਹਰਾ ਐਲਾਨਣ ਬਾਰੇ ਸਵਾਲ 'ਤੇ ਚੁੱਪੀ ਸਾਧ ਲਈ ਸੀ। ਹਾਲ ਹੀ ਵਿੱਚ ਹਾਜੀਪੁਰ ਦੇ ਇੱਕ ਪ੍ਰੋਗਰਾਮ, ਜਿਸ 'ਚ ਤੇਜਸਵੀ ਮੌਜੂਦ ਸਨ, 'ਚ ਰਾਜਦ ਆਗੂ ਸ਼ਕਤੀ ਯਾਦਵ ਨੇ ਕਿਹਾ ਸੀ ਕਿ ਪਾਰਟੀਆਂ ਵਿਚਾਲੇ ਮਤਭੇਦਾਂ ਨਾਲੋਂ ਵੱਧ ਜ਼ਰੂਰੀ ਹੈ ਦੇਸ਼ ਤੇ ਲੋਕਤੰਤਰ। ਬਦਲੇ ਸਿਆਸੀ ਮਾਹੌਲ 'ਚ ਜੇ ਡੀ ਯੂ ਉਨ੍ਹਾਂ ਨਾਲ ਰਲਦੀ ਹੈ ਤਾਂ ਕੋਈ ਹੈਰਾਨੀ ਵਾਲੀ ਗੱਲ ਨਹੀਂ ਹੋਵੇਗੀ।

ਇਨ੍ਹਾਂ ਪ੍ਰਸਥਿਤੀਆਂ 'ਚ ਬਿਹਾਰ ਵਿੱਚ ਕੁਝ ਵੀ ਹੋ ਸਕਦਾ ਹੈ। ਨਿਤੀਸ਼ ਕੁਮਾਰ ਕਿਰਦਾਰ ਹੀ ਅਜਿਹਾ ਹਨ ਕਿ ਪਤਾ ਨਹੀਂ ਕਦੋਂ ਕੀ ਕੌਤਕ ਕਰ ਦੇਣ।

ਸ਼ਹੀਦੀ ਹਫ਼ਤੇ ਦਾ ਸਬਕ !

ਕੌਣ ਮਰਦਾ ਤੇ ਕੌਣ ਸ਼ਹੀਦ ਹੁੰਦਾ,
ਇਹ ਹਫਤਾ ਯਾਦ ਕਰਵਾ ਦਿੰਦਾ।
ਸੱਚੇ-ਸੁੱਚੇ ਸ਼ਹੀਦਾਂ ਦੇ ਵਾਰਸਾਂ ਨੂੰ,
ਕਰਨਾ ਬੀਤੇ 'ਤੇ ਮਾਣ ਸਿਖਾ ਦਿੰਦਾ।
ਧੱਕੇ ਨਾਲ ਕਤਾਰ ਵਿੱਚ ਜੋ ਖੜ੍ਹਦੇ,
ਅਕਸ ਉਨ੍ਹਾਂ ਦੇ ਵੀ ਦਿਖਾ ਦਿੰਦਾ।
ਮਿੱਟੀ ਹੇਠਲੀ ਕਿਸ ਤਰ੍ਹਾਂ ਹੋਏ ਉੱਤੇ,
ਫਾਰਮੂਲਾ ਵੀ ਇਹ ਸਮਝਾ ਦਿੰਦਾ।
ਕਰਾਮਾਤਾਂ ਤੋਂ ਦੂਰ ਇਤਿਹਾਸ ਰੱਖੋ,
ਨੇੜੇ ਆਣ ਨਾ ਦਿਓ ਪਖੰਡੀਆਂ ਨੂੰ।
ਗਾਲ੍ਹਾਂ ਕੱਢ ਕੇ ਜੋ ਨੇ ਮਰਦ ਬਣਦੇ,
ਸੁੱਟੋ ਕੂੜੇ ਦੇ ਵਿੱਚ ਸ਼ਿਖੰਡੀਆਂ ਨੂੰ।

-ਗੁਲਪੁਰ

ਸ਼ਾਂਤੀ ਲਈ ਆਵਾਜ਼ ਬੁਲੰਦ ਕਰਨਾ ਜਾਰੀ ਰੱਖੋ

ਡਾ. ਅਰੁਣ ਮਿੱਤਰਾ

ਇੱਕ ਸਾਲ ਪਹਿਲਾਂ ਜਦੋਂ ਅਸੀਂ ਨਵੇਂ ਸਾਲ 2024 ਵਿੱਚ ਦਾਖਲ ਹੋਏ ਸੀ, ਤਾਂ ਬਹੁਤਿਆਂ ਨੂੰ ਉਮੀਦ ਸੀ ਕਿ ਇਸ ਸਾਲ ਵਿੱਚ ਵਿਸ਼ਵ ਭਰ ਵਿੱਚ ਝਗੜਿਆਂ ਨੂੰ ਠੱਲ੍ਹ ਪਏਗੀ ਅਤੇ ਪ੍ਰਮਾਣੂ ਹਥਿਆਰਾਂ ਦਾ ਖਤਰਾ ਘਟੇਗਾ, ਹਾਲਾਂਕਿ ਇਹ ਉਮੀਦ ਡਰ ਅਤੇ ਸ਼ੱਕ ਨਾਲ ਭਰੀ ਹੋਈ ਸੀ । ਸ਼ਾਂਤੀ ਲਈ ਵਿਸ਼ਵ-ਵਿਆਪੀ ਆਵਾਜ਼ ਦੇ ਬਾਵਜੂਦ ਸਾਲ ਦੇ ਅੰਤ ਵਿੱਚ ਕਿਸੇ ਵੀ ਯੁੱਧ ਵਾਲੇ ਖੇਤਰ ਵਿੱਚ ਜੰਗਬੰਦੀ ਹੁੰਦੀ ਨਹੀਂ ਜਾਪਦੀ। ਜਿੱਥੇ ਕਿ ਮੁਕਾਬਲਤਨ ਸ਼ਾਂਤੀਪੂਰਨ ਖੇਤਰਾਂ ਦੇ ਲੋਕ ਕ੍ਰਿਸਮਸ ਅਤੇ ਨਵੇਂ ਸਾਲ ਦੀ ਸ਼ੁਰੂਆਤ ਦਾ ਜਸ਼ਨ ਮਨਾ ਰਹੇ ਹਨ, ਉਥੇ ਗਾਜ਼ਾ ਦੇ ਬੱਚਿਆਂ ਕੋਲ ਅੱਜ ਕੁਝ ਵੀ ਨਹੀਂ ।ਉਹ ਲਗਭਗ ਭੁੱਲ ਗਏ ਹਨ ਕਿ ਕ੍ਰਿਸਮਸ ਜਾਂ ਈਦ ਆਦਿ ਇਨ੍ਹਾਂ ਸਾਰੇ ਤਿਉਹਾਰਾਂ ਦਾ ਕੀ ਮਤਲਬ ਹੈ। ਉਨ੍ਹਾਂ ਦੀ ਇਕੋ ਇਕ ਇੱਛਾ ਹੈ ਕਿ ਇਜ਼ਰਾਈਲੀ ਹਮਲੇ ਦਾ ਅੰਤ ਹੋਵੇ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ, ਦੋਸਤਾਂ ਅਤੇ ਸਾਥੀਆਂ ਦੀ ਬੇਰਹਿਮੀ ਨਾਲ ਹੱਤਿਆ ਬੰਦ ਹੋਵੇ। ਉਹ ਸਕੂਲ ਅਤੇ ਖੇਡ ਦੇ ਮੈਦਾਨ ਵਿੱਚ ਜਾਣਾ ਚਾਹੁੰਦੇ ਹਨ। ਗਾਜ਼ਾ ਦੇ ਯੁੱਧ ਖੇਤਰ ਤੋਂ ਬਹੁਤ ਦੂਰ ਬੈਠੇ, ਇਹ ਸਮਝ ਤੋਂ ਪਰੇ ਹੈ ਕਿ ਉਹ ਇਸ ਛੋਟੀ ਉਮਰ ਵਿੱਚ ਹਮੇਸ਼ਾ ਡਰ ਵਿੱਚ ਕਿਵੇਂ ਰਹਿੰਦੇ ਹਨ । ਉਹ ਬੇਘਰ ਹਨ, ਬਿਨਾਂ ਕਿਸੇ ਕਸੂਰ ਦੇ ਲੋੜੀਂਦੇ ਭੋਜਨ ਅਤੇ ਇੱਥੋਂ ਤੱਕ ਕਿ ਪਾਣੀ ਤੋਂ ਵੀ ਬਿਨਾਂ । ਇਸੇ ਤਰ੍ਹਾਂ ਇਜ਼ਰਾਈਲੀ ਬੰਧਕਾਂ ਦੇ ਪਰਵਾਰ ਬਹੁਤ ਤਣਾਅ ਵਿੱਚ ਰਹਿ ਰਹੇ ਹਨ ।

ਮਨੁੱਖ ਕਿਸੇ ਸਮੇਂ ਕਿਵੇਂ ਵਿਹਾਰ ਕਰਦਾ ਹੈ ਇਹ ਇਹ ਗੰਭੀਰਤਾ ਨਾਲ ਸੋਚਣ ਵਾਲੀ ਗੱਲ ਹੈ। ਯਹੂਦੀਆਂ ਨੂੰ ਨਾਜ਼ੀਆਂ ਨੇ ਨਜ਼ਰਬੰਦੀ ਕੈਂਪਾਂ ਵਿੱਚ ਤਸੀਹੇ ਦਿੱਤੇ ਸਨ, ਪਰ ਹੁਣ ਜ਼ਾਇਨਿਸਟ (ਜਾਇਨਵਾਦੀ) ਉਹੀ ਰਣਨੀਤੀ ਅਪਣਾ ਰਹੇ ਹਨ, ਫਲਸਤੀਨੀਆਂ ਵਿਰੁੱਧ ਨਫ਼ਰਤ ਫੈਲਾ ਰਹੇ ਹਨ, ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਦਾ ਘਾਣ ਕਰ ਰਹੇ ਹਨ ਅਤੇ ਵਿਸ਼ਵ ਭਰ ਦੇ ਦੇਸ਼ਾਂ ਅਤੇ ਯੂ ਐੱਨ ਓ ਦੁਆਰਾ ਜੰਗਬੰਦੀ ਦੀ ਅਪੀਲ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੇ ਹਨ । ਅੰਤਰਰਾਸ਼ਟਰੀ ਅਦਾਲਤ ਅਤੇ ਅੰਤਰਰਾਸ਼ਟਰੀ ਅਪਰਾਧਿਕ ਅਦਾਲਤ ਨੇ ਇਜ਼ਰਾਈਲ ਨੂੰ ਗਾਜ਼ਾ ਵਿਚ ਨਸਲਕੁਸ਼ੀ ਕਰਨ ਲਈ ਦੋਸ਼ੀ ਠਹਿਰਾਇਆ ਹੈ, ਪਰ ਜ਼ਾਇਨਿਸਟ ਸ਼ਾਸਨ ਨੇ ਇਸ ਨੂੰ ਪੂਰੀ ਤਰ੍ਹਾਂ ਨਜ਼ਰ-ਅੰਦਾਜ਼ ਕਰ ਦਿੱਤਾ ਹੈ। ਅਮਰੀਕਾ ਅਤੇ ਕੁਝ ਪੱਛਮੀ ਦੇਸ਼ਾਂ ਨੂੰ ਛੱਡ ਕੇ ਪੂਰੀ ਦੁਨੀਆ ਮੱਧ ਪੂਰਬ 'ਚ ਸ਼ਾਂਤੀ ਲਈ ਤਰਸ ਰਹੀ ਹੈ । 1948 ਦੇ ਨਕਬਾ ਨੂੰ ਦੁਹਰਾਇਆ ਜਾ ਰਿਹਾ ਹੈ, ਪਰ ਇਸ ਵਾਰ ਦੁਨੀਆ ਆਪਣੇ ਘਰਾਂ ਵਿੱਚ ਬੈਠੇ ਟੈਲੀਵੀਜ਼ਨ 'ਤੇ ਮੌਤ ਦਾ ਨੰਗਾ ਨਾਚ ਦੇਖ ਰਹੀ ਹੈ। ਬੰਬਾਰੀ ਨੇ 15 ਲੱਖ ਤੋਂ ਵੱਧ ਲੋਕਾਂ ਨੂੰ ਬੇਘਰ ਕਰ ਦਿੱਤਾ ਹੈ, ਜਿਸ ਨਾਲ ਸਾਫ ਪਾਣੀ, ਡਾਕਟਰੀ ਦੇਖਭਾਲ ਅਤੇ ਪਨਾਹ ਤੱਕ ਪਹੁੰਚ ਬੁਰੀ ਤਰ੍ਹਾਂ ਸੀਮਤ ਹੋ ਗਈ ਹੈ, ਜਿਸ ਦੇ ਨਤੀਜੇ ਵਜੋਂ ਹਜ਼ਾਰਾਂ ਮੌਤਾਂ ਹੋਈਆਂ ਹਨ।

ਸੀਰੀਆ ਦੀ ਹਾਲਤ ਤਾਂ ਹੋਰ ਵੀ ਗੰਭੀਰ ਹੈ। ਸੀਰੀਆ ਦੇ ਲਗਭਗ 1.4 ਕਰੋੜ ਲੋਕ ਸ਼ਰਨਾਰਥੀ ਹੋ ਗਏ ਹਨ । ਇਜ਼ਰਾਈਲ ਦੇ ਹਮਲਿਆਂ ਕਾਰਨ ਹੁਣ ਸੀਰੀਆ ਅਤੇ ਲੇਬਨਾਨ ਵਿੱਚ ਵੀ ਮੌਤਾਂ ਹੋ ਰਹੀਆਂ ਹਨ ।

ਯੂਕਰੇਨ ਦੀ ਸਥਿਤੀ ਵੀ ਬਿਹਤਰ ਨਹੀਂ । ਲਗਭਗ 2.4 ਕਰੋੜ ਲੋਕਾਂ ਨੂੰ ਤੁਰੰਤ ਮਨੁੱਖੀ ਸਹਾਇਤਾ ਦੀ ਲੋੜ ਹੈ ਅਤੇ 63 ਲੱਖ ਤੋਂ ਵੱਧ ਲੋਕ ਆਪਣੇ ਹੀ ਦੇਸ਼ ਦੇ ਅੰਦਰ ਸ਼ਰਨਾਰਥੀ ਹਨ। ਬਹੁਤ ਸਾਰੇ ਜ਼ਰੂਰੀ ਦਵਾਈਆਂ ਅਤੇ ਭੋਜਨ ਦੀ ਜਾਨਲੇਵਾ ਘਾਟ ਦਾ ਸਾਹਮਣਾ ਕਰ ਰਹੇ ਹਨ । ਗੁਆਂਢੀ ਦੇਸ਼ਾਂ ਵਿੱਚ ਸ਼ਰਨਾਰਥੀਆਂ ਵਜੋਂ ਰਹਿ ਰਹੇ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦੀਆਂ ਵਾਰ-ਵਾਰ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਪ੍ਰਮਾਣੂ ਊਰਜਾ ਪਲਾਂਟਾਂ 'ਤੇ ਖਤਰਾ ਅਜੇ ਖਤਮ ਨਹੀਂ ਹੋਇਆ ।

ਅਫਰੀਕਾ ਦੇ ਕਈ ਦੇਸ਼ ਅੰਦਰੂਨੀ ਝਗੜਿਆਂ ਵਿੱਚ ਉਲਝੇ ਹੋਏ ਹਨ ਅਤੇ ਉਹ ਰੂਸ-ਯੂਕਰੇਨ ਯੁੱਧ ਦੇ ਨਤੀਜੇ ਵਜੋਂ ਭੋਜਨ ਦੇ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਹਨ । ਸੂਡਾਨ ਦੀ ਲਗਭਗ ਅੱਧੀ ਆਬਾਦੀ ਭੁੱਖਮਰੀ ਦਾ ਸ਼ਿਕਾਰ ਹੈ। ਬੁਰਕੀਨਾ ਫਾਸੋ, ਕੈਮਰੂਨ, ਮੱਧ ਅਫਰੀਕੀ ਗਣਰਾਜ (ਸੀ ਏ ਆਰ), ਕਾਂਗੋ ਲੋਕਤੰਤਰੀ ਗਣਰਾਜ, ਇਥੋਪੀਆ, ਮਾਲੀ, ਮੋਜ਼ੰਬੀਕ, ਨਾਈਜੀਰੀਆ, ਸੈਨੇਗਲ, ਸੋਮਾਲੀਆ, ਦੱਖਣੀ ਸੂਡਾਨ ਅਤੇ ਸੂਡਾਨ ਦੇ ਹਾਲਾਤ ਗੰਭੀਰ ਚਿੰਤਾ ਦੇ ਮੁੱਦੇ ਹਨ । ਇਹਨਾਂ ਦੇਸ਼ਾਂ ਨੂੰ ਜੰਗਬੰਦੀ ਅਤੇ ਮਨੁੱਖੀ ਸਹਾਇਤਾ ਦੀ ਤੁਰੰਤ ਲੋੜ ਹੈ।

ਯੂਕਰੇਨ ਜਾਂ ਮੱਧ ਪੂਰਬ ਵਿਚ ਚੱਲ ਰਹੇ ਇਨ੍ਹਾਂ ਵੱਡੇ ਸੰਘਰਸ਼ਾਂ ਵਿਚ ਬਾਹਰੀ ਧਿਰਾਂ ਦੀ ਸ਼ਮੂਲੀਅਤ ਸਪੱਸ਼ਟ ਹੈ । ਰੂਸ ਨੇ ਦੋਸ਼ ਲਾਇਆ ਹੈ ਕਿ ਯੂਕਰੇਨ ਅਮਰੀਕਾ ਦੁਆਰਾ ਸਪਲਾਈ ਕੀਤੀਆਂ ਗਈਆਂ ਮਿਜ਼ਾਈਲਾਂ ਵਰਤ ਕੇ ਰੂਸ ਦੇ ਨਾਗਰਿਕ ਟਿਕਾਣਿਆਂ 'ਤੇ ਹਮਲੇ ਕਰ ਰਿਹਾ ਹੈ । ਇਸ ਨੇ ਸਥਿਤੀ ਹੋਰ ਗੁੰਝਲਦਾਰ ਬਣਾ ਦਿੱਤੀ ਹੈ ।ਮਿਲਟਰੀ ਇੰਡਸਟਰੀਅਲ ਕੰਪਲੈਕਸ (ਹਥਿਆਰ ਬਣਾਉਣ ਵਾਲੇ ਉਦਯੋਗ ਸਮੂਹ) ਬੇਕਸੂਰ ਜਾਨਾਂ ਦੀ ਕੀਮਤ 'ਤੇ ਭਾਰੀ ਮੁਨਾਫਾ ਕਮਾ ਰਹੇ ਹਨ ।ਨਾਟੋ ਰੂਸ-ਯੂਕਰੇਨ ਯੁੱਧ ਵਿਚ ਸਿੱਧੇ ਤੌਰ 'ਤੇ ਸ਼ਾਮਲ ਹੈ, ਜਦਕਿ ਪੱਛਮੀ ਦੇਸ਼ਾਂ ਦੇ ਸਮਰਥਨ ਨਾਲ-ਨਾਲ ਅਮਰੀਕਾ ਦੀ ਮੱਧ ਪੂਰਬ ਵਿਚ ਸਿੱਧੀ ਸ਼ਮੂਲੀਅਤ ਹੈ । ਇਜ਼ਰਾਈਲ ਨੇ ਸੀਰੀਆ ਦੇ ਗੋਲਾਨ ਹਾਈਟਸ ਦੇ ਵੱਡੇ ਹਿੱਸੇ 'ਤੇ ਕਬਜ਼ਾ ਕਰ ਲਿਆ ਹੈ । ਸੀਰੀਆ, ਜਦੋਂ ਕਿ ਅੱਜ ਤੱਕ ਆਪਣੀ ਧਰਮ ਨਿਰਪੱਖ ਪ੍ਰਮਾਣਿਕਤਾ ਲਈ ਜਾਣਿਆ ਜਾਂਦਾ ਰਿਹਾ ਹੈ, ਵਿੱਚ ਕ੍ਰਿਸਮਸ ਦੇ ਰੁੱਖ ਨੂੰ ਸਾੜਨ ਦੀਆਂ ਖ਼ਬਰਾਂ ਆ ਰਹੀਆਂ ਹਨ। ਅਮਰੀਕਾ, ਜੋ ਹੁਣ ਤੱਕ ਸੀਰੀਆ ਦੇ ਮੌਜੂਦਾ ਸ਼ਾਸਕਾਂ ਨੂੰ ਅੱਤਵਾਦੀ ਕਹਿੰਦਾ ਸੀ, ਦੇ ਨਾਲ ਕੂਟਨੀਤਕ ਸੰਬੰਧ ਸਥਾਪਤ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ ।

ਸੰਭਾਵਤ ਟਰੰਪ ਪ੍ਰਸ਼ਾਸਨ ਵੱਲੋਂ ਹਾਲ ਹੀ ਵਿੱਚ ਸਾਹਮਣੇ ਆਏ ਬਿਆਨ ਆਪਾ ਵਿਰੋਧੀ ਹਨ ।ਸੱਤਾ 'ਤੇ ਕਾਬਜ਼ ਹੋਣ ਤੋਂ ਬਾਅਦ ਟਰੰਪ ਦਾ ਰੁਖ ਬਦਲਿਆ ਹੋਏਗਾ ਜਾਂ ਉਹ ਬਾਈਡੇਨ ਪ੍ਰਸ਼ਾਸਨ ਵਾਂਗ ਹੀ ਬਿਆਨਬਾਜ਼ੀ ਜਾਰੀ ਰੱਖੇਗਾ? ਹਾਲ ਹੀ ਵਿੱਚ ਉਸ ਨੇ ਕਿਹਾ ਹੈ ਕਿ ਉਹ ਪਨਾਮਾ ਨਹਿਰ ਨੂੰ ਅਮਰੀਕਾ ਦੇ ਕੰਟਰੋਲ ਵਿੱਚ ਲਿਆਉਣ ਦੀ ਕੋਸ਼ਿਸ਼ ਕਰੇਗਾ । ਇਸ ਨਾਲ ਅਮਰੀਕੀ ਮਹਾਂਦੀਪ 'ਚ ਤਣਾਅ ਵਧੇਗਾ ।ਉਨ੍ਹਾ ਇਜ਼ਰਾਈਲੀ ਹਮਲੇ 'ਤੇ ਕੋਈ ਸਖਤ ਰੁਖ ਨਹੀਂ ਅਪਣਾਇਆ ਹੈ । ਉਸ ਨੇ ਹੀ ਆਪਣੇ ਰਾਸ਼ਟਰਪਤੀ ਦੇ ਪਿਛਲੇ ਕਾਲ ਵਿੱਚ ਈਰਾਨ ਨਾਲ ਸਮਝੌਤਾ ਤੋੜਿਆ ਸੀ ।ਹੁਣ ਇਜ਼ਰਾਈਲ ਖੁੱਲ੍ਹੇਆਮ ਈਰਾਨ ਨੂੰ ਕੱਟੜ ਦੁਸ਼ਮਣ ਕਹਿ ਰਿਹਾ ਹੈ।

ਦੱਖਣੀ ਏਸ਼ੀਆ ਵੀ ਅਨਿਸਚਿਤ ਸਮੇਂ ਦਾ ਸਾਹਮਣਾ ਕਰ ਰਿਹਾ ਹੈ । ਹਾਲਾਂਕਿ ਸ੍ਰੀਲੰਕਾ ਦੀ ਸਥਿਤੀ ਨੇ ਕੁਝ ਰਾਹਤ ਦਿੱਤੀ ਹੈ, ਪਰ ਪਾਕਿਸਤਾਨ, ਭਾਰਤ ਅਤੇ ਹੁਣ ਬੰਗਲਾਦੇਸ਼ ਵਿਚ ਕੱਟੜਵਾਦ ਦਾ ਵਧਣਾ ਚਿੰਤਾ ਦਾ ਵਿਸ਼ਾ ਹੈ ।

ਅਜੋਕੇ ਸਮੇਂ ਵਿੱਚ ਕੁਝ ਹਾਂ-ਪੱਖੀ ਗੱਲਾਂ ਵੀ ਹੋਈਆਂ ਹਨ। ਬ੍ਰਿਕਸ ਦਾ ਹੁਣੇ-ਹੁਣੇ ਹੋਇਆ ਸੰਮੇਲਨ ਇਕ ਆਸ ਦੀ ਕਿਰਨ ਹੈ। ਇਸ ਤੋਂ ਇਲਾਵਾ ਅੱਜ ਬਹੁਤ ਸਾਰੇ ਦੇਸ਼ ਡਾਲਰ ਤੋਂ ਹਟ ਕੇ ਆਪਣੀਆਂ ਕਰੰਸੀਆਂ ਵਿੱਚ ਵਪਾਰ ਕਰਨ ਲਈ ਉਤਸਕ ਹਨ, ਪਰ ਸਾਮਰਾਜੀ ਦੇਸ਼ ਇਹਨਾਂ ਕੋਸ਼ਿਸ਼ਾਂ 'ਤੇ ਸਾਜ਼ਿਸ਼ੀ ਢੰਗ ਨਾਲ ਸੇਂਧ ਲਾਉਣ ਦੀ ਕੋਸ਼ਿਸ਼ ਕਰਨਗੇ ।

ਇਸ ਲਈ ਮੌਜੂਦਾ ਸਮੇਂ ਸ਼ਾਂਤੀ ਅੰਦੋਲਨ ਨੂੰ ਬਹੁਤ ਚੁਣੌਤੀਪੂਰਨ ਕੰਮ ਕਰਨੇ ਹਨ । ਹਥਿਆਰਾਂ ਦੀ ਦੌੜ ਨੂੰ ਉਤਸ਼ਾਹਤ ਕਰਨ ਵਾਲੀਆਂ ਤਾਕਤਾਂ ਦਾ ਮੁਕਾਬਲਾ ਕਰਨ ਲਈ ਵੱਖ-ਵੱਖ ਸਮੂਹਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਇਕਜੁੱਟ ਹੋਣਾ ਚਾਹੀਦਾ ਹੈ । ਸਾਨੂੰ ਪ੍ਰਮਾਣੂ ਹਥਿਆਰ ਰੱਖਣ ਵਾਲੇ ਦੇਸ਼ਾਂ 'ਤੇ ਜੁਲਾਈ 2017 ਵਿੱਚ ਸੰਯੁਕਤ ਰਾਸ਼ਟਰ ਮਹਾਂ ਸਭਾ ਵੱਲੋਂ ਪਾਸ ਕੀਤੀ ਗਈ ਪਰਮਾਣੂ ਹਥਿਆਰਾਂ 'ਤੇ ਪਾਬੰਦੀ ਸੰਧੀ (TPNW- Treaty on the Prohibition of Nuclear Weapons) ਵਿੱਚ ਸ਼ਾਮਿਲ

28-DEC-PAGE-5.qxd 12/27/2024 10:23 PM Page 1

ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਅਰਦਾਸ ਉਪਰੰਤ ਸ਼ਹੀਦੀ ਸਭਾ ਸੰਪੰਨ

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਇਤਿਹਾਸਕ ਸ਼ਹੀਦੀ ਨਗਰ ਕੀਰਤਨ ਸਜਾਇਆ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਇਤਿਹਾਸਕ ਤੇ ਪਵਿੱਤਰ ਅਸਥਾਨ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਸਭਾ ਇਤਿਹਾਸਕ ਤੇ ਸ਼ਹੀਦੀ ਨਗਰ ਕੀਰਤਨ ਦੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਪੁੱਜਣ 'ਤੇ ਅਰਦਾਸ ਉਪਰੰਤ ਰਸਮੀ ਤੌਰ 'ਤੇ ਸੰਪੰਨ ਹੋਈ।

ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਹਲਕਾ ਬੱਸੀ ਪਠਾਣਾਂ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਜੈ ਸਿੰਘ ਲਿਬੜਾ, ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਨਤਮਸਤਕ ਹੋ ਕੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀਆਂ ਅਜ਼ੀਮ ਸ਼ਹਾਦਤਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਦੀ ਅਰੰਭਤਾ ਤੋਂ ਪਹਿਲਾਂ ਸਵੇਰੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਵੱਲੋਂ ਇਤਿਹਾਸਕ ਕਥਾ ਤੇ ਅਰਦਾਸ ਕੀਤੀ ਗਈ।ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਪਹਿਲਾਂ ਸੰਗਤੀ ਰੂਪ ਵਿੱਚ ਪਾਠ ਕੀਤਾ ਤੇ ਅਰਦਾਸ ਉਪਰੰਤ ਹੁਕਮਨਾਮਾ ਲਿਆ।ਇਸ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ਼ਰਧਾਲੂ ਸੰਗਤਾਂ ਦੀ ਵਿਸ਼ਾਲ ਸ਼ਮੂਲੀਅਤ ਨਾਲ ਸ਼ਹੀਦੀ ਨਗਰ ਕੀਰਤਨ ਅਰੰਭ ਹੋਇਆ।ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਨੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ।ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦਾ ਕੀਰਤਨ ਹੋਇਆ ਤੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰ ਕੀਤੀ।ਇਸ ਦੌਰਾਨ ਸੰਗਤੀ ਰੂਪ ਵਿੱਚ ਪਾਠ ਮਗਰੋਂ ਗਿਆਨੀ ਹਰਪਾਲ ਸਿੰਘ ਨੇ ਅਰਦਾਸ ਕੀਤੀ।ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਇਆ, ਜਿਸ ਦੀ ਸਮਾਪਤੀ ਸਮੇਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਜਾਏ ਗਏ ਗੁਰਮਤਿ ਸਮਾਗਮ ਵਿੱਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ।ਇਸ ਮੌਕੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੋਹਿਲਾ ਸਾਹਿਬ ਦਾ ਪਾਠ ਕੀਤਾ।ਸਮਾਪਤੀ ਦੀ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਕੀਤੀ।

ਸਾਈਬਰ ਠੱਗੀ ਦਾ ਸ਼ਿਕਾਰ ਹੋਏ ਲੋਕਾਂ ਦੇ 44 ਲੱਖ ਰੁਪਏ ਪੁਲਸ ਨੇ ਵਾਪਸ ਕਰਵਾਏ

■ 160 ਦੇ ਕਰੀਬ ਗੁੰਮ ਹੋਏ ਮੋਬਾਇਲ ਫੋਨ ਵੀ ਟਰੇਸ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਦੇ ਹਵਾਲੇ ਕੀਤੇ

ਫਰੀਦਕੋਟ (ਐਲਿਗਜੈਂਡਰ ਡਿਸੂਜਾ)

ਸ੍ਰੀ ਰਾਜ ਕੁਮਾਰ ਡੀ.ਐੱਸ.ਪੀ. (ਹੋਮੇਸਾਈਡ ਐਂਡ ਫੌਰੈਂਸਿਕ) ਫਰੀਦਕੋਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਥਾਣਾ ਸਾਈਬਰ ਕ੍ਰਾਈਮ ਫਰੀਦਕੋਟ ਵੱਲੋਂ ਸਾਈਬਰ ਠੱਗੀ ਦਾ ਸ਼ਿਕਾਰ ਹੋਏ ਲੋਕਾਂ ਦੇ ਪੈਸੇ ਉਨ੍ਹਾਂ ਨੂੰ ਵਾਪਸ ਕਰਵਾਏ ਜਾ ਰਹੇ ਹਨ, ਜਿਸ ਤਹਿਤ ਥਾਣਾ ਸਾਈਬਰ ਕ੍ਰਾਈਮ ਵੱਲੋਂ ਹੁਣ ਤੱਕ ਵੱਖ-ਵੱਖ ਕੇਸਾਂ ਵਿੱਚ ਕੁੱਲ 44,00,654/- ਰੁਪਏ ਵਾਪਸ ਕਰਵਾਏ ਗਏ ਹਨ। ਇੰਸਪੈਕਟਰ ਅਮਰਿੰਦਰ ਸਿੰਘ ਇੰਚਾਰਜ ਥਾਣਾ ਸਾਈਬਰ ਕ੍ਰਾਈਮ ਫਰੀਦਕੋਟ ਦੀ ਨਿਗਰਾਨੀ ਹੇਠ ਰਜਨੀ ਪੁੱਤਰੀ ਹਰਮੇਸ਼ ਸਿੰਘ ਦੇ 1,95,000/- ਰੁਪਏ, ਸੂਰਤ ਸਿੰਘ ਪੁੱਤਰ ਇੰਦਰ ਸਿੰਘ ਦੇ 6,50,000/- ਰੁਪਏ, ਚਰਨਜੀਤ ਸਿੰਘ ਪੁੱਤਰ ਸੰਦੂਰਾ ਸਿੰਘ ਨੂੰ 3,27,000/- ਰੁਪਏ, ਕੁਸ਼ਵਿੰਦਰ ਸਿੰਘ ਪੁੱਤਰ ਹਰਦੀਪ ਸਿੰਘ ਨੂੰ 85,620/- ਰੁਪਏ, ਵਿਨੋਦ ਕੁਮਾਰ ਨੂੰ 10,090/- ਰੁਪਏ, ਪਵਨਦੀਪ ਸਿੰਘ ਨੂੰ 20,000/- ਰੁਪਏ, ਸਾਰਥਕ ਸ਼ਰਮਾ ਨੂੰ 6,000/- ਰੁਪਏ, ਰੂਬੀ ਭਟਨਾਗਰ ਨੂੰ 1,65,000/- ਰੁਪਏ ਤੇ ਮਹਿੰਗਾ ਸਿੰਘ ਨੂੰ 1,03,000/- ਰੁਪਏ ਵਾਪਸ ਕਰਵਾਏ ਗਏ ਹਨ। ਇਨ੍ਹਾਂ ਵਿੱਚੋਂ ਸੂਰਤ ਸਿੰਘ ਨਾਮ ਦੇ ਵਿਅਕਤੀ, ਜੋ ਕਿ ਅਨਪੜ੍ਹ ਸੀ, ਦੀ ਅਨਪੜ੍ਹਤਾ ਦਾ ਫਾਇਦਾ ਉਠਾ ਕੇ ਉਸ ਦੇ ਗੁਆਂਢ ਰਹਿੰਦੇ ਇੱਕ ਵਿਅਕਤੀ ਵੱਲੋਂ ਉਸ ਦੇ ਮੋਬਾਇਲ ਦਾ ਇਸਤੇਮਾਲ ਕਰਕੇ ਉਸ ਦੇ ਖਾਤੇ ਵਿੱਚੋਂ ਗੂਗਲ ਪੇਅ ਰਾਹੀਂ ਧੋਖੇ ਨਾਲ ਆਪਣੇ ਖਾਤੇ ਵਿੱਚ 10,00,000/- ਰੁਪਏ ਪਾ ਲਏ ਸਨ, ਜਿਸ 'ਤੇ ਥਾਣਾ ਸਾਈਬਰ ਕ੍ਰਾਈਮ ਵੱਲੋਂ ਕਾਰਵਾਈ ਕਰਦੇ ਹੋਏ ਉਸ ਦੇ ਪੈਸੇ ਵਾਪਸ ਕਰਵਾਏ ਗਏ। ਪਿੰਡ ਜਿਉਣ ਵਾਲੇ ਨਾਲ ਸਬੰਧਤ ਚਰਨਜੀਤ ਸਿੰਘ ਦੇ ਇੱਕ ਕਰੀਬੀ ਨੇ ਉਸ ਨਾਲ 3,27,000/- ਰੁਪਏ ਦੀ ਠੱਗੀ ਮਾਰੀ ਸੀ, ਜੋ ਥਾਣਾ ਸਾਈਬਰ ਕ੍ਰਾਈਮ ਫਰੀਦਕੋਟ ਦੀ ਚੰਗੀ ਕਾਰ-ਗੁਜ਼ਾਰੀ ਕਰਕੇ ਉਸ ਦੀ ਮਿਹਨਤ ਦੀ ਰਕਮ ਵਾਪਸ ਕਰਵਾਈ ਗਈ। ਇਕਬਾਲ ਸਿੰਘ ਨਾਲ ਕੁੱਲ 10,60,000/- ਰੁਪਏ ਦੀ ਠੱਗੀ ਹੋਈ ਸੀ, ਜਿਸ 'ਤੇ ਸਾਈਬਰ ਕ੍ਰਾਈਮ ਥਾਣੇ ਵੱਲੋਂ ਕਾਰਵਾਈ ਕਰਦੇ ਹੋਏ ਮਾਨਯੋਗ ਅਦਾਲਤ ਵੱਲੋਂ ਸਪੁਰਦਾਰੀ ਹਾਸਲ ਕਰਕੇ ਉਸ ਦੇ ਪੈਸੇ ਵਾਪਸ ਕਰਵਾਏ ਗਏ। ਇੱਕ ਲੜਕੀ ਨੇ ਇੱਕ ਤਾਂਤਰਿਕ ਦੇ ਝਾਂਸੇ ਵਿੱਚ ਆ ਕੇ 2,00,000/- ਰੁਪਏ ਦਿੱਤੇ ਸਨ, ਜਿਸ 'ਤੇ ਤੁਰੰਤ ਕਾਰਵਾਈ ਕਰਦੇ ਹੋਏ 1,95,000/- ਰੁਪਏ ਵਾਪਸ ਕਰਵਾਏ ਹਨ। ਥਾਣਾ ਸਾਈਬਰ ਕ੍ਰਾਈਮ ਫਰੀਦਕੋਟ ਵੱਲੋਂ ਹੁਣ ਤੱਕ 28,73,208/- ਰੁਪਏ ਵਾਪਸ ਕਰਵਾਏ ਜਾ ਚੁੱਕੇ ਹਨ। ਇਸ ਦੇ ਨਾਲ ਹੀ ਮਾਨਯੋਗ ਅਦਾਲਤ ਦੇ ਹੁਕਮਾਂ ਰਾਹੀਂ 4 ਕੇਸਾਂ ਵਿੱਚ ਕੁੱਲ 15,27,446/- ਰੁਪਏ ਵਾਪਸ ਕਰਵਾਏ ਗਏ ਹਨ ਤੇ ਇਸ ਤੋਂ ਇਲਾਵਾ ਹੋਰ 46,61,458.99/- ਰੁਪਏ ਵਾਪਸ ਕਰਵਾਉਣ ਸਬੰਧੀ ਮਾਮਲੇ ਅਦਾਲਤ ਵਿੱਚ ਚੱਲ ਰਹੇ ਹਨ। ਇਸ ਦੇ ਨਾਲ ਹੀ ਥਾਣਾ ਸਾਈਬਰ ਕ੍ਰਾਈਮ ਵੱਲੋਂ ਹੁਣ ਤੱਕ 160 ਤੋਂ ਜ਼ਿਆਦਾ ਮੋਬਾਇਲ ਫੋਨ ਰਿਕਵਰ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਹਵਾਲੇ ਕੀਤੇ ਗਏ।

ਕਾਤਰਾਂ

ਮਾਤਾ ਗੁਜਰੀ ਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸੰਬੰਧਤ ਸਲੋਗਨ ਮੁਕਾਬਲੇ ਕਰਵਾਏ

ਦੋਰਾਹਾ (ਹਰਮਿੰਦਰ ਸੇਠ)-ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਰਹਿਨੁਮਾਈ ਤੇ ਸਕੱਤਰ ਵਿੰਦਿਆ ਸ੍ਰ. ਸੁਖਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਅਧੀਨ ਚੱਲ ਰਹੇ ਮਾਤਾ ਗੰਗਾ ਖਾਲਸਾ ਕਾਲਜ ਮੰਜੀ ਸਾਹਿਬ ਕੋਟਾਂ ਵਿਖੇ ਪ੍ਰਿੰਸੀਪਲ ਡਾ: ਗਗਨਦੀਪ ਸਿੰਘ ਦੀ ਸੁਯੋਗ ਅਗਵਾਈ ਹੇਠ ਮਾਤਾ ਗੰਗਾ ਖਾਲਸਾ ਕਲਜੀਏਟ ਸੀਨੀ. ਸੈਕੰ. ਸਕੂਲ ਦੇ ਵਿਦਿਆਰਥੀਆਂ ਵਿੱਚ 'ਸ਼ਹੀਦੀ ਪੰਦਰਵਾੜੇ' ਨੂੰ ਸਮਰਪਿਤ ਮਾਤਾ ਗੁਜਰ ਕੌਰ ਤੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਸੰਬੰਧਤ 'ਸਲੋਗਨ ਲਿਖਣ ਮੁਕਾਬਲਾ' ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ 15 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਓਂਕਾਰ ਸਿੰਘ ਨੇ ਪਹਿਲਾ ਸਥਾਨ, ਖੁਸ਼ੀ ਕੁਮਾਰੀ ਨੇ ਦੂਜਾ ਸਥਾਨ ਅਤੇ ਰਮਨਦੀਪ ਕੌਰ ਤੇ ਹਰਜੋਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਸਾਹਿਬ ਦੁਆਰਾ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿੱਖ-ਸਿਧਾਂਤ, ਗੁਰ ਇਤਿਹਾਸ ਤੇ ਸ਼ਹਾਦਤਾਂ ਦੇ ਲਾਸਾਨੀ ਸਫ਼ਰ ਬਾਰੇ ਵਿਚਾਰ ਸਾਂਝੇ ਕਰਦਿਆਂ ਇਸ ਅਦੁੱਤੀ ਇਤਿਹਾਸ ਤੋਂ ਪ੍ਰੇਰਣਾ ਲੈਣ ਲਈ ਜਾਗ੍ਰਿਤ ਕੀਤਾ।

ਸਾਹਿਤਕ ਸਮਾਗਮ ਤੇ ਜਨਰਲ ਅਜਲਾਸ ਭਲਕੇ

ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ ਵੱਲੋਂ 29 ਦਸੰਬਰ ਨੂੰ ਸਵੇਰੇ 10:00 ਵਜੇ ਲੇਖਕ ਭਵਨ ਸੰਗਰੂਰ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਹੋ ਰਿਹਾ ਹੈ, ਜਿਸ ਵਿਚ ਕਵਿੱਤਰੀ ਮਨਜੀਤ ਇੰਦਰਾ ਸਾਹਿਤਕਾਰਾਂ ਦੇ ਰੂ ਬ ਰੂ ਹੋਣਗੇ। ਪ੍ਰੈਸ ਸਕੱਤਰ ਅਮਨ ਜੱਖਲਾਂ ਨੇ ਦੱਸਿਆ ਕਿ ਇਸ ਮੌਕੇ ਨਾਮਵਰ ਲੇਖਕਾ ਤੇ ਫ਼ਿਲਮ ਅਦਾਕਾਰਾ ਹਰਸ਼ਜੋਤ ਕੌਰ ਇੰਸਪੈਕਟਰ ਪੰਜਾਬ ਪੁਲਸ ਮੁੱਖ ਦੇ ਤੌਰ 'ਤੇ ਸ਼ਾਮਲ ਹੋਣਗੇ। ਉਘੇ ਸਾਹਿਤਕਾਰ ਪੰਮੀ ਫੱਗੂਵਾਲੀਆ ਦੀ ਖੋਜ ਪੁਸਤਕ 'ਅਸੰਵੇਦਨਸ਼ੀਲਤਾ-ਅਪਾਹਜਤਾ ਸਮੱਸਿਆ ਤੇ ਹੱਲ' ਲੋਕ ਅਰਪਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਮਾਗਮ ਉਪਰੰਤ ਸਭਾ ਦਾ ਜਨਰਲ ਇਜਲਾਸ ਹੋਵੇਗਾ, ਜਿਸ ਵਿਚ ਸਾਲ 2024-26 ਲਈ ਕਾਰਜਕਾਰਨੀ ਦੀ ਚੋਣ ਹੋਵੇਗੀ ਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਕਵੀ ਦਰਬਾਰ ਵੀ ਹੋਵੇਗਾ।

400 ਗ੍ਰਾਮ ਹੈਰੋਇਨ ਸਮੇਤ ਸਮੱਗਲਰ ਗ੍ਰਿਫ਼ਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸੌਮਿਆ ਮਿਸ਼ਰਾ, ਆਈ.ਪੀ.ਐੱਸ. ਸੀਨੀਅਰ ਕਪਤਾਨ ਪੁਲਸ ਫਿਰੋਜ਼ਪੁਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੰਸਪੈਕਟਰ ਮੋਹਿਤ ਧਵਨ ਇੰਚਾਰਜ ਸੀ.ਆਈ.ਏ. ਸਟਾਫ ਫਿਰੋਜ਼ਪੁਰ ਦੀ ਯੋਗ ਅਗਵਾਈ ਹੇਠ ਸੀ.ਆਈ.ਏ. ਸਟਾਫ ਫਿਰੋਜ਼ਪੁਰ ਦੀ ਟੀਮ ਨੇ ਹੈਰੋਇਨ ਸਮੱਗਲਰ ਪਰਮਜੀਤ ਸਿੰਘ ਉਰਫ ਪੰਮਾ ਪੁੱਤਰ ਜੋਗਿੰਦਰ ਸਿੰਘ ਵਾਸੀ ਚੱਕ ਪੰਜੇ ਕੇ ਥਾਣਾ ਗੁਰੂ ਹਰਸਹਾਏ ਨੂੰ ਗ੍ਰਿਫ਼ਤਾਰ ਕਰਦੇ ਹੋਏ ਉਸ ਪਾਸੋਂ 400 ਗ੍ਰਾਮ ਹੈਰੋਇਨ ਬ੍ਰਾਮਦ ਕਰਦੇ ਹੋਏ ਥਾਣਾ ਗੁਰੂ ਹਰਸਹਾਏ ਵਿਖੇ ਕੇਸ ਦਰਜ ਕੀਤਾ ਗਿਆ।

ਮਨਰੇਗਾ ਤੇ ਸੰਵਿਧਾਨਕ ਹੱਕਾਂ ਤੋਂ ਵਾਂਝੇ ਕਰਨ ਦੀ ਨੀਤ ਨਾਲ ਕੰਮ ਕਰ ਰਹੀ ਹੈ ਸਰਕਾਰ : ਚੌਹਾਨ

ਸਮਾਓਂ ਤੇ ਭੁਪਾਲ ਤੋਂ ਵੱਡੇ ਕਾਫ਼ਲੇ ਮਾਨਸਾ ਰੈਲੀ 'ਚ ਕਰਨਗੇ ਸ਼ਾਮੂਲੀਅਤ : ਕੇਵਲ ਸਮਾਓਂ

ਮਾਨਸਾ/ਭੀਖੀ (ਆਤਮਾ ਸਿੰਘ ਪਮਾਰ)-ਲੰਮੇ ਸੰਘਰਸ਼ ਸਦਕਾ ਕਿਰਤੀਆਂ ਲਈ ਬਣਾਏ ਕਾਨੂੰਨ ਸੂਬਾ ਸਰਕਾਰ ਮਨਰੇਗਾ ਸਮੇਤ ਸੰਵਿਧਾਨਕ ਹੱਕਾਂ ਤੋਂ ਵਾਂਝੇ ਕਰਨ ਦੀ ਨੀਯਤ ਨਾਲ ਕੰਮ ਕਰ ਰਹੀ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਨੇੜਲੇ ਪਿੰਡ ਸਮਾਓਂ ਤੇ ਭੁਪਾਲ ਵਿਖੇ ਮਨਰੇਗਾ ਮਜ਼ਦੂਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਮਨਰੇਗਾ ਕਾਨੂੰਨ ਵਿੱਚ ਵੱਡੇ ਸੁਧਾਰਾਂ ਦੀ ਲੋੜ ਹੈ, ਕਿਉਂਕਿ ਸੂਬਾ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਮਜ਼ਦੂਰਾਂ ਨੂੰ 100 ਦਿਨ ਕੰਮ ਨਹੀਂ ਦਿੱਤਾ ਜਾ ਰਿਹਾ ਅਤੇ ਨਾ ਹੀ ਉਜ਼ਰਤ ਮੁਤਾਬਕ ਦਿਹਾੜੀ ਹੀ ਪਾਈ ਜਾ ਰਹੀ ਹੈ।ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਤਹਿਤ ਘੱਟੋ ਘੱਟ 200 ਦਿਨ ਕੰਮ ਤੇ 700 ਰੁਪਏ ਪ੍ਰਤੀ ਦਿਨ ਦਿਹਾੜੀ ਸਮੇਤ ਮਿਣਤੀ ਸਿਸਟਮ ਨੂੰ ਖਤਮ ਕੀਤਾ ਜਾਵੇ।ਕਮਿਊਨਿਸਟ ਆਗੂ ਨੇ ਕਿਹਾ ਕਿ ਮਾਨ ਸਰਕਾਰ ਸੂਬਾ ਚੋਣਾਂ ਸਮੇਂ ਕੀਤੇ ਵਾਅਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ।ਔਰਤਾਂ ਨੂੰ ਗਿਆਰਾਂ ਸੌ ਰੁਪਏ ਪ੍ਰਤੀ ਮਹੀਨਾ ਭੱਤਾ, ਨੌਜਵਾਨਾਂ ਨੂੰ ਰੁਜ਼ਗਾਰ, ਸਿੱਖਿਆ ਤੇ ਸਿਹਤ ਸੇਵਾਵਾਂ ਦੇਣਾ ਯਕੀਨੀ ਬਣਾਵੇ।

ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਕੇਵਲ ਸਿੰਘ ਸਮਾਓਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਪੱਧਰੀ 30 ਦਸੰਬਰ ਦੀ ਮਾਨਸਾ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਸਮਾਓਂ ਤੇ ਭੁਪਾਲ ਤੋਂ ਵੱਡੇ ਕਾਫਲੇ ਰੈਲੀ ਵਿੱਚ ਸ਼ਾਮੂਲੀਅਤ ਕਰਨਗੇ। ਉਨ੍ਹਾ ਕਿਹਾ ਕਿ ਰੈਲੀ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨ ਲਈ ਸੀ ਪੀ ਆਈ ਦੇ ਕੌਮੀ ਸਕੱਤਰ ਕਾਮਰੇਡ ਐਨੀ ਰਾਜਾ, ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਤੇ ਕਾ. ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ ਲੋਕ ਮਸਲਿਆ

28 - December - Page - 6.qxd 12/27/2024 10:32 PM Page 1

ਸਮਾਜ ਸੇਵੀਆਂ ਨੇ ਲੋੜਵੰਦਾਂ ਨੂੰ ਗਰਮ ਕੱਪੜੇ ਤੇ ਰਾਸ਼ਨ ਵੰਡਿਆ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਦਾਰਾ ਸਵੀਟ ਸ਼ਾਪ ਭਿੱਖੀਵਿੰਡ ਦੇ ਸਹਿਯੋਗ ਸਦਕਾ ਵਸੀਕਾ ਨਵੀਸ ਯੂਨੀਅਨ ਭਿੱਖੀਵਿੰਡ ਦੇ ਪ੍ਰਧਾਨ ਅਨੂੰ ਸ਼ਰਮਾ ਵੱਲੋਂ ਤਹਿਸੀਲਦਾਰ ਭਿੱਖੀਵਿੰਡ ਰਾਜ ਪ੍ਰਿਤਪਾਲ ਸਿੰਘ ਦੀ ਹਾਜ਼ਰੀ ਵਿੱਚ ਭਿੱਖੀਵਿੰਡ ਕਚਹਿਰੀ ਵਿੱਚ ਲੋੜਵੰਦਾਂ ਨੂੰ ਗਰਮ ਕੱਪੜੇ ਤੇ ਰਾਸ਼ਨ ਵੰਡਿਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਨੂੰ ਸ਼ਰਮਾ ਨੇ ਦੱਸਿਆ ਕਿ ਲੋਕ ਭਲਾਈ ਕਾਰਜਾਂ 'ਚ ਵਧ-ਚੜ੍ਹ ਕੇ ਹਿੱਸਾ ਪਾਉਣ ਵਾਲੇ ਦਾਰਾ ਸਵੀਟ ਸ਼ਾਪ ਦੇ ਮਾਲਕ ਸੋਨੀ ਦੇ ਸਹਿਯੋਗ ਸਦਕਾ ਲੋੜਵੰਦਾਂ ਨੂੰ ਗਰਮ ਕੱਪੜੇ ਤੇ ਰਾਸ਼ਨ ਵੰਡਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸਾਡੀ ਨਿੱਕੀ ਜਿਹੀ ਕੋਸ਼ਿਸ਼ ਲੋੜਵੰਦਾਂ ਨੂੰ ਠੰਡ ਤੋਂ ਬਚਾ ਸਕਦੀ ਹੈ।ਇਸ ਮੌਕੇ ਅਨੂੰ ਸ਼ਰਮਾ ਨੇ ਦੱਸਿਆ ਕਿ ਤਹਿਸੀਲਦਾਰ ਭਿੱਖੀਵਿੰਡ ਰਾਜ ਪ੍ਰਿਤਪਾਲ ਸਿੰਘ ਬੇਸਹਾਰਾ ਪਰਿਵਾਰਾਂ ਨੂੰ ਰਾਸ਼ਨ ਦੇਣ ਤੋਂ ਇਲਾਵਾ ਖ਼ੂਨਦਾਨ ਕੈਂਪਾਂ ਦਾ ਆਯੋਜਨ ਕਰਕੇ ਲੋਕ ਭਲਾਈ ਕਾਰਜਾਂ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ। ਉਨ੍ਹਾਂ ਦੱਸਿਆ ਕਿ ਤਹਿਸੀਲਦਾਰ ਦੀ ਅਗਵਾਈ ਹੇਠ ਚਲਾਈ ਜਾ ਰਹੀ ਖ਼ੂਨਦਾਨ ਕਮੇਟੀ ਨੇ ਗੁਰਦਾਸਪੁਰ ਪਿੰਡ ਦੇ ਅਨੇਕਾਂ ਲੋਕਾਂ ਦੀ ਜਾਨ ਬਚਾਈ ਹੈ।ਅਨੂੰ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਨੇ ਤਹਿਸੀਲਦਾਰ ਰਾਜ ਪ੍ਰਿਤਪਾਲ ਸਿੰਘ ਦੇ ਸਹਿਯੋਗ ਨਾਲ ਪੌਦੇ, ਪੰਛੀਆਂ ਦੇ ਆਲ੍ਹਣੇ, ਖ਼ੂਨਦਾਨ ਕੈਂਪ ਆਯੋਜਿਤ ਕਰਨ, ਬੇਸਹਾਰਾ ਪਰਿਵਾਰਾਂ ਨੂੰ ਰਾਸ਼ਨ ਦੇਣ, ਗਊਸ਼ਾਲਾ ਨੂੰ ਦਾਨ ਦੇਣ, ਅੰਗਹੀਣਾਂ ਨੂੰ ਟਰਾਈ ਸਾਈਕਲ ਦੇਣ ਆਦਿ ਕਾਰਜ ਨੇਪਰੇ ਚਾੜ੍ਹੇ ਹਨ। ਉਨ੍ਹਾਂ ਕਿਹਾ ਕਿ ਉਹ ਆਪਣੀ ਸੁਸਾਇਟੀ ਤਰਫੋਂ ਤਹਿਸੀਲਦਾਰ ਰਾਜ ਪ੍ਰਿਤਪਾਲ ਸਿੰਘ ਦਾ ਧੰਨਵਾਦ ਕਰਦੇ ਹਨ ਤੇ ਭਵਿੱਖ ਵਿੱਚ ਵੀ ਉਨ੍ਹਾਂ ਤੋਂ ਸਹਿਯੋਗ ਦੀ ਆਸ ਕਰਦੇ ਹਨ।ਇਸ ਮੌਕੇ ਤਹਿਸੀਲਦਾਰ ਭਿੱਖੀਵਿੰਡ ਰਾਜ ਪ੍ਰਿਤਪਾਲ ਸਿੰਘ ਨੇ ਦਾਰਾ ਸਵੀਟ ਸ਼ਾਪ ਦੇ ਮਾਲਕ ਵੱਲੋਂ ਲੋੜਵੰਦਾਂ ਲਈ ਕੀਤੇ ਗਏ ਉਪਰਾਲੇ ਦੀ ਰੱਜ ਕੇ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਸਭ ਨੂੰ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਨੌਜਵਾਨਾਂ ਨੂੰ ਖ਼ੂਨਦਾਨ ਕਰਨ ਤੇ ਲੋੜਵੰਦਾਂ ਦੀ ਸਹਾਇਤਾ ਕਰਨ ਲਈ ਵਧ-ਚੜ੍ਹ ਕੇ ਹਿੱਸਾ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਰਜਿਸਟਰੀ ਕਲਰਕ ਸਵਿੰਦਰ ਸਿੰਘ, ਟੀਏ ਮਨਿੰਦਰ ਸਿੰਘ, ਉਪਰੇਟਰ ਜੋਗਾ ਸਿੰਘ, ਗੀਡਰ ਜਗਰੂਪ ਸਿੰਘ, ਬਿੱਲ ਕਲਰਕ ਇਕਬਾਲ ਸਿੰਘ, ਸਾਥੀ ਦਵਿੰਦਰ ਸਿੰਘ, ਸਾਥੀ ਗੁਰਮੀਤ ਸਿੰਘ, ਵਸੀਕਾ ਨਵੀਸ, ਅਸ਼ਟਾਮ ਫਰੋਸ਼ ਤੇ ਟਾਈਪ ਰਾਈਟਰ ਯੂਨੀਅਨ ਦੇ ਪ੍ਰਧਾਨ ਅਨੂੰ ਸ਼ਰਮਾ, ਮਾਣਕ ਧਵਨ, ਸੰਜੀਵ ਕੁਮਾਰ ਚੋਪੜਾ, ਗੁਰਜੰਟ ਸਿੰਘ, ਮੰਨਾ ਨੰਬਰਦਾਰ, ਪ੍ਰਧਾਨ ਦਰਸ਼ਨ ਸਿੰਘ ਪਟਵਾਰੀ, ਟਾਈਪ ਰਾਈਟਰ ਰਣਬੀਰ ਸਿੰਘ, ਮਲਕੀਤ ਸਿੰਘ, ਲੱਖਾ ਸਿੰਘ, ਨੰਬਰਦਾਰ ਦਿਲਬਾਗ ਸਿੰਘ ਆਦਿ ਹਾਜ਼ਰ ਸਨ।

ਸਰਕਾਰ ਨੇ ਜੇਲ੍ਹ ਸੁਰੱਖਿਆ ਢਾਂਚੇ ਨੂੰ ਕੀਤਾ ਮਜ਼ਬੂਤ—ਭੁੱਲਰ

ਚੰਡੀਗੜ੍ਹ (ਗੁਰਜੀਤ ਬਿੱਲਾ)—ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਜੇਲ੍ਹ ਵਿਭਾਗ ਵੱਲੋਂ ਸਾਲ 2024 ਦੌਰਾਨ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਅਤੇ ਕੈਦੀਆਂ ਦੇ ਮੁੜ-ਵਸੇਬੇ ਲਈ ਕੀਤੀਆਂ ਗਈਆਂ ਅਹਿਮ ਪਹਿਲਕਦਮੀਆਂ ਬਾਰੇ ਚਾਨਣਾ ਪਾਇਆ।ਸੂਬੇ ਵਿੱਚ ਜੇਲ੍ਹਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੁਧਿਆਣਾ ਨੇੜੇ 50 ਏਕੜ ਰਕਬੇ ਵਿੱਚ 100 ਕਰੋੜ ਰੁਪਏ ਦੀ ਲਾਗਤ ਨਾਲ ਉੱਚ ਸੁਰੱਖਿਆ ਜੇਲ੍ਹ ਦੀ ਸਥਾਪਨਾ ਕੀਤੀ ਜਾ ਰਹੀ ਹੈ। ਇਸ ਜੇਲ੍ਹ ਦੇ ਮੁਕੰਮਲ ਹੋਣ ਉਪਰੰਤ ਇਥੇ 300 ਖਤਰਨਾਕ ਕੈਦੀਆਂ ਨੂੰ ਰੱਖਿਆ ਜਾਵੇਗਾ।ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਤਕਨਾਲੋਜੀ ਦੀ ਵਰਤੋਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਤਹਿਤ ਅੱਠ ਕੇਂਦਰੀ ਜੇਲ੍ਹਾਂ ਵਿੱਚ ਏ.ਆਈ ਆਧਾਰਤ ਸੀ.ਸੀ.ਟੀ.ਵੀ ਨਿਗਰਾਨੀ ਪ੍ਰਣਾਲੀ ਲਾਗੂ ਕੀਤੀ ਜਾ ਰਹੀ ਹੈ ਤਾਂ ਜੋ ਪਾਬੰਦੀਸ਼ੁਦਾ ਪਦਾਰਥਾਂ ਦੇ ਸੁੱਟੇ ਜਾਣ, ਕੰਧ ਟੱਪਣ ਅਤੇ ਅਣਅਧਿਕਾਰਤ ਮੋਬਾਈਲ ਵਰਤੋਂ ਦਾ ਪਤਾ ਲਗਾਇਆ ਜਾ ਸਕੇ। ਇਸ ਪ੍ਰਣਾਲੀ ਦਾ ਵਿਸਥਾਰ ਛੇ ਹੋਰ ਜੇਲ੍ਹਾਂ ਤੱਕ ਕੀਤਾ ਜਾਵੇਗਾ।ਕੇਂਦਰੀ ਜੇਲ੍ਹ ਬਠਿੰਡਾ ਵਿੱਚ ਵੀ-ਕਵਚ ਜੈਮਰ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਉਪਰੰਤ 12 ਸੰਵੇਦਨਸ਼ੀਲ ਜੇਲ੍ਹਾਂ ਵਿੱਚ ਇਸ ਨੂੰ ਸਥਾਪਤ ਕੀਤੇ ਜਾਣ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ ਬਠਿੰਡਾ ਜੇਲ੍ਹ ਵਿੱਚ ਸੁਰੱਖਿਆ ਲਈ ਇੱਕ ਵਾਧੂ ਸੀ.ਆਰ.ਪੀ.ਐਫ. ਕੰਪਨੀ ਵੀ ਤੈਨਾਤ ਕੀਤੀ ਗਈ ਹੈ। ਅਣਅਧਿਕਾਰਤ ਮੋਬਾਈਲ ਵਰਤੋਂ ਰੋਕਣ ਦੇ ਨਾਲ-ਨਾਲ ਸੰਚਾਰ ਦੀਆਂ ਆਧੁਨਿਕ ਤਕਨੀਕਾਂ ਦੀ ਵਰਤੋਂ ਤਹਿਤ ਜੇਲ੍ਹਾਂ ਵਿੱਚ 750 ਤੋਂ ਵੱਧ ਕਾਲਿੰਗ ਸਿਸਟਮ ਸਥਾਪਤ ਕੀਤੇ ਜਾ ਰਹੇ ਹਨ ਤਾਂ ਜੋ ਕੈਦੀ ਆਪਣੇ ਪਰਵਾਰਾਂ ਅਤੇ ਵਕੀਲਾਂ ਨਾਲ ਗੱਲ ਕਰ ਸਕਣ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਸਾਰੀਆਂ 13 ਸੰਵੇਦਨਸ਼ੀਲ ਜੇਲ੍ਹਾਂ ਨੂੰ ਐਕਸ-ਰੇ ਬੈਗੇਜ ਸਕੈਨਰਾਂ ਨਾਲ ਲੈਸ ਕਰਨ ਸਣੇ ਉੱਚ ਸੁਰੱਖਿਆ ਵਾਲੇ ਜ਼ੋਨਾਂ, ਜਿੱਥੇ ਖਤਰਨਾਕ ਕੈਦੀ ਰੱਖੇ ਗਏ ਹਨ, ਵਿੱਚ ਸੀ.ਸੀ.ਟੀ.ਵੀ. ਕਵਰੇਜ ਸਥਾਪਤ ਕਰਨਾ ਵੀ ਪ੍ਰਕਿਰਿਆ ਅਧੀਨ ਹੈ।ਭੁੱਲਰ ਨੇ ਦੱਸਿਆ ਕਿ 'ਸਿੱਖਿਆ ਦਾਤ ਪ੍ਰਾਜੈਕਟ' ਤਹਿਤ 2200 ਕੈਦੀ ਵਿਦਿਅਕ ਕੋਰਸ ਕਰ ਰਹੇ ਹਨ ਜਦੋਂ ਕਿ 513 ਕੈਦੀ ਇਸ ਸਾਲ ਦਸੰਬਰ ਵਿੱਚ ਸ਼ੁਰੂ ਹੋਣ ਵਾਲੇ ਇਲੈਕਟ੍ਰੀਕਲ ਵਰਕ, ਪਲੰਬਿੰਗ ਅਤੇ ਟੇਲਰਿੰਗ ਸਮੇਤ ਵੱਖ-ਵੱਖ ਹੁਨਰ ਵਿਕਾਸ ਪ੍ਰੋਗਰਾਮਾਂ ਵਿੱਚ ਰਜਿਸਟਰ ਕੀਤੇ ਜਾ ਰਹੇ ਹਨ।ਜੇਲ੍ਹ ਮੰਤਰੀ ਨੇ ਦੱਸਿਆ ਕਿ ਕੈਦੀਆਂ ਤੇ ਸਟਾਫ਼ ਦੋਵਾਂ ਦੀ ਮਨੋਵਿਗਿਆਨਕ ਸਹਾਇਤਾ ਲਈ ਪੰਜਾਬ ਜੇਲ੍ਹ ਵਿਕਾਸ ਬੋਰਡ ਅਧੀਨ ਤਿੰਨ ਕਾਉਂਸਲਰ ਨਿਯੁਕਤ ਕੀਤੇ ਗਏ ਹਨ।

ਛੋਟੇ ਸਾਹਿਬਜ਼ਾਦਿਆਂ ਦੀ ਲਸਾਨੀ ਸ਼ਹਾਦਤ ਦੀ ਦੁਨੀਆ 'ਚ ਕੋਈ ਮਿਸਾਲ ਨਹੀਂ : ਖੋਜੇਵਾਲ

ਫਗਵਾੜਾ, (ਡਾ. ਰਮਨ) : ਭਾਰਤੀ ਜਨਤਾ ਪਾਰਟੀ ਦੀ ਫਗਵਾੜਾ ਇਕਾਈ ਵਲੋਂ ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆਂ ਅਤੇ ਮਾਤਾ ਗੁਜ਼ਰੀ ਜੀ ਦੀ ਲਸਾਨੀ ਸ਼ਹਾਦਤ ਨੂੰ ਸਮਰਪਿਤ ਵੀਰ ਬਾਲ ਦਿਵਸ ਮੌਕੇ ਗੁਰੂਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਨਿੰਮਾਂ ਵਾਲਾ ਚੌਕ ਫਗਵਾੜਾ ਵਿਖੇ ਅਰਦਾਸ ਉਪਰੰਤ ਦੁੱਧ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਭਾਜਪਾ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਉਹਨਾਂ ਨੇ ਦੁੱਧ ਦੇ ਲੰਗਰ ਦੀ ਆਰੰਭਤਾ ਕਰਵਾਈ। ਖੋਜੇਵਾਲ ਨੇ ਚਾਰ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਪ੍ਰਣਾਮ ਕਰਦਿਆਂ ਕਿਹਾ ਕਿ ਖਾਸ ਤੌਰ 'ਤੇ ਛੋਟੇ ਸਾਹਿਬਜਾਦਿਆਂ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਦੀਆਂ ਅਦੁੱਤੀ ਸ਼ਹਾਦਤਾਂ ਦੀ ਦੁਨੀਆ ਵਿਚ ਕੋਈ ਮਿਸਾਲ ਨਹੀਂ ਹੈ। ਜੁਲਮ ਦੇ ਖਿਲਾਫ ਜੰਗ 'ਚ ਸਾਹਿਬ-ਏ-ਕਮਾਲ ਬਾਦਸ਼ਾਹ ਦਰਵੇਸ਼ ਗੁਰੂ ਗੋਬਿੰਦ ਸਿੰਘ ਸਾਹਿਬ ਨੇ ਆਪਣਾ ਸਰਬੰਸ ਦਾਨ ਕਰ ਦਿੱਤਾ। ਜਿਸ ਨਾਲ ਸਮੇਂ ਦੇ ਜਾਲਿਮ ਹਾਕਮਾਂ ਦੇ ਸਾਮਰਾਜ ਦੇ ਅੰਤ ਦੀ ਸ਼ੁਰੂਆਤ ਹੋਈ। ਉਹਨਾਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਅਤੇ ਚਾਰ ਸਾਹਿਬਜਾਦਿਆਂ ਤੋਂ ਸੇਧ ਲੈਂਦਿਆਂ ਦੇਸ਼ ਅਤੇ ਕੌਮ ਦੀ ਤਰੱਕੀ ਵਿਚ ਯੋਗਦਾਨ ਪਾਉਣ ਦੀ ਪੁਰਜੋਰ ਅਪੀਲ ਕੀਤੀ ਅਤੇ ਨਾਲ ਹੀ ਦੱਸਿਆ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਵੀਰ ਬਾਲ ਦਿਵਸ ਦੇ ਰੂਪ ਵਿਚ ਮਨਾਉਣ ਦਾ ਜੋ ਸ਼ਲਾਘਾਯੋਗ ਉਪਰਾਲਾ ਕੀਤਾ ਹੈ, ਉਸਦੀ ਬਦੌਲਤ ਅੱਜ ਦੇਸ਼ ਦੁਨੀਆ ਦੇ ਲੋਕ ਵੀ ਖਾਲਸਾ ਪੰਥ ਦੇ ਮਹਾਨ ਇਤਿਹਾਸ ਬਾਰੇ ਜਾਣ ਰਹੇ ਹਨ ਤੇ ਸ਼ਰਧਾ ਨਾਲ ਸੀਸ ਝੁਕਾ ਰਹੇ ਹਨ। ਇਸ ਮੌਕੇ ਮੰਡਲ ਪ੍ਰਧਾਨ ਅਨੁਰਾਗ ਮਨਖੰਡ ਕੌਂਸਲਰ, ਬੀਰਾ ਰਾਮ ਬਲਜੋਤ ਕੌਂਸਲਰ, ਬਲਭੱਦਰ ਸੈਨ ਦੁੱਗਲ ਸਾਬਕਾ ਪ੍ਰਧਾਨ ਨਗਰ ਕੌਂਸਲ ਫਗਵਾੜਾ, ਰਾਜੀਵ ਪਾਹਵਾ ਮਹਾਮੰਤਰੀ, ਤੇਜਸਵੀ ਭਾਰਦਵਾਜ ਸਾਬਕਾ ਚੇਅਰਮੈਨ ਨਗਰ ਸੁਧਾਰ ਟਰੱਸਟ ਫਗਵਾੜਾ, ਆਸ਼ੂ ਸਾਂਪਲਾ, ਬਲਵਿੰਦਰ ਠਾਕੁਰ, ਆਸ਼ੂ ਪੁਰੀ, ਵਿਸ਼ਾਲ ਵਾਲੀਆ, ਮਹੇਸ਼ ਬਾਂਗਾ, ਸੰਜੀਵ ਵਰਮਾ, ਮਹਿੰਦਰ ਥਾਪਰ, ਰਣਜੀਤ ਪਾਬਲਾ, ਘੋਲਾ ਸ਼ਰਮਾ, ਮਨੀਸ਼ ਖੋਸਲਾ, ਦੀਨਬੰਧੂ ਪਾਂਡੇ, ਰਾਮ ਸਾਂਪਲਾ, ਸੁਰਿੰਦਰ ਜੋਰਡਨ, ਰਾਜਕੁਮਾਰ ਗੁਪਤਾ, ਮਹਿਲਾ ਮੋਰਚਾ ਪ੍ਰਧਾਨ ਭਾਰਤੀ ਸ਼ਰਮਾ, ਰਜਨੀ ਬਾਲਾ, ਸਲੋਨੀ ਜੈਨ, ਸੀਮਾ ਚੱਢਾ, ਰੀਨਾ ਖੋਸਲਾ, ਅਨੀਤਾ ਕੌੜਾ, ਸੁਰੇਖਾ, ਰਵਿੰਦਰ ਕੌਰ ਆਦਿ ਹਾਜਰ ਸਨ।

ਦੇਸ਼ ਭਗਤ ਪੰਡਤ ਰਾਮ ਕਿਸ਼ਨ ਭੜੋਲੀਆਂ ਦੀ ਬਰਸੀ ਦੀਆਂ ਤਿਆਰੀਆਂ ਸ਼ੁਰੂ

ਨੰਗਲ (ਸੁਰਜੀਤ ਢੇਰ)—ਮਹਾਨ ਦੇਸ਼ ਭਗਤ ਪੰਡਤ ਰਾਮ ਕਿਸ਼ਨ ਭੜੋਲੀਆਂ ਸਾਬਕਾ ਐਮ ਐਲ ਏ ਦੀ 50ਵੀਂ ਬਰਸੀ ਦੀਆਂ ਤਿਆਰੀਆਂ ਪੂਰੇ ਜ਼ੋਰਾਂ ਸ਼ੋਰਾਂ ਨਾਲ ਸ਼ੁਰੂ ਕਰ ਦਿੱਤੀਆਂ ਗਈਆਂ ਹਨ।ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਤ, ਤਹਿਸੀਲ ਸੈਕਟਰੀ ਸਤਨਾਮ ਸਿੰਘ, ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ ਨੇ ਦੱਸਿਆ ਕਿ ਪਾਰਟੀ ਆਪਣੇ ਮਹਾਨ ਆਗੂ ਦੀ 50ਵੀਂ ਬਰਸੀ ਮਨਾ ਕੇ ਇਹ ਮਹਿਸੂਸ ਕਰ ਰਹੀ ਹੈ ਕਿ ਅੱਜ ਵੀ ਪੰਡਤ ਜੀ ਲੋਕਾਂ ਵਿੱਚ ਜੀਉਂਦੇ ਹਨ।ਆਗੂਆਂ ਨੇ ਕਿਹਾ ਕਿ ਉਨ੍ਹਾਂ 20 ਸਾਲ ਤੋਂ ਉੱਪਰ ਸਮਾਂ ਅੰਗਰੇਜ਼ਾਂ ਤੇ ਭਾਰਤੀ ਹਾਕਮਾਂ ਦੀ ਕੈਦ ਕੱਟੀ ਹੈ। ਉਨ੍ਹਾਂ ਨੇ ਲੋਕਾਂ ਦੀ ਨਿਸ਼ਕਾਮ ਸੇਵਾ ਕੀਤੀ। ਉਹ ਕੈਂਸਰ ਦੀ ਬਿਮਾਰੀ ਤੋਂ ਪੀੜਤ ਸਨ। ਜਿਨ੍ਹਾਂ ਦੀ ਮੌਤ 8 ਦਸੰਬਰ 1975 ਨੂੰ ਹੋਈ ਸੀ। ਆਗੂਆਂ ਨੇ ਕਿਹਾ ਕਿ ਪੰਡਤ ਜੀ ਮਜ਼ਦੂਰਾਂ ਕਿਸਾਨਾਂ ਅਤੇ ਮੁਲਾਜ਼ਮਾਂ ਦੇ ਆਗੂ ਸਨ। ਉਨ੍ਹਾਂ ਨੂੰ ਮਿਲਿਆ ਪਲਾਟ ਵੀ ਪਾਰਟੀ ਦੇ ਨਾਂਅ ਲਗਾ ਦਿੱਤਾ ਜਿਥੇ ਕਿ ਪਾਰਟੀ ਦਾ ਦਫ਼ਤਰ ਚੱਲ ਰਿਹਾ ਹੈ।ਇਸ ਮੌਕੇ 'ਤੇ ਰਾਕੇਸ਼ ਬਾਲੀ ਕਲਸੇਜ਼ਾ, ਮਹਿੰਦਰ ਸਿੰਘ ਸੰਗਤਪੁਰ, ਤਰਸੇਮ ਸੁਖਸਾਲ, ਸ਼ਿਵ ਕੁਮਾਰ ਰਾਣਾ, ਜਗੀਰ ਸਿੰਘ ਰੌਲੀ, ਸਿਮਰਨ ਡਿਗਵਾ ਵੀ ਮੌਜੂਦ ਸਨ।

25ਵਾਂ ਮਹਾਨ ਕੀਰਤਨ ਦਰਬਾਰ ਭਲਕੇ

ਫਗਵਾੜਾ ਜਸਵਿੰਦਰ ਢੱਡਾ)— ਬਾਬਾ ਫਤਿਹ ਸਿੰਘ ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਵਲੋਂ ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਦਿਵਸ ਦੇ ਸਬੰਧ ਵਿੱਚ 25ਵਾਂ ਮਹਾਨ ਕੀਰਤਨ ਦਰਬਾਰ 29 ਦਸੰਬਰ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਗੁਰਦੁਆਰਾ ਸੱਤ ਸਮਾਇਣ ਸਾਹਿਬ, ਬਾਬਾ ਫਤਿਹ ਸਿੰਘ ਨਗਰ, ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ। ਸੁਸਾਇਟੀ ਦੇ ਚੇਅਰਮੈਨ ਮੇਜਰ ਸਿੰਘ ਸੈਣੀ ਦੀ ਸੁਸਾਇਟੀ ਦੇ ਪ੍ਰਧਾਨ ਰਾਮ ਪਾਲ ਸਿੰਘ ਅਤੇ ਜਨਰਲ ਸਕੱਤਰ ਜਤਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਰਾਗੀ / ਢਾਡੀ ਜੱਥੇ ਸੰਤ ਗੁਰਚਰਨ ਸਿੰਘ (ਪੰਡਵੇ ਵਾਲੇ), ਭਾਈ ਅਰਵਿੰਦਰ ਸਿੰਘ ਨੂਰ, ਹਜੂਰੀ ਰਾਗੀ (ਸ਼੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ), ਬੀਬੀ ਅਮਨਦੀਪ ਕੌਰ ਖਾਲਸਾ, ਬੀਬੀਆਂ ਦਾ ਢਾਡੀ ਜੱਥਾ (ਨਕੋਦਰ ਵਾਲੇ), ਭਾਈ ਹਰਦੀਪ ਸਿੰਘ, ਭਾਈ ਕੁਲਦੀਪ ਸਿੰਘ ਦੀਪ (ਲੁਧਿਆਣੇ ਵਾਲੇ), ਭਾਈ ਗੁਰਦਿਤ ਸਿੰਘ (ਫਗਵਾੜੇ ਵਾਲੇ), ਭਾਈ ਸਰਬਜੀਤ ਸਿੰਘ (ਫਗਵਾੜੇ ਵਾਲੇ) ਰਾਗੀ ਅਤੇ ਹੋਰ ਜੱਥੇ ਭਾਗ ਲੈਣਗੇ। ਇਸ ਮੌਕੇ 'ਤੇ ਕੁਲਵੰਤ ਸਿੰਘ ਮੰਨਣ (ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ) ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਸਮਾਗਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

ਕ੍ਰਿਸਮਿਸ ਦਿਵਸ ਸ਼ਰਧਾ ਨਾਲ ਮਨਾਇਆ

ਸ਼ਾਹਕੋਟ (ਗਿਆਨ ਸੈਦਪੁਰੀ) ਸੀ. ਐਨ. ਆਈ. ਚਰਚ ਸ਼ਾਹਕੋਟ ਵਿੱਚ ਕ੍ਰਿਸਮਿਸ ਦਿਵਸ ਬੜੀ ਸ਼ਰਧਾ ਨਾਲ ਮਨਾਇਆ ਗਿਆ। ਪਾਸਟਰ ਜੌਰਜ ਅਤੇ ਰੁਬੀਨਾ ਜੌਰਜ ਨੇ ਪ੍ਰਭੂ ਯਿਸੂ ਮਸੀਹ ਦੀਆਂ ਸਿਖਿਆਵਾਂ 'ਤੇ ਚੱਲਣ ਲਈ ਪ੍ਰੇਰਨਾ ਦਿੱਤੀ। ਕਲੀਸੀਆ ਨੇ ਮਸੀਹੀ ਗੀਤ ਸੰਗੀਤ ਪੇਸ਼ ਕੀਤਾ। ਮੈਡਮ ਅਲੈਜਬਿਥ ਗਿੱਲ ਅਤੇ ਡਾ. ਇਕਬਾਲ ਭੱਟੀ ਨੇ ਵੀ ਮਸੀਹੀ ਭਜਨ ਗਾਇਨ ਕੀਤੇ। ਕਮ

28-DEC-PAGE-7.qxd 12/27/2024 10:22 PM Page 1

ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਬਾਰੇ ਦੱਸਿਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸੀ.ਬੀ.ਐਸ.ਈ. ਬੋਰਡ ਦਿੱਲੀ ਤੋਂ ਐਫੀਲਿਏਟਡ ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਵਿਸ਼ੇਸ਼ ਅਸੰਬਲੀ ਸਕੂਲ ਵਿੱਚ ਕਰਾਈ ਗਈ, ਜਿਸ ਰਾਹੀਂ ਸਾਹਿਬਜ਼ਾਦਿਆਂ ਦੇ ਹੌਸਲੇ, ਜੋਸ਼ ਤੇ ਬਹਾਦਰੀ ਨੂੰ ਯਾਦ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਨੌਵੀਂ-ਬੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਅਸੰਬਲੀ ਦੀ ਸ਼ੁਰੂਆਤ ਕੀਤੀ ਤੇ ਸਾਹਿਬਜ਼ਾਦਿਆਂ ਦੇ ਜੀਵਨ ਨਾਲ ਸਬੰਧਤ ਭਾਸ਼ਣ ਪੇਸ਼ ਕੀਤਾ ਗਿਆ।ਭਾਸ਼ਣ ਰਾਹੀਂ ਉਨ੍ਹਾਂ ਨੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ।ਇਸ ਤੋਂ ਬਾਅਦ ਸ਼ਾਹਿਬਜਾਦਿਆਂ ਬਾਰੇ ਇੱਕ ਕਵਿਤਾ ਦਾ ਉਚਾਰਨ ਵੀ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਧਾਨ ਗਗਨ ਬਾਂਸਲ , ਜਨਰਲ ਸਕੱਤਰ ਨਮਿਤਾ ਬਾਂਸਲ ਅਤੇ ਪ੍ਰਿੰਸੀਪਲ ਗੀਤਾ ਪਿੱਲੇ ਨੇ ਕਿਹਾ ਕਿ ਸਾਹਿਬਜ਼ਾਦਿਆਂ ਦਾ ਸਾਰਾ ਜੀਵਨ ਹੀ ਪ੍ਰੇਰਣਾਦਾਇਕ ਹੈ।ਵਿਦਿਆਰਥੀ ਉਨ੍ਹਾਂ ਦੇ ਜੀਵਨ ਤੋਂ ਬਹੁਤ ਕੁਝ ਸਿੱਖ ਸਕਦੇ ਹਨ।ਸਾਹਿਬਜ਼ਾਦਿਆਂ ਦੇ ਜੀਵਨ ਬਾਰੇ ਜਾਣ ਕੇ ਵਿਦਿਆਰਥੀ ਨਿਡਰ, ਅਨੁਸ਼ਾਸਤ, ਸਹਿਣਸ਼ੀਲ ਬਣ ਸਕਦੇ ਹਨ ਤੇ ਇਹ ਸਾਰੇ ਗੁਣ ਬੱਚਿਆਂ ਵਿੱਚ ਹੋਣੇ ਬਹੁਤ ਜ਼ਰੂਰੀ ਹਨ।

ਸਿਟੀਜ਼ਨ ਵੈੱਲਫੇਅਰ ਕੌਂਸਲ ਨੇ ਸ਼ਹੀਦ ਊਧਮ ਸਿੰਘ ਦਾ ਜਨਮ ਦਿਨ ਮਨਾਇਆ

ਜਲਾਲਾਬਾਦ (ਜੀਤ ਕੁਮਾਰ)-ਸਿਟੀਜਨ ਵੈੱਲਫੇਅਰ ਕੌਂਸਲ ਜਲਾਲਾਬਾਦ ਨੇ ਦੇਸ਼ ਦੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਜੀ ਦਾ ਜਨਮ ਦਿਨ ਮਨਾਇਆ ਗਿਆ। ਇਥੇ ਸਥਾਨਕ ਸ਼ਹੀਦ ਊਧਮ ਸਿੰਘ ਚੌਕ ਨੂੰ ਹਾਰ ਪਾਏ ਗਏ ਤੇ ਇਨਕਲਾਬੀ ਨਾਅਰਿਆਂ ਦੀ ਗੂੰਜ ਨਾਲ ਯਾਦ ਕਰਦਿਆਂ ਮਹਾਨ ਸ਼ਹੀਦਾਂ ਦੀ ਵਿਚਾਰਧਾਰਾ 'ਤੇ ਚੱਲਣ ਦਾ ਪ੍ਰਣ ਲਿਆ ਗਿਆ। ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਦੇਵ ਰਾਜ ਸ਼ਰਮਾ ਵਿਸ਼ੇਸ਼ ਤੌਰ 'ਤੇ ਪੁੱਜੇ, ਜਦੋਂਕਿ ਹੋਰਨਾਂ ਤੋਂ ਇਲਾਵਾ ਪ੍ਰਧਾਨ ਸਤੀਸ਼ ਕੁਮਾਰ, ਜਨਰਲ ਸਕੱਤਰ ਪ੍ਰਕਾਸ਼ ਦੋਸ਼ੀ, ਕੈਸ਼ੀਅਰ ਅਸ਼ੋਕ ਗਗਨੇਜਾ, ਦੇਸ ਰਾਜ ਗਾਂਧੀ, ਪ੍ਰਵੇਸ਼ ਖੰਨਾ, ਬਲਬੀਰ ਸਿੰਘ ਰਹੇਜਾ, ਗਿਆਨ ਸਿੰਘ ਨਿੱਝਰ, ਗੁਰਦੀਪ ਸਿੰਘ ਛਾਬੜਾ, ਸਰਵਨ ਕੁਮਾਰ ਜੋਸਨ, ਸਤੀਸ਼ ਚੂਚਰਾ ਆਦਿ ਮੌਜੂਦ ਸਨ।

ਸਿਹਤ ਮੰਤਰੀ ਵੱਲੋਂ ਲੰਗਰਾਂ ਲਈ ਰਸਦ ਦੀ ਸੇਵਾ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਡਾ. ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਵੱਲੋਂ ਉਨ੍ਹਾ ਦੀ ਟੀਮ ਨੇ ਪਟਿਆਲਾ-ਸਰਹਿੰਦ ਰੋਡ 'ਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਮੌਕੇ ਲੰਗਰਾਂ ਲਈ ਰਸਦ ਦੀ ਸੇਵਾ ਕੀਤੀ। ਇਸ ਮੌਕੇ ਡਾ. ਬਲਬੀਰ ਸਿੰਘ ਸਿਹਤ ਮੰਤਰੀ ਦੇ ਆਫਿਸ ਇੰਚਾਰਜ ਜਸਬੀਰ ਸਿੰਘ ਗਾਂਧੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਨਤਮਸਤਕ ਹੁੰਦੇ ਹੋਏ ਸਾਰੀ ਟੀਮ ਸ਼ਰਧਾਂਜਲੀ ਭੇਂਟ ਕਰਦੀ ਹੈ। ਇਸ ਮੌਕੇ ਬਲਵਿੰਦਰ ਸੈਣੀ, ਗੱਜਣ ਸਿੰਘ ਮੀਡੀਆ ਸਲਾਹਕਾਰ, ਲਾਲ ਸਿੰਘ, ਦੇਸ ਦੀਪਕ, ਸਤਵਿੰਦਰ ਸੈਣੀ, ਮੋਹਿਤ ਕੁਕਰੇਜਾ, ਰਵਿੰਦਰ ਸਿੰਘ ਰਵੀ ਤੋਂ ਇਲਾਵਾ ਪਿੰਡਾਂ ਦੇ ਪੰਚ-ਸਰਪੰਚ ਸ਼ਾਮਲ ਹੋਏ।

ਭਾਰਤ-ਬੰਗਲਾਦੇਸ਼ ਬਾਰਡਰ 'ਤੇ ਤਾਇਨਾਤ ਫੌਜੀ ਸੁਖਦੇਵ ਸਿੰਘ ਦੀ ਹਾਰਟ ਅਟੈਕ ਨਾਲ ਮੌਤ

ਮਲੋਟ (ਗੁਰਮੀਤ ਸਿੰਘ ਮੱਕੜ)-ਸ਼ਹਿਰ ਦੇ ਨੇੜਲੇ ਪਿੰਡ ਅਬੁੱਲ ਖੁਰਾਣਾ ਦਾ ਸੁਖਦੇਵ ਸਿੰਘ, ਜੋ ਕਿ ਬੀ.ਐੱਸ.ਐੱਫ. ਵਿੱਚ ਬਤੌਰ ਏ.ਐੱਸ.ਆਈ. ਕਲਕੱਤਾ ਦੇ ਜ਼ਿਲ੍ਹਾ ਮੁਰਸ਼ੀਦਾਬਾਦ ਦੇ ਰੌਸ਼ਨ ਬਾਗ਼ ਵਿੱਚ 146 ਬਟਾਲੀਅਨ ਵਿੱਚ ਡਿਊਟੀ ਨਿਭਾ ਰਿਹਾ ਸੀ, ਦੀ ਹਾਰਟ ਅਟੈਕ ਨਾਲ ਮੌਤ ਹੋ ਗਈ। ਇਹ ਖਬਰ ਸੁਣਦੇ ਹੀ ਪਿੰਡ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ, ਜਿਸ ਦੀ ਮ੍ਰਿਤਕ ਦੇਹ ਨੂੰ ਅੱਜ ਪਿੰਡ ਲਿਆਂਦਾ ਗਿਆ ਅਤੇ ਫੌਜੀ ਸਨਮਾਨਾਂ ਨਾਲ ਜਵਾਨਾਂ ਵੱਲੋਂ ਸਲਾਮੀ ਦੇ ਕੇ ਅੰਤਿਮ ਸੰਸਕਾਰ ਕੀਤਾ ਗਿਆ। ਜ਼ਿਕਰਯੋਗ ਹੈ ਕਿ ਉਕਤ ਨੌਜਵਾਨ ਨੇ ਅਗਲੇ ਸਾਲ ਰਿਟਾਇਰ ਹੋਣਾ ਸੀ, ਜਿਸ ਦੇ ਦੋ ਲੜਕੀਆਂ ਵਿੱਚੋਂ ਇੱਕ ਲੜਕੀ ਸ਼ਾਦੀਸ਼ੁਦਾ ਹੈ ਅਤੇ ਇੱਕ ਹਾਲੇ ਕਵਾਰੀ ਹੈ ਅਤੇ ਛੋਟਾ ਲੜਕਾ ਅਪੰਗ ਹੈ। ਇਸ ਨੌਜਵਾਨ ਦੀ ਹੋਈ ਬੇਵਕਤੀ ਮੌਤ ਨਾਲ ਪੂਰੇ ਪਿੰਡ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ।

ਸਲਾਇਟ ਸਕਿਓਰਿਟੀ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਕੈਂਪ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਸਲਾਇਟ ਸਕਿਓਰਿਟੀ ਲੌਂਗੋਵਾਲ ਵੱਲੋਂ ਕੈਪਟਨ ਗੁਰਪ੍ਰੀਤ ਸਿੰਘ ਗਰੇਵਾਲ ਦੀ ਰਹਿਨੁਮਾਈ ਹੇਠ ਸਾਰੇ ਸਕਿਓਰਿਟੀ ਜਵਾਨਾਂ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਚਾਰ ਰੋਜ਼ਾ ਫਰੀ ਦਵਾਈਆਂ ਦਾ ਕੈਂਪ ਬਰਨਾਲਾ-ਸੰਗਰੂਰ ਰੋਡ 'ਤੇ ਲਗਾਇਆ ਗਿਆ।ਇਸ ਦੌਰਾਨ ਕੈਪਟਨ ਗੁਰਪ੍ਰੀਤ ਸਿੰਘ ਨੇ ਆਖਿਆ ਕਿ ਇਹ ਕੈਂਪ ਸਾਹਿਬਜ਼ਾਦਿਆਂ ਦੀ ਯਾਦ ਨੂੰ ਸਮਰਪਤ ਹੈ ਅਤੇ ਉਹ ਵੀ ਇਹ ਸੇਵਾ ਕਾਰਜ ਕਰਕੇ ਆਪਣੇ ਵੱਲੋਂ ਯੋਗਦਾਨ ਪਾ ਰਹੇ ਹਨ ਅਤੇ ਕੈਂਪ ਵਿੱਚ ਆਉਣ ਵਾਲੇ ਲੋਕਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ ਹਨ।

ਸ਼ਹੀਦ ਭਾਈ ਦਿਆਲਾ ਜੀ ਸਕੂਲ ਨੇ ਚਾਹ ਦਾ ਲੰਗਰ ਲਗਾਇਆ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਇਲਾਕੇ ਦੀ ਸਿੱਖਿਆ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੀ ਵਿੱਦਿਅਕ ਸੰਸਥਾ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਵੱਲੋਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸੰਗਤਾਂ ਲਈ ਚਾਹ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਸਕੂਲ ਮੁਖੀ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਤੇ ਸ਼ਹੀਦ ਭਾਈ ਮਨੀ ਸਿੰਘ ਟਰੱਸਟ ਦੇ ਚੇਅਰਮੈਨ ਮਹਿੰਦਰ ਸਿੰਘ ਦੁੱਲਟ ਨੇ ਦੱਸਿਆ ਕਿ ਇਹ ਲੰਗਰ ਹਰ ਸਾਲ ਗੁਰੂ ਸਾਹਿਬ ਜੀ ਦੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਦੀ ਯਾਦ ਨੂੰ ਸਮਰਪਤ ਲਗਾਇਆ ਜਾਂਦਾ ਹੈ, ਜਿਸ ਦੌਰਾਨ ਸਕੂਲ ਅਧਿਆਪਕ ਤੇ ਵਿਦਿਆਰਥੀ ਤਨ ਅਤੇ ਮਨ ਨਾਲ ਸੇਵਾ ਕਰਦੇ ਹਨ।ਇਸ ਮੌਕੇ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ, ਅਮਰ ਸਿੰਘ ਦੁੱਲਟ, ਸੁਖਵਿੰਦਰ ਸਿੰਘ ਬਰਨਾਲਾ, ਕਰਮਜੀਤ ਸਿੰਘ ਕਰਮੀ, ਬੀਰਪਾਲ ਕੌਰ, ਬਲਵੀਰ ਸਿੰਘ, ਅੰਮ੍ਰਿਤਪਾਲ ਸਿੰਘ, ਸਰਬਜੀਤ ਕੌਰ, ਜਗਦੇਵ ਸਿੰਘ, ਹਰਭੋਲ ਕੌਰ, ਸੁਖਵਿੰਦਰ ਕੌਰ, ਕਰਮਜੀਤ ਕੌਰ ਤੇ ਪਰਮਜੀਤ ਕੌਰ ਆਦਿ ਮੌਜੂਦ ਸਨ।

ਬਿਲਾਸਪੁਰ 'ਚ ਚਾਹ-ਪਕੌੜਿਆਂ ਦਾ ਲੰਗਰ ਲਗਾਇਆ

ਦੋਰਾਹਾ (ਹਰਮਿੰਦਰ ਸੇਠ)-ਇਥੋਂ ਨੇੜਲੇ ਪਿੰਡ ਬਿਲਾਸਪੁਰ ਚੌਕਵਾਣੀ ਅੱਡਾ ਵਿਖੇ ਧੰਨ ਧੰਨ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਯਾਦ ਵਿੱਚ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਪਿੰਡ ਬਿਲਾਸਪੁਰ ਦੇ ਨੌਜਵਾਨ ਸਭਾ ਦੇ ਕਮੇਟੀ ਮੈਂਬਰ ਅਖਤਰ ਮਲਕ, ਸਲਿੰਦਰ ਸਿੰਘ ਪੰਚ, ਜਗਦੇਵ ਸਿੰਘ ਬੂਟਾ, ਗੁਰਪ੍ਰੀਤ ਸਿੰਘ, ਬੇਅੰਤ ਸਿੰਘ ਮਿਸਤਰੀ, ਭਵਨਪ੍ਰੀਤ ਸਿੰਘ ਤੇ ਸਰਪੰਚ ਰਣਜੀਤ ਸਿੰਘ ਬਿੱਲੂ, ਪੰਚ ਪਰਮਜੀਤ ਸਿੰਘ, ਪੰਚ ਸਰਬਜੀਤ ਸਿੰਘ, ਪੰਚ ਸਿਲਿੰਦਰ ਸਿੰਘ, ਪੰਚ ਮਨਪ੍ਰੀਤ ਸਿੰਘ ਤੇ ਨੌਜਵਾਨ ਸਭਾ ਦੇ ਮੈਂਬਰ ਗੁਰਪ੍ਰੀਤ ਸਿੰਘ, ਇੰਦਰਜੀਤ ਸਿੰਘ, ਪਰਮਿੰਦਰ ਸਿੰਘ, ਸੁਖਪ੍ਰੀਤ ਸਿੰਘ, ਦਿਆ ਸਿੰਘ, ਮਨਮੀਤ ਸਿੰਘ, ਹਰਜੋਤ ਸਿੰਘ ਆਦਿ ਹਾਜ਼ਰ ਸਨ।

ਹਾਰਵਰਡ ਕਾਨਵੈਂਟ ਸਕੂਲ 'ਚ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਸਮਾਗਮ

ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਵਿੱਚ ਸਭ ਤੋਂ ਪਹਿਲਾਂ ਸ੍ਰੀ ਜਪੁਜੀ ਸਾਹਿਬ ਤੇ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਗਏ, ਉਪਰੰਤ ਅਰਦਾਸ ਬੇਨਤੀ ਕੀਤੀ ਗਈ ਅਤੇ ਪ੍ਰਸ਼ਾਦ ਵੰਡਿਆ ਗਿਆ।ਇਸ ਸਮੇਂ ਬੱਚਿਆਂ ਨੇ ਬੜੇ ਸ਼ਰਧਾਪੂਰਵਕ ਢੰਗ ਨਾਲ ਪਾਠ ਨੂੰ ਸਰਵਨ ਕੀਤਾ।ਇਸ ਤੋਂ ਬਾਅਦ ਬੱਚਿਆਂ ਨੂੰ ਛੋਟੇ ਸਾਹਿਬਜ਼ਾਦੇ ਬਾਬਾ ਫਤਿਹ ਸਿੰਘ ਜੀ ਤੇ ਬਾਬਾ ਜੋਰਾਵਰ ਸਿੰਘ ਜੀ ਦੀ ਸ਼ਹਾਦਤ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ।ਇਸ ਤੋਂ ਬਾਅਦ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਬੱਚਿਆਂ ਨੂੰ ਸੰਬੋਧਨ ਕੀਤਾ ਅਤੇ ਉਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਵਿਸਥਾਰ ਸਹਿਤ ਦੱਸਿਆ।ਉਨ੍ਹਾਂ ਬੱਚਿਆਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਦੱਸੇ ਗਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਅਤੇ ਦੱਸਿਆ ਕਿ ਕਿਸ ਤਰ੍ਹਾਂ ਛੋਟੀਆਂ ਜਿੰਦਾਂ ਨੇ ਵੱਡੇ ਤਸੀਹੇ ਆਪਣੇ ਉੱਪਰ ਸਹੇ।ਉਨ੍ਹਾਂ ਦੱਸਿਆ ਕਿ ਬਾਬਾ ਫਤਿਹ ਸਿੰਘ ਜੀ ਤੇ ਬਾਬਾ ਜੋਰਾਵਰ ਸਿੰਘ ਜੀ ਨੂੰ ਕਿਸ ਤਰ੍ਹਾਂ ਉਸ ਸਮੇਂ ਦੀ ਮੁਗਲ ਸਰਕਾਰ ਨੇ ਨੀਹਾਂ ਵਿੱਚ ਚਿਣਵਾ ਦਿੱਤਾ, ਪਰ ਉਨ੍ਹਾਂ ਨੇ ਸੀ ਤੱਕ ਨਾ ਕੀਤੀ।ਉਨ੍ਹਾਂ ਦੱਸਿਆ ਕਿ ਗੁਰੂ ਜੀ ਦੀ ਇਹ ਜੰਗ ਕਿਸੇ ਧਰਮ ਵਿਰੁੱਧ ਨਹੀਂ ਸੀ, ਬਲਕਿ ਅਨਿਆ ਦੇ ਵਿਰੁੱਧ ਇੱਕ ਉਠਾਈ ਆਵਾਜ਼ ਸੀ।ਇਸ ਤੋਂ ਬਾਅਦ ਉਨ੍ਹਾਂ ਨੇ ਬੱਚਿਆਂ ਨੂੰ ਗੁਰੂਆਂ ਦੁਆਰਾ ਦੱਸੇ ਹੋਏ ਮਾਰਗ 'ਤੇ ਚੱਲਣ ਲਈ ਬੇਨਤੀ ਕੀਤੀ ਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਕੋਟਨ ਕੋਟ ਪ੍ਰਣਾਮ ਕੀਤਾ।

ਪੰਜਾਬ ਬੰਦ ਦੀ ਰਿਟਾਇਰਡ ਕਾਨੂੰਗੋ-ਪਟਵਾਰੀ ਵੈੱਲਫੇਅਰ ਐਸੋ. ਵੱਲੋਂ ਡਟਵੀਂ ਹਮਾਇਤ

ਮੋਗਾ (ਇਕਬਾਲ ਸਿੰਘ ਖਹਿਰਾ)-ਦੀ ਰਿਟਾਇਰਡ ਰੈਵੀਨਿਊ ਕਾਨੂੰਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੇ ਸਮੁੱਚੇ ਆਗੂਆਂ ਵੱਲੋਂ ਕਿਸਾਨ ਜਥੇਬੰਦੀਆ ਵੱਲੋਂ ਵਿੱਢੇ ਸੰਘਰਸ਼ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਤਾਇਨਾਤ ਕਿਸਾਨਾਂ ਦੀ ਹਮਾਇਤ ਕੀਤੀ ਗਈ ਹੈ। ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲਾਗੂ ਕਰਵਾਉਣ ਲਈ ਉਨ੍ਹਾਂ ਦੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਰੱਖੇ ਗਏ ਮਰਨ ਵਰਤ ਦੇ 32 ਦਿਨ ਪੂਰਾ ਹੋਣ ਦੇ ਬਾਵਜੂਦ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਟਸ ਤੋਂ ਮਸ ਨਹੀਂ ਹੋ ਰਹੀਆਂ, ਨਾ ਹੀ ਉਨ੍ਹਾਂ ਦੀ ਗੱਲ ਸੁਣ ਕੇ ਮਸਲੇ ਦਾ ਹੱਲ ਕੱਢ ਰਹੀਆਂ ਹਨ। ਸਰਕਾਰਾਂ ਨੂੰ ਆਪਣੀ ਗੱਲ ਸਣਾਉਣ ਲਈ, ਜੋ 30 ਦਸੰਬਰ ਨੂੰ ਪੰਜਾਬ ਬੰਦ ਦੀ ਜਥੇਬੰਦੀਆਂ ਵੱਲੋਂ ਕਾਲ ਦਿੱਤੀ ਗਈ ਹੈ, ਉਸ ਨੂੰ ਸਮਰਥਨ ਦੇਣ ਲਈ ਤੇ ਕਾਮਯਾਬ ਕਰਨ ਲਈ ਪੰਜਾਬ ਦੇ ਰਿਟਾਇਰਡ ਕਾਨੂੰਨਗੋ, ਪਟਵਾਰੀਆਂ ਨਾਲ ਸੰਪਰਕ ਸਾਧ ਕੇ ਐਸੋਸੀਏਸ਼ਨ ਵੱਲੋਂ ਫੈਸਲਾ ਲਿਆ ਗਿਆ ਕਿ ਪੰਜਾਬ ਦੇ ਸਮੁੱਚੇ ਰਿਟਾਇਰਡ ਸਾਥੀਆਂ ਦੀ ਐਸੋਸੀਏਸ਼ਨ ਦੀ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਕਿਸਾਨ ਯੂਨੀਅਨ ਦੇ ਸੰਘਰਸ਼ ਦੀ ਹਮਾਇਤ ਕਰਦੀ ਹੈ। 30 ਦਸੰਬਰ ਦੇ ਪੰਜਾਬ ਬੰਦ ਨੂੰ ਸਫਲ ਬਣਾਉਣ ਲਈ ਪੂਰਨ ਸਹਿਯੋਗ ਕਰੇਗੀ, ਜਿਸ ਜਗ੍ਹਾ ਵੀ ਜ਼ਿਲ੍ਹਿਆਂ ਵਿੱਚ ਕਿਸਾਨ ਇਕੱਤਰ ਹੋ ਕੇ ਰੋਸ ਪ੍ਰਦਰਸ਼ਨ ਕਰਨਗੇ, ਰਿਟਾਇਰਡ ਸਾਥੀ ਬੰਦ ਵਾਲੇ ਦਿਨ ਉਸ ਵਿੱਚ ਸ਼ਾਮਲ ਹੋਣਗੇ। ਪੰਜਾਬ ਬੰਦ ਦੀ ਹਮਾਇਤ ਵਿੱਚ ਦਰਸ਼ਨ ਸਿੰਘ ਗਿੱਲ ਪ੍ਰਧਾਨ ਮੋਗਾ, ਨਵਿੰਦਰ ਸਿੰਘ ਪ੍ਰਧਾਨ ਅਮ੍ਰਿਤਸਰ, ਭੁਪਿੰਦਰਪਾਲ ਸਿੰਘ ਪ੍ਰਧਾਨ, ਨਿਰਭੈ ਸਿੰਘ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਰਜਿੰਦਰ ਸਿੰਘ ਢਿੱਲੋਂ ਪ੍ਰਧਾਨ ਬਰਨਾਲਾ, ਜਸਵਿੰਦਰ ਸਿੰਘ ਢਿੱਲੋਂ ਹੁਸ਼ਿਆਰਪੁਰ, ਗੁਰਮੇਲ ਸਿੰਘ ਗੌਦਾਰਾ, ਗੁਰਮੇਲ ਸਿੰਘ ਬੁੱਘੀਪੁਰਾ, ਬਲਵਿੰਦਰ ਸਿੰਘ ਪੁਰਬਾ, ਮੱਘਰ ਸਿੰਘ ਚਹਿਲ, ਗੁਰਚਰਨ ਸਿੰਘ, ਬਲਦੇਵ ਸਿੰਘ, ਠਾਣਾ ਸਿੰਘ, ਕੇਵਲ ਸਿੰਘ, ਹਰੀਕ੍ਰਿਸ਼ਨ ਸਿੰਘ, ਦਰਸ਼ਨ ਸਿੰਘ ਬਰਾੜ, ਨਾਇਬ ਸਿੰਘ ਮੱਲੀ, ਗੁਰਦੇਵ ਸਿੰਘ, ਕਮਲੇਸ਼ ਕੁਮਾਰ, ਜਸਵੰਤ ਸਿੰਘ ਭਾਊ, ਬਲਦੇਵ ਸਿੰਘ ਸੰਧੂ, ਮੁਲਖਰਾਜ, ਗੁਰਦੇਵ ਸਿੰਘ, ਮੱਖਣਜੀਤ, ਰਸ਼ਪਾਲ ਸਿੰਘ, ਗੁਰਮੇਲ ਸਿੰਘ ਰਖਾਲਾ, ਲਖਵਿੰਦਰ ਸਿੰਘ, ਗੁਰਨਾਮ ਸਿੰਘ, ਮੋਹਣ ਸਿੰਘ, ਬਲਦੇਵ ਸਿੰਘ, ਗੁਰਚਰਨ ਸਿੰਘ ਛਾਬੜਾ, ਰਾਮ ਰੱਖਾ ਸਿੰਘ, ਕੁਲਵੰਤ ਸਿੰਘ, ਜਗਰਾਜ ਸਿੰਘ, ਸੁਖਦੇਵ ਸਿੰਘ ਖੋਸਾ, ਗੁਰਮੀਤ ਸਿੰਘ, ਨਾਇਬ ਸਿੰਘ, ਕੁਲਵੰਤ ਸਿੰਘ ਚੜਿੱਕ, ਜਸਵੰਤ ਸਿੰਘ ਸੂਬੇਦਾਰ ਆਦਿ ਨੇ ਪੁਰਜ਼ੋਰ ਹਮਾਇਤ ਕੀਤੀ ਹੈ।

ਜੰਗਲਾਤ ਵਰਕਰਜ਼ ਯੂਨੀਅਨ 30 ਨੂੰ ਦਿੜ੍ਹਬਾ 'ਚ ਕਰੇਗੀ ਰੋਸ ਰੈਲੀ

28-Dec-PAG-8.qxd 12/27/2024 10:40 PM Page 1

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਰੋਪੜ ਨੇ ਮਨਾਇਆ ਪਾਰਟੀ ਦਾ ਸਥਾਪਨਾ ਦਿਵਸ

ਭਲਾਣ (ਹਰਭਜਨ ਢਿੱਲੋਂ) ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਰੋਪੜ ਦੀ ਜਨਰਲ ਬਾਡੀ ਮੀਟਿੰਗ ਕਾਮਰੇਡ ਕਾਕਾ ਰਾਮ ਦੀ ਪ੍ਰਧਾਨਗੀ ਹੇਠ ਆਪਣੇ ਰੋਪੜ ਸਥਿਤ ਦਫਤਰ ਵਿੱਚ ਹੋਈ, ਜਿਸ ਵਿੱਚ ਜ਼ਿਲ੍ਹੇ ਦੇ ਪਾਰਟੀ ਮੈਂਬਰਾਂ ਅਤੇ ਹਮਦਰਦਾਂ ਤੋਂ ਇਲਾਵਾ ਕਾਮਰੇਡ ਨਰਿੰਦਰ ਸੋਹਲ, ਸੀਪੀਆਈ ਨੈਸ਼ਨਲ ਕੌਂਸਲ ਮੈਂਬਰ ਅਤੇ ਸਟੇਟ ਸਕੱਤਰੇਤ ਮੈਂਬਰ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦਾ 100ਵਾਂ ਜਨਮ ਦਿਨ ਜੋਸ਼ ੋਖਰੋਸ਼ ਨਾਲ ਮਨਾਇਆ ਗਿਆ।ਸੀਨੀਅਰ ਕਾਮਰੇਡ ਬਖਤਾਵਰ ਸਿੰਘ ਬਣੀ ਨੇ ਪਾਰਟੀ ਦਫਤਰ ਉਪਰ ਲਾਲ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ।ਇਸ ਮੀਟਿਗ ਨੂੰ ਕਾਮਰੇਡ ਨਰਿੰਦਰ ਸੋਹਲ ਤੋਂ ਇਲਾਵਾ ਕਾਮਰੇਡ ਦਵਿੰਦਰ ਨੰਗਲੀ ਜ਼ਿਲ੍ਹਾ ਸਕੱਤਰ, ਕਾਮਰੇਡ ਨਰਿੰਦਰ ਸੈਣੀ, ਗੁਰਨਾਮ ਸਿੰਘ ਅੱਲਖ, ਕਾਕਾ ਰਾਮ ਮੋਰਿੰਡਾ, ਕਾ ਲਾਲ ਬਹਾਦੁਰ, ਐਸਡੀਓ ਜਗਦੀਸ਼, ਭਾਗ ਸਿੰਘ ਮਦਾਨ, ਬਖਤਾਵਰ ਸਿੰਘ, ਰਜਨੀ ਬਾਲਾ ਆਦਿ ਨੇ ਸੰਬੋਧਨ ਕੀਤਾ। ਕਾਮਰੇਡ ਸੋਹਲ ਜੀ ਬੋਲਦਿਆਂ 26 ਦਸੰਬਰ, 1925 (ਸੀ ਪੀ ਆਈ ਦਾ ਸਥਾਪਨਾ ਦਿਵਸ) ਤੋਂ ਲੈ ਕੇ ਅੱਜ ਤੱਕ ਪਾਰਟੀ ਦੇ ਸ਼ਾਨਾਂਮੱਤੀ ਇਤਿਹਾਸ 'ਤੇ ਚਾਨਣਾ ਪਾਇਆ। ਉਹਨਾਂ ਕਿਹਾ 26 ਦਸੰਬਰ1925 ਨੂੰ ਕਾਨਪੁਰ ਵਿਖੇ ਪਾਰਟੀ ਦੀ ਸਥਾਪਨਾ ਤੋਂ ਬਾਅਦ ਲਗਾਤਾਰ ਪਾਰਟੀ ਅਜ਼ਾਦੀ ਦੀ ਲੜਾਈ ਵਿੱਚ ਮੁਹਰਲੀਆਂ ਵਿੱਚ ਕਤਾਰਾਂ ਵਿੱਚ ਰਹੀ ਅਤੇ ਪਾਰਟੀ ਦੇ ਸਾਥੀਆਂ ਨੇ ਅੰਗਰੇਜ਼ ਹਕੂਮਤ ਵੱਲੋਂ ਥੋਪੇ ਕਈ ਸਾਜ਼ਿਸ਼ੀ ਕੇਸਾਂ ਵਿੱਚ ਜੇਲਾਂ,ਜਲਾਵਤਨੀਆਂ ਅਤੇ ਸ਼ਹੀਦੀਆਂ ਪ੍ਰਾਪਤ ਕੀਤੀਆਂ।ਅਜਾਦੀ ਸਮੇਂ ਹੋਏ ਬਟਵਾਰੇ ਦੋਰਾਨ ਆਪਸੀ ਫਸਾਦ ਰੋਕਣ ਲਈ ਪਾਰਟੀ ਮੈਦਾਨ ਵਿੱਚ ਨਿੱਤਰੀ ਅਤੇ ਅਜ਼ਾਦੀ ਮਿਲਣ ਬਾਅਦ ਪਾਂਡੀਚਰੀ ਅਤੇ ਗੋਆ ਦੀ ਆਜ਼ਾਦੀ ਦੀ ਲੜਾਈ ਹੋਵੇ ਜਾਂ ਰਜਵਾੜਾਸ਼ਾਹੀ ਵਿਰੁੱਧ ਸੰਘਰਸ਼ ਸਮੇਤ ਮੁਜ਼ਾਹਰਾ ਲਹਿਰ, ਅਤਿਵਾਦ ਦਾ ਦੌਰ ਆਦਿ ਵਿੱਚ ਪਾਰਟੀ ਨੇ ਮਹਾਨ ਰੋਲ ਅਦਾ ਕੀਤਾ ਅਤੇ ਮਿਸਾਲੀ ਕੁਰਬਾਨੀਆਂ ਦਿੱਤੀਆਂ। ਇਸੇ ਤਰ੍ਹਾਂ ਮਹਿੰਗਾਈ, ਬੇਰੁਜ਼ਗਾਰੀ, ਨਿੱਜੀਕਰਨ, ਗਰੀਬੀ ਵਿਰੁੱਧ ਲੜਾਈ ਵਿੱਚ ਹਮੇਸ਼ਾਂ ਪਾਰਟੀ ਸੰਘਰਸ਼ ਕਰ ਰਹੀ ਹੈ ਅਤੇ ਮੋਦੀ ਸਰਕਾਰ ਦੀਆਂ ਫੁੱਟਪਾਊ ਫਾਸ਼ੀਵਾਦੀ, ਨਿਜੀਕਰਨ, ਫਿਰਕੂ ਨੀਤੀਆਂ ਦਾ ਡੱਟ ਕੇ ਵਿਰੋਧ ਕਰ ਰਹੀ ਹੈ । ਕਾਮਰੇਡ ਦਵਿੰਦਰ ਨੰਗਲੀ ਨੇ ਬੈਂਕਾਂ ਦੇ ਕੌਮੀਕਰਨ ਅਤੇ ਬਿਰਲਾ ਫਾਰਮ ਦੇ ਸੰਘਰਸ਼ ਦੌਰਾਨ ਪਾਰਟੀ ਦੇ ਇਤਿਹਾਸਕ ਰੋਲ 'ਤੇ ਚਾਨਣਾ ਪਾਇਆ। ਮੀਟਿੰਗ ਵਿੱਚ ਕਾਮਰੇਡ ਨਰਿੰਦਰ ਸੋਹਲ ਅਤੇ ਸੀਨੀਅਰ ਕਾਮਰੇਡ ਬਖਤਾਵਰ ਸਿੰਘ ਬਣੀ, ਲਾਲ ਬਹਾਦੁਰ, ਦਵਿੰਦਰ ਕੁਮਾਰ ਨੰਗਲੀ, ਕਾਕਾ ਰਾਮ ਮੋਰਿੰਡਾ, ਭਾਗ ਸਿੰਘ ਮਦਾਨ, ਐਸ ਡੀ ਓ ਜਗਦੀਸ਼, ਸੁਸ਼ੀਲ ਕੁਮਾਰ, ਰਜਨੀ ਬਾਲਾ, ਭਾਗ ਸਿੰਘ ਆਦਿ ਨੂੰ ਬਕਾਇਦਾ ਲੋਈਆਂ ਦੇ ਕੇ ਸਨਮਾਨਿਤ ਕੀਤਾ ਗਿਆ। ਆਖਿਰ ਵਿੱਚ ਲੱਡੂ ਵੀ ਵੰਡੇ ਗਏ ਅਤੇ ਕਾਮਰੇਡ ਸੁਖਵੀਰ ਸਿੰਘ ਸੁੱਖਾ ਨੇ ਕਾਮਰੇਡ ਸੋਹਲ ਜੀ, ਆਏ ਕਾਮਰੇਡ ਸਾਥੀਆਂ ਅਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਸੰਘਰਸ਼ ਕੀਤਾ।

ਸ਼ਹੀਦਾਂ ਦੀ ਯਾਦ 'ਚ ਪੰਜਾਬ ਰੋਡਵੇਜ਼ ਵਰਕਰਾਂ ਵੱਲੋਂ ਦੁੱਧ ਦਾ ਲੰਗਰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਪੰਜਾਬ ਰੋਡਵੇਜ਼ ਬੱਸ ਸਟੈਂਡ ਨਵਾਂਸ਼ਹਿਰ ਵਿਖੇ ਮਾਤਾ ਗੁਜਰ ਕੌਰ, ਚਾਰ ਸਾਹਿਬਜ਼ਾਦਿਆਂ ਅਤੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਪੰਜਾਬ ਰੋਡਵੇਜ਼ ਵਰਕਰਾਂ ਵਲੋਂ ਦੁੱਧ ਤੇ ਬਿਸਕਿਟਾਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਪੰਜਾਬ ਰੋਡਵੇਜ਼ ਨਵਾਂਸ਼ਹਿਰ ਬਿਕਰਮਜੀਤ ਸਿੰਘ ਏਟਕ ਜਨਰਲ ਸਕੱਤਰ ਨੇ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਜਿਹੜੀਆਂ ਕੌਮਾਂ ਆਪਣੇ ਇਤਿਹਾਸ ਨੂੰ ਭੁੱਲ ਜਾਂਦੀਆਂ ਹਨ, ਉਹ ਇੱਕ ਨਾ ਇੱਕ ਦਿਨ ਖਤਮ ਹੋ ਜਾਂਦੀਆਂ ਹਨ। ਸਾਨੂੰ ਗੁਰੂਆਂ ਦੇ ਦਰਸ਼ਾਏ ਮਾਰਗ 'ਤੇ ਚੱਲ ਕੇ ਬਾਣੀ ਤੇ ਬਾਣੇ ਦੇ ਧਾਰਨੀ ਹੋਣਾ ਚਾਹੀਦਾ ਹੈ। ਇਸ ਮੌਕੇ ਪ੍ਰਧਾਨ ਬਲਵੀਰ ਸਿੰਘ,ਮੀਤ ਪ੍ਰਧਾਨ ਮਲਕੀਤ ਸਿੰਘ, ਜਨਰਲ ਸਕੱਤਰ ਬਿਕਰਮਜੀਤ ਸਿੰਘ, ਕੈਸ਼ੀਅਰ ਅੰਮ੍ਰਿਤਪਾਲ ਸਿੰਘ,ਚੇਅਰਮੈਨ ਗੁਰਜੀਤ ਸਿੰਘ ਤੇ ਰੋਡਵੇਜ਼ ਵਰਕਰ ਸਟਾਫ ਆਦਿ ਹਾਜ਼ਰ ਸਨ।

ਦੁੱਧ ਦਾ ਲੰਗਰ ਲਗਾਇਆ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਲ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦੇ ਹੋਏ ਹੁਸ਼ਿਆਰਪੁਰ ਦੇ ਸਿੱਖ ਨੌਜਵਾਨਾਂ ਵੱਲੋਂ ਮਹਾਰਾਣਾ ਪ੍ਰਤਾਪ ਪ੍ਰਭਾਤ ਚੌਕ ਹੁਸ਼ਿਆਰਪੁਰ ਵਿਖੇ ਦੁੱਧ ਦਾ ਲੰਗਰ ਲਾਇਆ ਗਿਆ । ਇਸ ਮੌਕੇ ਅਮਰਜੀਤ ਸਿੰਘ, ਜਗਜੀਤ ਸਿੰਘ ਬਤਰਾ, ਸੱਤਵਿੰਦਰ ਸਿੰਘ, ਹਰਪ੍ਰੀਤ ਸਿੰਘ, ਕੁਲਵੀਰ ਸਿੰਘ, ਬਲਜਿੰਦਰ ਸਿੰਘ,ਗਗਨਦੀਪ ਸਿੰਘ,ਅਮਨਦੀਪ ਸਿੰਘ, ਬਲਜੀਤ ਸਿੰਘ, ਇੰਦਰਜੀਤ ਸਿੰਘ, ਹਰਵਿੰਦਰ ਸਿੰਘ, ਦਲਜੀਤ ਸਿੰਘ,ਲਖਵੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ।

ਹਾਇਕ ਐਂਡ ਟ੍ਰੈਕ ਕਲੱਬ ਨੇ 8ਵੀਂ ਵਰ੍ਹੇਗੰਢ ਮਨਾਈ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਹਾਇਕ ਐਂਡ ਟ੍ਰੈਕ ਕਲੱਬ ਹੁਸ਼ਿਆਰਪੁਰ ਨੇ ਆਪਣੀ 8ਵੀਂ ਵਰ੍ਹੇਗੰਢ ਮੌਕੇ ਨੂੰ ਯਾਦਗਾਰ ਅਤੇ ਸਾਰਥਕ ਬਣਾਉਣ ਲਈ ਇੱਕ ਨਿਵੇਕਲੀ ਪਹਿਲ ਕਰਦੇ ਹੋਏ ਜੰਗਲਾਤ ਵਿਭਾਗ ਦੇ ਨਾਰਾ ਰੈਸਟ ਹਾਊਸ ਵਿਖੇ 'ਕੁਦਰਤ ਦੀ ਮਹੱਤਤਾ ਅਤੇ ਸਾਂਭ-ਸੰਭਾਲ' ਸੰਬੰਧੀ ਕੈਂਪ ਦਾ ਆਯੋਜਨ ਕੀਤਾ। ਇਸ ਕੈਂਪ ਵਿੱਚ ਕਲੱਬ ਦੇ ਮੈਂਬਰਾਂ ਨੇ ਪਰਵਾਰਾਂ ਸਹਿਤ ਭਾਗ ਲਿਆ। ਇਸ ਤੋਂ ਇਲਾਵਾ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਲੋਂ ਐੱਨਐੱਸਐੱਸ ਟੀਮ ਦੇ 150 ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਸ਼ਿਰਕਤ ਕੀਤੀ।ਸਭ ਤੋਂ ਪਹਿਲਾਂ ਸਮੂਹ ਭਾਗੀਦਾਰੀਆਂ ਵਲੋਂ ਨਾਰਾ ਡੈਮ ਅਤੇ ਆਸ-ਪਾਸ ਦੇ ਸਾਰੇ ਇਲਾਕੇ ਨੂੰ ਸਫ਼ਾਈ ਅਭਿਆਨ ਚਲਾ ਕੇ ਕਚਰਾ ਮੁਕਤ ਕੀਤਾ ਗਿਆ। ਅਗਲੇ ਪੜਾਅ ਵਿੱਚ ਜੰਗਲਾਤ ਵਿਭਾਗ ਦੇ ਉੱਚ ਅਧਿਕਾਰੀ ਸੰਜੀਵ ਕੁਮਾਰ ਤਿਵਾੜੀ ਸੀ.ਐਫ.ਓ ਦੇ ਸਹਿਯੋਗ ਨਾਲ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕੁਦਰਤ ਦੀ ਸਾਂਭ-ਸੰਭਾਲ ਅਤੇ ਪ੍ਰਦੂਸ਼ਣ ਮੁਕਤ ਵਾਤਾਵਰਨ ਸਿਰਜਣ ਸਬੰਧੀ ਵਿਚਾਰ ਗੋਸ਼ਟੀ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਲਵਲੀ ਯੂਨੀਵਰਸਿਟੀ ਤੋਂ ਸ਼੍ਰੀਮਤੀ ਜਗਦੀਸ਼ ਕੌਰ, ਸ਼੍ਰੀਮਤੀ ਆਸ਼ਿਮਾ ਬੋਹਰਾ ਅਤੇ ਮਿਸਟਰ ਯੋਗੇਸ਼ ਨੇ ਭਾਗ ਲਿਆ। ਇਸ ਤੋਂ ਇਲਾਵਾ ਹਾਇਕ ਐਂਡ ਟ੍ਰੈਕ ਕਲੱਬ ਦੇ ਮੈਂਬਰ ਮਲਕੀਤ ਸਿੰਘ ਮਰਵਾਹਾ, ਚੰਦਰ ਪ੍ਰਕਾਸ਼, ਗੁਰਚਰਨ ਸਿੰਘ, ਰਮੇਸ਼ ਕੁਮਾਰ ਬੱਗਾ,ਰਿਸ਼ਵ ਬੱਗਾ, ਜਤਿੰਦਰ ਸੈਣੀ, ਵਰਿੰਦਰ ਵਰਮਾ, ਰਵਿੰਦਰ ਕੁਮਾਰ, ਅਭਿਸ਼ੇਕ ਕੁਮਾਰ ਅਤੇ ਰਸ਼ਪਾਲ ਸਿੰਘ ਨੇ ਹਿੱਸਾ ਲਿਆ। ਸਮਾਗਮ ਦੇ ਅੰਤ ਵਿੱਚ ਮੁੱਖ ਮਹਿਮਾਨਾਂ ਨੂੰ ਇਨਾਮ ਵੰਡੇ ਗਏ ਅਤੇ ਕੈਂਪ ਵਿੱਚ ਸ਼ਾਮਿਲ ਹੋਏ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕੈਂਪ ਅਤੇ ਪ੍ਰੋਗਰਾਮ ਜਾਰੀ ਰੱਖਣ ਦਾ ਫੈਸਲਾ ਕੀਤਾ ਹੈ।

ਲੋੜਵੰਦਾਂ ਨੂੰ ਵੰਡੀਆਂ ਗਰਮ ਜਰਸੀਆਂ

ਫਗਵਾੜਾ (ਡਾ. ਰਮਨ) ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਵਲੋਂ ਸਰਦੀਆਂ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ 'ਆਓ ਪੁੰਨ ਕਮਾਈਏ' ਲੜੀ ਤਹਿਤ ਤਿੰਨ ਦਿਨਾਂ 'ਚ ਦੂਸਰਾ ਪ੍ਰੋਜੈਕਟ ਕਰਦੇ ਹੋਏ ਪਿੰਡ ਸਾਹਨੀ ਦੇ ਲੋੜਵੰਦ ਬਜੁਰਗਾਂ ਨੂੰ ਗਰਮ ਜਰਸੀਆਂ ਦੀ ਵੰਡ ਕੀਤੀ ਗਈ। ਇਸ ਮੌਕੇ ਆਯੋਜਿਤ ਸੰਖੇਪ ਸਮਾਗਮ ਵਿਚ ਨੂਰ-ਏ-ਖੁਦਾ ਦਰਬਾਰ ਬਾਬਾ ਮੰਗੂ ਸ਼ਾਹ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਆਮ ਆਦਮੀ ਪਾਰਟੀ ਵਪਾਰ ਸੈਲ ਫਗਵਾੜਾ ਦੇ ਕੋਆਰਡੀਨੇਟਰ ਗੁਰਦੀਪ ਸਿੰਘ ਤੁਲੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਾਂਈ ਕਰਨੈਲ ਸ਼ਾਹ ਨੇ ਸਭਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਨੇਕ ਕਾਰਜਾਂ ਵਿਚ ਸਮਾਜ ਦੇ ਸਮੂਹ ਸਮਰੱਥ ਲੋਕਾਂ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਕਿਉਂਕਿ ਅਜਿਹੇ ਉਪਰਾਲੇ ਆਰਥਕ ਪੱਖੋਂ ਕਮਜੋਰ ਪਰਵਾਰਾਂ ਦੇ ਵਿਅਕਤੀਆਂ ਲਈ ਬਹੁਤ ਹੀ ਲਾਹੇਵੰਦ ਬਣਦੇ ਹਨ।ਇਸ ਮੌਕੇ ਸਮਾਜ ਸੇਵਕ ਰਮਨ ਨਹਿਰਾ, ਸ਼ਰਨ ਬਾਸੀ, ਸਾਹਿਬਜੀਤ ਸਿੰਘ, ਰਾਕੇਸ਼ ਕੋਛੜ, ਵਿਕਰਮਜੀਤ ਵਿੱਕੀ, ਜਸ਼ਨਪ੍ਰੀਤ ਸਿੰਘ, ਆਰ.ਪੀ. ਸ਼ਰਮਾ ਤੋਂ ਇਲਾਵਾ ਬਾਬਾ ਮਲੰਗ ਸਾਹਨੀ, ਬਾਬਾ ਧੰਨਾ, ਨਿਰਮਲ ਸਿੰਘ ਨਿੰਮਾ, ਮਨਪ੍ਰੀਤ ਸਿੰਘ ਮਨੀ, ਬਲਵੰਤ ਸਿੰਘ ਜੀਤਾ ਸਮੇਤ ਹੋਰ ਪਤਵੰਤੇ ਹਾਜਰ ਸਨ।

ਮੋਤੀ ਰਾਮ ਮਹਿਰਾ ਦੀ ਯਾਦ 'ਚ ਲਗਾਇਆ ਦੁੱਧ ਦਾ ਲੰਗਰ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)— ਸ਼ਹੀਦੀ ਜੋੜ ਮੇਲਿਆਂ ਨੂੰ ਸਮਰਪਿਤ ਜਿੱਥੇ ਫਤਿਹਗੜ੍ਹ ਸਾਹਿਬ ਦੇ ਵਿੱਚ ਬਹੁਤ ਵੱਡੇ ਪ੍ਰੋਗਰਾਮਾਂ ਉਲੀਕੇ ਜਾ ਰਹੇ ਹਨ ਉਥੇ ਹੀ ਸੁਲਤਾਨਪੁਰ ਲੋਧੀ ਵਿੱਚ ਵੀ ਮੋਤੀ ਰਾਮ ਮਹਿਰਾ ਦੀ ਯਾਦ ਵਿੱਚ ਮਹਿਰਾ ਬਿਰਾਦਰੀ ਵੱਲੋਂ ਸਵੇਰੇ ਤੋਂ ਹੀ ਦੁੱਧ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਉਚੇਚੇ ਤੌਰ 'ਤੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਵੀ ਪਹੁੰਚੇ।ਸੇਵਾ ਕਰ ਰਹੇ ਨੌਜਵਾਨਾਂ ਨੇ ਕਿਹਾ ਕਿ ਜੋ ਮੋਤੀਰਾਮ ਮਹਿਰਾ ਵੱਲੋਂ ਛੋਟੇ ਸਾਹਿਬਜ਼ਾਦਿਆਂ ਨੂੰ ਦੁੱਧ ਪਿਲਾਇਆ ਗਿਆ ਸੀ ਉਹਨਾਂ ਦੀ ਯਾਦ ਦੇ ਵਿੱਚ ਹੀ ਇਹ ਲੰਗਰ ਲਗਾਇਆ ਜਾਂਦਾ ਹੈ । ਉਹਨਾਂ ਨੇ ਕਿਹਾ ਕਿ ਇਹ ਲੰਗਰ ਸਵੇਰ ਤੋਂ ਸ਼ੁਰੂ ਹੋ ਕੇ ਦੇਰ ਰਾਤ ਤੱਕ ਚੱਲਦਾ ਹੈ।

ਸੀਟੀ ਗਰੁੱਪ ਨੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਮਨਾਇਆ

ਜਲੰਧਰਰ (ਸ਼ੈਲੀ ਐਲਬਰਟ) - ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਉਨ੍ਹਾਂ ਦੇ ਚਾਰ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਨੂੰ ਸਮਰਪਿਤ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਵਿੱਚ ਸਾਹਿਬਜ਼ਾਦਾ ਜੁਝਾਰ ਸਿੰਘ ਗੁਰਮਤਿ ਮਿਸ਼ਨਰੀ ਕਾਲਜ, ਚੌੜਾ ਕਲਾਂ, ਰੋਪੜ ਵਿਖੇ ਗਿਆਨੀ ਬਲਜੀਤ ਸਿੰਘ, ਡਾਇਰੈਕਟਰ ਆਫ਼ ਐਜੂਕੇਸ਼ਨ ਵੱਲੋਂ ਦਿਲਕਸ਼ ਭਾਸ਼ਣ ਪੇਸ਼ ਕੀਤਾ ਗਿਆ। ਉਸਨੇ ਸਾਹਿਬਜ਼ਾਦਿਆਂ ਦੀ ਬਹਾਦਰੀ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਸਿੱਖਿਆਵਾਂ ਦੀਆਂ ਪ੍ਰੇਰਨਾਦਾਇਕ ਕਹਾਣੀਆਂ ਸਾਂਝੀਆਂ ਕੀਤੀਆਂ ਮਿਸ਼ਨਰੀ ਕਾਲਜ ਦੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਕੀਤਾ । ਸੀਟੀ ਦੇ ਵਿਦਿਆਰਥੀਆਂ ਨੇ ਅਮੀਰ ਸਿੱਖ ਮਾਰਸ਼ਲ ਆਰਟ ਪ੍ਰੂਫਰਾ ਨੂੰ ਦਰਸਾਉਂਦੇ ਹੋਏ ਗਤਕਾ ਪ੍ਰਦਰਸ਼ਨ ਵੀ ਪੇਸ਼ ਕੀਤਾ । ਪ੍ਰੋਗਰਾਮ ਦੀ ਸਮਾਪਤੀ ਲੰਗਰ ਸੇਵਾ ਨਾਲ ਹੋਈ, ਜਿਸ ਦਾ ਆਯੋਜਨ ਸੀਟੀ ਗਰੁੱਪ ਵੱਲੋਂ ਨਿਮਰਤਾ ਅਤੇ ਸੇਵਾ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਲਈ ਕੀਤਾ ਗਿਆ । ਸੀਟੀ ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਸਾਨੂੰ ਧਰਮ ਲਈ ਖੜ੍ਹੇ ਹੋਣ ਦੀ ਮਹੱਤਤਾ ਸਿਖਾਉਂਦੀਆਂ ਹਨ।

ਪਾਵਰਕਾਮ ਵਰਕਰਾਂ ਨੇ ਦੁੱਧ ਦਾ ਲੰਗਰ ਲਗਾਇਆ

ਭੋਗਪੁਰ (ਕਲਬੀਰ ਸਿੰਘ ਕਾਹਲੋਂ) ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਮਾਤਾ ਗੁਜਰ ਕੌਰ ਜੀ ਦੀ ਲਸਾਨੀ ਸ਼ਹਾਦਤ ਨੂੰ ਸਮਰਪਿਤ ਅੱਜ ਭੋਗਪੁਰ ਸਥਿਤ ਪਾਵਰ ਕਾਮ ਦਫਤਰ ਦੇ ਮੇਨ ਗੇਟ 'ਤੇ ਦੁੱਧ ਦਾ ਲੰਗਰ ਲਗਾਇਆ ਗਿਆ। ਸੀਨੀਅਰ ਕਾਰਜਕਾਰੀ ਇੰਜੀਨੀਅਰ ਜਸਵੰਤ ਸਿੰਘ ਪਾਵਲਾ ਅਤੇ ਸਮੂਹ ਪਾਵਰ ਕਾਮ ਅਧਿਕਾਰੀਆਂ ਕਰਮਚਾਰੀਆਂ ਵੱਲੋਂ ਇਸ ਵਿੱਚ ਹਿੱਸਾ ਲਿਆ ਗਿਆ। ਇਸ ਮੌਕੇ ਸਹਾਇਕ ਕਾਰਜਕਾਰੀ ਇੰਜੀਨੀਅਰ ਗਗਨਦੀਪ ਸਿੰਘ ਵਧੀਕ ਕਾਰਜਕਾਰੀ ਇੰਜੀਨੀਅਰ ਪ੍ਰੀਤਮ ਸਿੰਘ ਲੇਖਾਕਾਰ ਮੈਡਮ ਨਗਮਾ ਅੰਮ੍ਰਿਤ ਚਾਵਲਾ ਗੁਰਦੀਪ ਸਿੰਘ ਪਰਮਜੀਤ ਸਿੰਘ ਸਰਬਜੀਤ ਸਿੰਘ ਚਨਪ੍ਰੀਤ ਸਿੰਘ ਲੇਖਾਕਾਰ ਨਰਿੰਦਰ ਕੁਮਾਰ ਯੂਡੀ ਸੀ ਪਵਨ ਕੁਮਾਰ ਗੁਰਦੀਪ ਸਿੰਘ ਜੇਈ ਮਨਜੀਤ ਸਿੰਘ ਜੇਈ ਵਿਸ਼ਵ ਮਿੱਤਰ ਜੇਈ ਸਤਪਾਲ ਐਚ ਡੀਐਮ ਸੁਧੀਰ ਨਾਥ ਕਸ਼ਮੀਰ ਸਿੰਘ ਜੇਈ ਰਿਟਾਇਰਡ ਨਰੇਸ਼ ਕੁਮਾਰ ਅਮਰੀਕ ਸਿੰਘ ਬਿਕਰਮ ਸਿੰਘ ਲਾਦੜਾ ਸਮੇਤ ਵੱਡੀ ਗਿਣਤੀ 'ਚ ਹਾਜ਼ਰ ਕਰਮਚਾਰੀਆਂ ਨੇ ਸੰਗਤ ਦੀ ਸੇਵ

28-Dec-PAGE-9--Doaba--2024.qxd 12/27/2024 10:39 PM Page 1

ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਤਹਿਸੀਲ ਕਮੇਟੀ ਦੇ ਧਾਮੀ ਪ੍ਰਧਾਨ ਤੇ ਮਹਿਤਾ ਜਨਰਲ ਸਕੱਤਰ ਚੁਣੇ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)—ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਤਹਿਸੀਲ ਕਮੇਟੀ ਹੁਸ਼ਿਆਰਪੁਰ ਦੀ ਚੋਣ, ਚੋਣ ਕਮੇਟੀ ਦੇ ਅਬਜਰਵਰ ਬਲਵੀਰ ਸਿੰਘ ਸੈਣੀ ਸੂਬਾ ਪ੍ਰੈਸ਼ ਸਕੱਤਰ ਅਤੇ ਬਾਲ ਕ੍ਰਿਸ਼ਨ ਸਾਬਕਾ ਜਿਲ੍ਹਾ ਵਿੱਤ ਸਕੱਤਰ ਵੱਲੋਂ ਅਮਲ ਵਿੱਚ ਲਿਆਂਦੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਤੇ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਚੋਣ ਪ੍ਰੀਕਿਰਆ ਵਿੱਚ ਸ਼ਾਮਿਲ ਹੋਏ ਪੈਨਸ਼ਨਰ ਸਾਥੀਆਂ ਵੱਲੋਂ ਦੋ ਪੈਨਲ ਪੇਸ਼ ਕੀਤੇ ਗਏ। ਪਹਿਲੇ ਪੈਨਲ ਵਿੱਚ ਸ਼ਮਸ਼ੇਰ ਸਿੰਘ ਧਾਮੀ ਪ੍ਰਧਾਨ, ਮਹਿੰਦਰ ਕੁਮਾਰ ਮਹਿਤਾ ਜਨਰਲ ਸਕੱਤਰ, ਦਿਨੇਸ਼ ਪਠਾਣੀਆਂ ਵਿਤ ਸਕੱਤਰ ਅਤੇ ਦੂਸਰੇ ਪੈਨਲ ਵਿੱਚ ਮਦਨ ਲਾਲ ਸੈਣੀ ਸੀਨੀਅਰ ਮੀਤ ਪ੍ਰਧਾਨ, ਮਹਿੰਦਰ ਸਿੰਘ ਅਹੀਰ ਵਧੀਕ ਜਨਰਲ ਸਕੱਤਰ, ਕ੍ਰਿਸ਼ਨ ਲਾਲ ਵਧੀਕ ਵਿਤ ਸਕੱਤਰ ਆਗੂਆਂ ਦੇ ਨਾਂਅ ਚੋਣ ਕਮੇਟੀ ਨੂੰ ਪੇਸ਼ ਕੀਤੇ ਗਏ। ਉਪਰੋਕਤ ਆਗੂਆਂ ਦੇ ਪੈਨਲਾਂ ਵਾਲੇ ਸਾਥੀਆਂ ਦੇ ਨਾਂਅ ਕਰਮਵਾਰ ਸੂਰਜ ਪ੍ਰਕਾਸ਼ ਅਨੰਦ, ਸਦੇਸ਼ ਚੰਦ ਸ਼ਰਮਾ, ਕਮਲ ਕੁਮਾਰ ਕਾਲੀਆ, ਭੁਪਿੰਦਰ ਸਿੰਘ, ਸੁਦਰਸ਼ਨ ਸ਼ਰਮਾ ਅਤੇ ਤਰਸੇਮ ਸਿੰਘ ਪੈਨਸ਼ਨਰ ਸਾਥੀਆਂ ਵੱਲੋਂ ਪੇਸ਼ ਕੀਤੇ ਅਤੇ ਪ੍ਰੋੜਤਾ ਕੀਤੀ ਗਈ।ਦੋਨਾਂ ਪੈਨਲਾਂ ਦੇ ਵਿਰੋਧ ਵਿੱਚ ਹੋਰ ਕੋਈ ਪੈਨਲ ਨਹੀਂ ਆਇਆ। ਕੋਈ ਵੀ ਵਿਰੋਧੀ ਪੈਨਲ ਨਾ ਆਉਣ ਕਰਕੇ ਚੋਣ ਸਰਬ ਸੰਮਤੀ ਨਾਲ ਕੀਤੀ ਗਈ। ਇਸ ਮੌਕੇ ਸ਼ਕਤੀ ਕੁਮਾਰ ਸ਼ਰਮਾ ਤਹਿਸੀਲ ਹੁਸ਼ਿਆਰਪੁਰ ਦੇ ਸਰਪ੍ਰਸਤ ਅਤੇ ਭੁਪਿੰਦਰ ਸਿੰਘ ਨੂੰ ਚੀਫ ਐਡੀਟਰ ਸਰਬ ਸੰਮਤੀ ਨਾਲ ਨਿਯੁਕਤ ਕੀਤਾ ਗਿਆ।ਇਸ ਮੌਕੇ ਗੁਰਚਰਨ ਸਿੰਘ, ਕਿਰਪਾਲ ਸਿੰਘ, ਮਨਜੀਤ ਸਿੰਘ ਸੈਣੀ, ਧੰਨਾ ਰਾਮ, ਕਰਮਜੀਤ ਸਿੰਘ, ਬਲਵੀਰ ਸਿੰਘ, ਮਨਜੀਤ ਸਿੰਘ ਬਾਜਵਾ, ਗੁਲਸ਼ਨ ਕੁਮਾਰ, ਤਰਸੇਮ ਸਿੰਘ, ਸੁਸ਼ੀਲ ਕੁਮਾਰ, ਸਿੰਦਰਪਾਲ ਪੁਰ ਹੀਰਾ, ਹਰਿਭਜਨ, ਜਸਵੀਰ ਸਿੰਘ, ਵਿਜੇ ਕੁਮਾਰ, ਕਰਨੈਲ ਸਿੰਘ, ਤੇਜਪਾਲ ਸਿੰਘ, ਪਲਵਿੰਦਰ ਸਿੰਘ, ਸਤੀਸ਼ ਕੁਮਾਰ ਸ਼ਰਮਾ, ਪਰਦੁਮਣ ਸਿੰਘ ਆਦਿ ਹਾਜ਼ਰ ਸਨ।

ਮੁੱਖ ਮੰਤਰੀ ਸੈਣੀ ਨੇ ਵੀਰ ਸਾਹਿਬਜ਼ਾਦਿਆਂ ਦੇ ਬਲੀਦਾਨ ਤੋਂ ਪ੍ਰੇਰਣਾ ਲੈਣ ਦੀ ਕੀਤੀ ਅਪੀਲ

ਚੰਡੀਗੜ੍ਹ, (ਕ੍ਰਿਸ਼ਨ ਗਰਗ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀਰ ਬਾਲ ਦਿਵਸ ਮੌਕੇ 'ਤੇ ਲੋਕਾਂ ਤੋਂ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜਾਦਿਆਂ ਵੱਲੋਂ ਦਿੱਤੇ ਗਏ ਬਲਿਦਾਨਾਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕਰਦੇ ਹੋਏ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਾਹਿਬਜਾਦਿਆਂ ਦੀ ਤਰ੍ਹਾਂ ਹਿੰਮਤ, ਤਿਆਗ ਅਤੇ ਜਿੰਮੇਵਾਰੀਆਂ ਦਾ ਮਹਤੱਵ ਸਿਖਾਉਂਣ ਅਤੇ ਉਨ੍ਹਾਂ ਦੇ ਜੀਵਨ ਵਿਚ ਇਨ੍ਹਾਂ ਮੁੱਲਾਂ ਨੂੰ ਸ਼ਾਮਿਲ ਕਰਨ। ਇਹੀ ਉਨ੍ਹਾਂ ਦੇ ਵਿਲੱਖਣ ਬਲਿਦਾਨ ਦੇ ਪ੍ਰਤੀ ਸਾਡੀ ਸੱਚੀ ਸ਼ਰਧਾਂਜਲੀ ਹੋਵੇਗੀ।ਮੁੱਖ ਮੰਤਰੀ ਨੇ ਸਾਰੇ ਧਰਮ ਗੁਰੂਆਂ ਅਤੇ ਸਾਰੇ ਸਮਾਜਿਕ ਸੰਸਥਾਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਨਸ਼ੇ ਵਰਗੀ ਸਮਾਜਿਕ ਬੁਰਾਈ ਦੇ ਖਿਲਾਫ ਇੱਕਜੁੱਟ ਹੋ ਕੇ ਜਨ ਅੰਦੋਲਨ ਚਲਾਉਣ, ਤਾਂ ਜੋ ਇਸ ਗੰਭੀਰ ਸਮਸਿਆ ਨੂੰ ਜੜ੍ਹ ਤੋਂ ਖਤਮ ਕਰ ਨੌਜੂਆਨ ਸ਼ਕਤੀ ਨੂੰ ਬਚਾਇਆ ਜਾ ਸਕੇ।ਮੁੱਖ ਮੰਤਰੀ ਕੁਰੂਕਸ਼ੇਤਰ ਵਿਚ ਪ੍ਰਬੰਧਿਤ ਰਾਜ ਪੱਧਰੀ ਵੀਰ ਬਾਲ ਦਿਵਸ ਪ੍ਰੋਗ੍ਰਾਮ ਵਿਚ ਮੌਜੂਦ ਸੰਗਤਾਂ ਨੂੰ ਸੰਬੋਧਿਤ ਕਰ ਰਹੇ ਸਨ। ਦੋਵਾਂ ਵੀਰ ਸਾਹਿਬਜਾਦਿਆਂ ਨੂੰ ਨਮਨ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਦਾ ਵਿਲੱਖਣ ਬਲਿਦਾਨ ਇਸ ਰਾਸ਼ਟਰ ਹਿਤ ਵਿਚ ਵੱਡੀ ਤੋਂ ਵੱਡੀ ਕੁਰਬਾਨੀ ਦੇਣ ਲਈ ਪ੍ਰੇਰਿਤ ਕਰਦਾ ਹੈ। ਛੋਟੀ ਜਿਹੀ ਉਮਰ ਵਿਚ ਸ਼ਹਾਦਤ ਦੇਣ ਵਾਲੇ ਵੀਰ ਸਾਹਿਬਜਾਦਿਆਂ ਦੀ ਅਮਰ ਗਾਥਾ ਇਤਿਹਾਸ ਵਿਚ ਸੁਨਹਿਰੇ ਅੱਖਰਾਂ ਵਿਚ ਦਰਜ ਹੈ।ਸਾਹਿਬਜਾਦਿਆਂ ਦੀ ਸ਼ਹਾਦਤ ਦਾ ਬਦਲਾ ਲੈਣ ਵਾਲੇ ਮਹਾਨ ਵੀਰ ਬਾਬਾ ਬੰਦਾ ਸਿੰਘ ਬਹਾਦੁਰ ਨੂੰ ਨਮਨ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਉਹ ਪਹਿਲੇ ਅਜਿਹੇ ਸਿੱਖ ਸੈਨਾਪਤੀ ਹੋਏ, ਜਿਨ੍ਹਾਂ ਨੇ ਮੁਗਲਾਂ ਦੇ ਅਜਿੱਤ ਹੋਣ ਦਾ ਭਰਮ ਤੋੜ ਦਿੱਤਾ।

ਓਐਸਡੀ ਡਾ. ਪ੍ਰਭਲੀਨ ਅਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋਫੈਸਰ ਸੋਮਨਾਥ ਸਚਦੇਵਾ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ 'ਤੇ ਸਾਬਕਾ ਮੰਤਰੀ ਸੁਭਾਸ਼ ਸੁਧਾ ਅਤੇ ਸਿੱਖ ਕਮਿਊਨਿਟੀ ਦੇ ਕਈ ਪ੍ਰਮੁੱਖ ਨੇਤਾ ਵੀ ਮੌਜੂਦ ਸਨ।

ਕੈਬਨਿਟ ਸਬ-ਕਮੇਟੀ ਵੱਲੋਂ ਮੁੱਖ ਮੁੱਦਿਆਂ ਨੂੰ ਹੱਲ ਕਰਨ ਲਈ ਕਰਮਚਾਰੀ ਯੂਨੀਅਨਾਂ ਦੀ ਮੀਟਿੰਗ

ਚੰਡੀਗੜ੍ਹ (ਗੁਰਜੀਤ ਬਿੱਲਾ)—ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਸ਼ਮੂਲੀਅਤ ਵਾਲੀ ਕੈਬਨਿਟ ਸਬ-ਕਮੇਟੀ ਨੇ ਇਥੇ ਵੱਖ-ਵੱਖ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਵਿਸਤ੍ਰਿਤ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ ਕਰਮਚਾਰੀਆਂ ਨੂੰ ਦਰਪੇਸ਼ ਮੁਸ਼ਕਲਾਂ 'ਤੇ ਚਰਚਾ ਅਤੇ ਹੱਲ ਕਰਨਾ ਸੀ।ਪਾਵਰਕੌਮ ਸੀ.ਐਚ.ਬੀ ਲਾਈਨਮੈਨ ਠੇਕਾ ਮੁਲਾਜ਼ਮ ਯੂਨੀਅਨ, ਸਰਬ ਸਿਖਿਆ ਅਭਿਆਨ ਮਿਡ-ਡੇਅ ਮੀਲ ਦਫਤਰੀ ਮੁਲਾਜ਼ਮ ਯੂਨੀਅਨ ਅਤੇ ਆਦਰਸ਼ ਸਕੂਲ ਟੀਚਿੰਗ ਨਾਨ-ਟੀਚਿੰਗ ਮੁਲਾਜਮ ਯੂਨੀਅਨ ਦੇ ਨੁਮਾਇੰਦਿਆਂ ਨੇ ਇੰਨ੍ਹਾਂ ਮੀਟਿੰਗਾਂ ਦੌਰਾਨ ਆਪਣੀਆਂ ਮੰਗਾਂ ਅਤੇ ਚਿੰਤਾਵਾਂ ਨਾਲ ਸੰਬੰਧਤ ਮੰਗ ਪੱਤਰ ਸੌਂਪੇ।ਯੂਨੀਅਨਾਂ ਆਗੂਆਂ ਨੇ ਆਪਣੇ ਕੰਮ ਦੀਆਂ ਸਥਿਤੀਆਂ, ਨੌਕਰੀ ਦੀ ਸੁਰੱਖਿਆ ਅਤੇ ਹੋਰ ਜ਼ਰੂਰੀ ਪਹਿਲੂਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਨੂੰ ਕੈਬਨਿਟ ਸਬ-ਕਮੇਟੀ ਨਾਲ ਸਾਂਝਾ ਕੀਤਾ।ਇੰਨ੍ਹਾਂ ਮੀਟਿੰਗਾਂ ਦੌਰਾਨ ਕੈਬਨਿਟ ਸਬ-ਕਮੇਟੀ ਨੇ ਯੂਨੀਅਨਾਂ ਦੇ ਨੁਮਾਇੰਦਿਆਂ ਵੱਲੋਂ ਰੱਖੀਆਂ ਮੰਗਾਂ 'ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਡੂੰਘਾਈ ਨਾਲ ਵਿਚਾਰ ਵਟਾਂਦਰਾ ਕੀਤਾ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਬਹੁਤੇ ਮੁੱਦੇ ਪਹਿਲਾਂ ਹੀ ਵਿਚਾਰੇ ਜਾ ਰਹੇ ਹਨ। ਉਨ੍ਹਾਂ ਨੇ ਜਾਇਜ਼ ਮੰਗਾਂ ਨੂੰ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਸਰਕਾਰ ਦੀ ਵਚਨਬੱਧਤਾ ਦੁਹਰਾਈ। ਸਕਾਰਾਤਮਕ ਨੋਟ 'ਤੇ ਸਮਾਪਤ ਹੋਈਆਂ ਇੰਨ੍ਹਾਂ ਮੀਟਿੰਗਾਂ ਦੌਰਾਨ ਯੂਨੀਅਨ ਦੇ ਨੁਮਾਇੰਦਿਆਂ ਨੇ ਸਰਕਾਰ ਦੀ ਹਾਂ-ਪੱਖੀ ਪਹੁੰਚ ਅਤੇ ਉਸਾਰੂ ਗੱਲਬਾਤ ਜਾਰੀ ਰੱਖਣ ਲਈ ਪ੍ਰਸ਼ੰਸਾ ਕੀਤੀ।ਮੀਟਿੰਗਾਂ ਦੌਰਾਨ ਪਾਵਰਕੌਮ ਸੀ.ਐਚ.ਬੀ ਲਾਈਨਮੈਨ ਠੇਕਾ ਮੁਲਾਜਣ ਯੂਨੀਅਨ ਦੀ ਨੁਮਾਇੰਦਗੀ ਸੂਬਾ ਪ੍ਰਧਾਨ ਅੰਗਰੇਜ ਸਿੰਘ, ਜਨਰਲ ਸਕੱਤਰ ਰਾਕੇਸ਼ ਕੁਮਾਰ, ਸੂਬਾ ਸੀਨੀਅਰ ਮੀਤ ਪ੍ਰਧਾਨ ਪ੍ਰਿਤਪਾਲ ਸਿੰਘ ਬੁੱਟਰ, ਸੂਬਾ ਖਜ਼ਾਨਚੀ ਅਜੈ ਕੁਮਾਰ ਨੇ ਕੀਤੀ।

ਸਰਬ ਸਿਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਮੁਲਾਜਮ ਯੂਨੀਅਨ ਦੀ ਨੁਮਾਇੰਦਗੀ ਕੁਲਦੀਪ ਸਿੰਘ, ਰਜਿੰਦਰ ਸਿੰਘ ਸੰਧਾ, ਪਰਵੀਨ ਸ਼ਰਮਾ, ਰਮੇਸ਼ ਸਹਾਰਨ ਅਤੇ ਨਰਿੰਦਰ ਕੁਮਾਰ ਨੇ ਕੀਤੀ। ਇਸ ਦੌਰਾਨ ਆਦਰਸ਼ ਸਕੂਲ ਟੀਚਿੰਗ ਨਾਨ-ਟੀਚਿੰਗ ਮੁਲਾਜਮ ਯੂਨੀਅਨ ਦੀ ਨੁਮਾਇੰਦਗੀ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ, ਜਨਰਲ ਸਕੱਤਰ ਸੁਖਦੀਪ ਕੌਰ ਸਰਾਂ, ਮੀਤ ਪ੍ਰਧਾਨ ਮੀਨੂੰ ਬਾਲਾ, ਸੂਬਾ ਮੀਡੀਆ ਇੰਚਾਰਜ ਅਮਨ ਸ਼ਾਸਤਰੀ ਨੇ ਕੀਤੀ।

ਬੀ ਡੀ ਐੱਸ 'ਚ ਆਰ ਬੀ ਡੀ ਸੀ ਐੱਚ ਦੇ ਵਿਦਿਆਰਥੀਆਂ ਨੇ ਟਾਪ ਕੀਤਾ

ਮੋਹਾਲੀ (ਗੁਰਜੀਤ ਬਿੱਲਾ)— ਅਭਿਨਵ (2023 ਬੈਚ) ਬੀਡੀਐਸ ਪਹਿਲੇ ਸਾਲ ਦੇ ਵਿਦਿਆਰਥੀ ਨੇ ਰਿਆਤ ਬਾਹਰਾ ਡੈਂਟਲ ਕਾਲਜ ਅਤੇ ਹਸਪਤਾਲ ਵਿੱਚ ਸਾਲਾਨਾ ਪ੍ਰੀਖਿਆ ਵਿੱਚ 77.16 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਆਪਣੀ ਕਲਾਸ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਮਿਦੁਸ਼ੀ (74.5%) ਅਤੇ ਸੁਨਿਧੀ (71%) ਕ੍ਰਮਵਾਰ ਦੂਜੇ ਅਤੇ ਤੀਜੇ ਸਥਾਨ 'ਤੇ ਰਹੇ।ਇਹ ਪ੍ਰੀਖਿਆ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਫ਼ਰੀਦਕੋਟ ਵੱਲੋਂ ਲਈ ਗਈ ਸੀ। ਇਹ ਮੈਡੀਕਲ/ਡੈਂਟਲ ਸਾਇੰਸਜ਼ ਵਿੱਚ ਇੱਕ ਵੱਡੀ ਪ੍ਰਾਪਤੀ ਹੈ।ਇਸ ਤੋਂ ਇਲਾਵਾ 3 ਵਿਦਿਆਰਥੀਆਂ ਅਭਿਨਵ, ਅਮਨਜੋਤ ਅਤੇ ਅਨੁਰਾਧਿਕਾ ਨੇ ਫਿਜ਼ੀਓਲੋਜੀ ਅਤੇ ਬਾਇਓਕੈਮਿਸਟਰੀ ਵਿੱਚ ਡਿਸਟਿੰਕਸ਼ਨ ਹਾਸਲ ਕੀਤੇ ਹਨ।ਅਭਿਨਵ ਨੂੰ ਵਾਈਸ ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ । ਰਿਆਤ ਬਾਹਰਾ ਡੈਂਟਲ ਕਾਲਜ ਅਤੇ ਹਸਪਤਾਲ ਦੇ ਪ੍ਰਿੰਸੀਪਲ ਡਾ: ਅਕਸ਼ੈ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਸ਼ਾਨਦਾਰ ਸਫ਼ਲਤਾ ਦੀ ਸ਼ਲਾਘਾ ਕੀਤੀ ।

ਨਗਰ ਨਿਗਮ ਨੇ ਗੈਰ-ਪ੍ਰਵਾਨਿਤ ਉਸਾਰੀਆਂ ਖਿਲਾਫ ਵਿਆਪਕ ਮੁਹਿੰਮ ਚਲਾਈ

ਐਸ.ਏ.ਐਸ.ਨਗਰ (ਗੁਰਜੀਤ ਬਿੱਲਾ)- ਕਮਿਸ਼ਨਰ ਐਮ.ਸੀ. ਮੋਹਾਲੀ ਵੱਲੋਂ ਸੰਯੁਕਤ ਕਮਿਸ਼ਨਰ, ਸਹਾਇਕ ਕਮਿਸ਼ਨਰ, ਮਿਉਂਸਪਲ ਟਾਊਨ ਪਲਾਨਰ ਅਤੇ ਸਮੂਹ ਟਾਊਨ ਪਲੈਨਿੰਗ ਅਫ਼ਸਰਾਂ/ਅਧਿਕਾਰੀਆਂ ਦੇ ਨਾਲ ਨਗਰ ਨਿਗਮ ਦੀ ਹਦੂਦ ਅੰਦਰ ਪੈਂਦੇ ਪਿੰਡਾਂ ਵਿੱਚ ਅਣ-ਅਧਿਕਾਰਤ ਉਸਾਰੀਆਂ ਵਿਰੁੱਧ ਇੱਕ ਵਿਆਪਕ ਮੁਹਿੰਮ ਚਲਾਈ ਗਈ। ਕਮਿਸ਼ਨਰ ਟੀ ਬੇਨਿਥ ਨੇ ਦੱਸਿਆ ਕਿ ਮਟੌਰ ਅਤੇ ਕੁੰਭੜਾ ਪਿੰਡਾਂ ਵਿੱਚ ਬਿਨਾਂ ਕਿਸੇ ਮਨਜ਼ੂਰੀ ਦੇ ਚੱਲ ਰਹੀਆਂ ਉਸਾਰੀਆਂ ਨੂੰ ਢਾਹੁਣ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਖਾਸ ਕਰਕੇ ਬਿਲਡਿੰਗ ਇੰਸਪੈਕਟਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਸ਼ਨੀਵਾਰ, ਐਤਵਾਰ ਅਤੇ ਛੁੱਟੀ ਵਾਲੇ ਦਿਨ ਵੀ ਨਗਰ ਨਿਗਮ ਅਧੀਨ ਪੈਂਦੇ ਇਲਾਕਿਆਂ ਵਿੱਚ ਨਾਜਾਇਜ਼ ਉਸਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਕਮਿਸ਼ਨਰ ਨੇ ਅਧਿਕਾਰੀਆਂ/ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਬਿਨਾਂ ਪ੍ਰਵਾਨਗੀ ਤੋਂ ਕੋਈ ਉਸਾਰੀ ਨਾ ਹੋਣ ਦਿੱਤੀ ਜਾਵੇ ਅਤੇ ਕਿਸੇ ਵੀ ਗੈਰ-ਕਾਨੂੰਨੀ ਉਸਾਰੀ ਵਿਰੁੱਧ ਕਾਨੂੰਨ ਅਨੁਸਾਰ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਅਧਿਕਾਰੀ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਦੁੱਧ ਤੇ ਪਕੌੜਿਆਂ ਦਾ ਲੰਗਰ ਲਾਇਆ

ਆਦਮਪੁਰ (ਪਰਮਜੀਤ ਸਿੰਘ):-ਨਜ਼ਦੀਕੀ ਪਿੰਡ ਕਡਿਆਣਾ ਵਿਖੇ ਗਿਆਨੀ ਰਾਜਵੀਰ ਸਿੰਘ ਦੇ ਉਪਰਾਲੇ ਸਦਕਾ ਛੋਟੇ ਸਾਹਿਬਜਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਦੁੱਧ ਤੇ ਪਕੌੜਿਆਂ ਦਾ ਲੰਗਰ ਲਾਇਆ ਗਿਆ। ਇਸ ਮੌਕੇ ਜੱਥੇਦਾਰ ਬਾਬਾ ਲਖਵੀਰ ਸਿੰਘ ਮਿਸ਼ਨਰੀ ਸ਼ਹੀਦਾਂ ਤਰਨਾ ਦਲ,ਜੰਗੀ ਜਰਨੈਲ ਬਾਬਾ ਹਰੀ ਸਿੰਘ,ਜੱਥੇਦਾਰ ਬਾਬਾ ਰਾਜਵੀਰ ਸਿੰਘ ਬਡਿਆਲ ਫਰਨੀਚਰ ਹਾਊਸ, ਆਕਾਸ਼ ਗੁਗਲਾਨੀ ਜਲੰਧਰ ਤੋਂ, ਕਰਨ ਗਗਨ, ਸਾਬਕਾ ਸਰਪੰਚ ਹਰਜੋਤ ਸਿੰਘ, ਮੌਜਦੂ ਸਰਪੰਚ ਤੀਰਥ ਰਾਮ,ਦਵਿੰਦਰ ਪਵਾਰ,ਲੈਕਚਰਾਰ ਗੁਰਿੰਦਰ ਸਿੰਘ ਹਾਕਮ ਸਿੰਘ,ਪਰਮਜੀਤ ਸਿੰਘ,ਲਾਲੀ ਪਵਾਰ,ਜਸਪਾਲ ਸਿੰਘ ਹਰੀਪੁਰ,ਸੀਰਾ ਬਡਾਲਾ ਆਦਿ ਹਾਜਰ ਸਨ।

ਯੁਵਕ ਸੇਵਾਵਾਂ ਵਿਭਾਗ ਨੇ ਚਲਾਇਆ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਅਭਿਆਨ

ਨਵਾਂਸ਼ਹਿਰ (ਮਨੋਜ ਲਾਡੀ)-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੇ ਨਿਰਦੇਸ਼ਾਂ ਅਨੁਸਾਰ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ, ਸ਼ਹੀਦ ਭਗਤ ਸਿੰਘ ਨਗਰ ਰਵੀ ਪਾਲ ਦੀ ਅਗਵਾਈ ਹੇਠ ਸ੍ਰੀ ਗੁਰੂ ਅਰਜੁਨ ਦੇਵ ਸਪੋਰਟਸ ਐਂਡ ਵੈਲਫੇਅਰ ਕਲੱਬ ਖੇਬਤਾਂ ਵੱਲੋਂ ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਚ ਨਸ਼ਾ ਵਿਰੋਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਨਸ਼ਾ ਵਿਰੋਧੀ ਕਵਿਤਾਵਾਂ ਅਤੇ ਗੀਤ ਪੇਸ਼ ਕੀਤੇ ਗਏ। ਇਸ ਦੌਰਾਨ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ ਅਤੇ ਪਹਿਲੇ, ਦੂਜੇ ਅਤੇ ਤੀਜੇ ਸਥਾਨ ਉੱਤੇ ਆਉਣ ਵਾਲੇ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਗੀਥਾ ਅਤੇ ਸਮੂਹ ਸਟਾਫ ਵਲੋਂ ਵਿਦਿਆਰਥੀਆਂ ਨੂੰ ਨਸ਼ਿਆ ਦੇ ਬੁਰੇ ਪ੍ਰਭਾਵ ਬਾਰੇ ਦੱਸਿਆ ਗਿਆ ਅਤੇ ਬੱਚਿਆਂ ਨੂੰ ਖੇਡਾਂ ਅਤੇ ਹੋਰ ਸਹਿ ਵ

28-DEC-PAGE-10.qxd 12/27/2024 10:21 PM Page 1

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ

ਰਾਮਪੁਰਾ ਫੂਲ (ਦਰਸ਼ਨ ਸਿੰਦਲ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਡਾਕਟਰ ਨਿਰਮਲ ਸਿੰਘ ਚਾਉਕੇ ਦੀ ਪ੍ਰਧਾਨਗੀ ਹੇਠ ਟੀਚਰਜ਼ ਹੋਮ ਵਿਖੇ ਹੋਈ। ਡਾਕਟਰ ਦੇਵ ਰਾਜ ਨੇ ਸਟੇਜ ਸੈਕਟਰੀ ਦੀ ਸੇਵਾ ਸੰਭਾਲੀ।ਡਾਕਟਰ ਰਵੇਲ ਸਿੰਘ ਮਹਿਰਾਜ ਨੇ ਵਿਚਾਰ ਪੇਸ਼ ਕਰਦੇ ਹੋਏ ਸਮੁੱਚੀ ਮਾਨਵਤਾ ਲਈ ਕੁਰਬਾਨ ਹੋਏ ਗੁਰੂ ਗੋਬਿੰਦ ਸਿੰਘ ਦੇ ਚਾਰ ਸਾਹਿਬਜਾਦੇ, ਮਾਤਾ ਗੁਜ਼ਰ ਕੌਰ ਨੂੰ ਯਾਦ ਕੀਤਾ ਗਿਆ ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਚੰਗੀ ਸਿਹਤ ਲਈ ਕਾਮਨਾ ਕੀਤੀ ਗਈ।ਡਾਕਟਰ ਰੇਸਮ ਸਿੰਘ ਫੂਲ ਨੇ ਡੱਲੇਵਾਲ ਕਿਸਾਨ ਆਗੂ ਦੇ ਨਾਲ ਸਾਰੇ ਕਿਸਾਨ ਆਗੂ, ਸਮੁੱਚੇ ਪੰਜਾਬ ਨੂੰ ਉਨ੍ਹਾਂ ਨਾਲ ਖੜਨ ਲਈ ਬੇਨਤੀ ਕੀਤੀ ਗਈ ਤੇ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਕਿਹਾ ਗਿਆ।ਡਾਕਟਰ ਕੌਰ ਸਿੰਘ ਫੂਲ ਨੇ ਕਿਸਾਨੀ ਸੰਘਰਸ਼ ਲਈ ਚੱਲ ਰਹੇ ਮੈਡੀਕਲ ਕੈਂਪ ਵਿੱਚ ਯੋਗਦਾਨ ਪਾਉਣ ਲਈ ਬੇਨਤੀ ਕੀਤੀ ਗਈ। ਡਾਕਟਰ ਭਰਥਰੀ ਸ਼ਰਮਾ ਮੰਡੀ ਕਲਾਂ ਨੇ ਪੰਜਾਬ ਸਰਕਾਰ ਨੂੰ ਸਾਡੀਆਂ ਜਾਇਜ਼ ਮੰਗਾਂ ਪੂਰੀਆਂ ਕਰਨ ਲਈ ਕਿਹਾ।ਡਾਕਟਰ ਮਨਪ੍ਰੀਤ ਸਿੰਘ ਡੱਲਾ ਜ਼ਿਲ੍ਹਾ ਸਕੱਤਰ ਵੱਲੋਂ ਕਿਸਾਨੀ ਸੰਘਰਸ਼ ਵਿੱਚ ਚੱਲ ਰਹੇ ਫਰੀ ਮੈਡੀਕਲ ਕੈਂਪ ਲਈ ਲੱਗ ਰਹੀਆਂ ਡਿਊਟੀ ਬਾਰੇ ਜਾਣਕਾਰੀ ਸਾਂਝੀ ਕੀਤੀ ਤੇ ਸਾਰੇ ਸਾਥੀਆਂ ਨੂੰ ਸਾਫ ਸੁਥਰੀ ਪ੍ਰੈਕਟਿਸ ਕਰਨ ਲਈ ਕਿਹਾ ਗਿਆ।ਡਾਕਟਰ ਜਗਤਾਰ ਸਿੰਘ ਫੂਲ ਜ਼ਿਲ੍ਹਾ ਪ੍ਰਧਾਨ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਬਲਾਕ ਤੇ ਜ਼ਿਲ੍ਹੇ ਦੀ ਸਰਬਸੰਮਤੀ ਨਾਲ ਬਲਾਕ ਦਾ ਕਾਰਜ ਕਾਲ ਦੋ ਸਾਲ ਲਈ ਵਧਾਇਆ ਗਿਆ।

ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਨੇ ਬੰਦ ਦੇ ਸੱਦੇ ਲਈ ਲਾਮਬੰਦੀ ਕੀਤੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਕਿਸਾਨ ਮਜ਼ਦੂਰ ਮੋਰਚਾ ਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਦੇ 30 ਤਰੀਕ ਦੇ ਬੰਦ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਬਲਾਕ ਸੰਗਰੂਰ ਦੀ ਟੀਮ ਵੱਲੋਂ ਸੰਗਰੂਰ ਬਲਾਕ ਦੇ ਪਿੰਡ ਮੰਡੇਰ ਕਲਾਂ, ਲੋਹਾਖੇੜਾ, ਦਿਆਲਗੜ੍ਹ, ਪਿੰਡੀ ਕੇਹਰ ਸਿੰਘ ਵਾਲੀ, ਮੰਡੇਰ ਖੁਰਦ, ਦੁੱਲਟ ਵਾਲਾ, ਲੌਂਗੋਵਾਲ, ਕਿਲ੍ਹਾ ਭਰੀਆਂ ਆਦਿ ਪਿੰਡਾਂ ਵਿੱਚ ਬੰਦ ਦੇ ਸੱਦੇ ਨੂੰ ਲਾਗੂ ਕਰਨ ਲਈ ਸਮੁੱਚੇ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ, ਮਾਵਾਂ, ਭੈਣਾਂ ਤੇ ਨੌਜਵਾਨਾਂ ਦੀ ਲਾਮਬੰਦੀ ਕੀਤੀ ਗਈ।ਬੁਲਾਰਿਆਂ ਨੇ ਕਿਹਾ ਕਿ ਸ਼ੰਭੂ, ਖਨੌਰੀ, ਰਤਨਪੁਰਾ ਬਾਰਡਰਾਂ ਉੱਪਰ ਚੱਲ ਰਿਹਾ ਮੋਰਚਾ ਪੂਰੀ ਚੜ੍ਹਦੀ ਕਲਾ ਵਿੱਚ ਹੈ ਤੇ ਸਾਰੇ ਬਾਰਡਰਾਂ ਉੱਪਰ ਚੱਲ ਰਿਹਾ ਮੋਰਚਾ ਸਮੁੱਚੀ ਲੋਕਾਈ ਦਾ ਮੋਰਚਾ ਬਣ ਚੁੱਕਿਆ ਹੈ ਅਤੇ ਸਾਰੇ ਬਾਰਡਰਾਂ ਤੇ ਆਪ ਮੁਹਾਰੇ ਹੋ ਰਹੇ ਵੱਡੇ ਇਕੱਠ ਇਸ ਗੱਲ ਦੀ ਗਵਾਹੀ ਭਰਦੇ ਹਨ।ਉਨ੍ਹਾਂ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਲਗਾਤਾਰ ਮੰਗਾਂ ਦੀ ਪ੍ਰਾਪਤੀ ਤੱਕ ਜਾਰੀ ਰਹੇਗਾ ਅਤੇ ਬੇਸ਼ੱਕ ਸਰੀਰਕ ਪੱਖੋਂ ਡੱਲੇਵਾਲ ਪੂਰੀ ਤਰ੍ਹਾਂ ਕਮਜ਼ੋਰ ਹੋ ਚੁੱਕੇ ਹਨ ਪਰ ਕਿਸਾਨਾਂ ਦੇ ਆਗੂ ਦਾ ਹੌਸਲਾ ਪੂਰੀ ਚੜ੍ਹਦੀ ਕਲਾ ਵਿੱਚ ਹੈ।ਦੋਵਾਂ ਮੋਰਚਿਆਂ ਵੱਲੋਂ ਲਗਾਤਾਰ ਸੰਘਰਸ਼ ਨੂੰ ਤੇਜ਼ ਕਰਨ ਲਈ ਤੇ ਸਮੁੱਚੀਆਂ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਪ੍ਰੋਗਰਾਮ ਦਿੱਤੇ ਜਾ ਰਹੇ ਹਨ ਅਤੇ 30 ਤਰੀਕ ਨੂੰ ਪੰਜਾਬ ਬੰਦ ਦੇ ਸੱਦੇ ਵਿੱਚ ਵੀ ਪੰਜਾਬ ਦੇ ਸਮੁੱਚੇ ਲੋਕਾਂ ਨੂੰ ਸਾਥ ਦੇਣ ਲਈ ਲਗਾਤਾਰ ਪਿੰਡਾਂ ਵਿੱਚ ਸ਼ਹਿਰਾਂ ਵਿੱਚ ਬੇਨਤੀ ਕੀਤੀ ਜਾ ਰਹੀ ਹੈ।

ਵੇਅ ਆਫ਼ ਫੇਥ ਚਰਚ ਰੇਤਗੜ੍ਹ 'ਚ ਕ੍ਰਿਸਮਿਸ ਦਿਵਸ ਮਨਾਇਆ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਵੇਅ ਫੇਥ ਚਰਚ ਰੇਤਗੜ੍ਹ ਸਮਾਣਾ ਵਿਖੇ ਕ੍ਰਿਸਮਿਸ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਰੇਤਗੜ੍ਹ ਚਰਚ ਮੁਖੀ ਪਾਸਟਰ ਗੁਰਚਰਨ ਸਿੰਘ ਰੇਤਗੜ੍ਹ ਤੇ ਉਨ੍ਹਾਂ ਦੀ ਪਤਨੀ ਪਾਸਟਰ ਰਾਜਵਿੰਦਰ ਕੌਰ ਨੇ ਸੰਗਤਾਂ ਨੂੰ ਪ੍ਰਭੂ ਯਿਸੂ ਮਸੀਹ ਦੇ ਜਨਮ ਸਬੰਧੀ ਜਾਣੂ ਕਰਾਇਆ ਤੇ ਉਨ੍ਹਾਂ ਵੱਲੋਂ ਪ੍ਰਭੂ ਯਿਸ਼ੂ ਮਸੀਹ ਜੀ ਦੀ ਖੁਸ਼ਖਬਰੀ ਦਾ ਸੰਦੇਸ਼ ਪਿਆਰ ਦਾ ਸੁਨੇਹਾ ਦਿੱਤਾ ਗਿਆ ਕਿ ਪਰਮੇਸ਼ਵਰ ਨੇ ਸੰਸਾਰ ਨਾਲ ਅਜਿਹਾ ਪਿਆਰ ਕੀਤਾ ਕਿ ਉਸ ਨੇ ਆਪਣਾ ਇਕਲੌਤਾ ਪੁੱਤਰ ਦੇ ਦਿੱਤਾ ਜੋ ਕੋਈ ਉਸ ਉੱਤੇ ਵਿਸ਼ਵਾਸ ਕਰੇ, ਉਹ ਨਾਸ਼ ਨਾ ਹੋਵੇ ਪਰ ਸਦੀਪਕ ਜੀਵਨ ਪਾਵੇ।ਪ੍ਰਮੇਸ਼ਵਰ ਦੇ ਪੁੱਤਰ ਪ੍ਰਭੂ ਯਿਸ਼ੂ ਮਸੀਹ ਸਭ ਨੂੰ ਉਨ੍ਹਾਂ ਦੇ ਪਾਪਾਂ ਤੋਂ ਬਚਾਉਣ ਲਈ ਅਤੇ ਬਿਮਾਰੀਆਂ ਤੋਂ ਚੰਗਾ ਕਰਨ ਦੇ ਲਈ ਸ਼ਾਂਤੀ ਦੇਣ ਲਈ ਹਮੇਸ਼ਾ ਦਾ ਜੀਵਨ ਦੇਣ ਦੇ ਲਈ ਧਰਤੀ 'ਤੇ ਆਏ। ਉਨ੍ਹਾਂ ਤਕਰੀਬਨ 2400 ਸਾਲ ਪਹਿਲਾਂ ਇੱਕ ਕੁਆਰੀ ਮਾਤਾ ਮਰੀਅਮ ਦੇ ਦੁਆਰਾ ਜਨਮ ਲਿਆ ਤੇ ਬਹੁਤ ਵੱਡੇ ਵੱਡੇ ਚਮਤਕਾਰ ਤੇ ਚਿੰਨ੍ਹ ਕਰਕੇ ਵਿਖਾਏ। ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਉਨ੍ਹਾਂ ਵੱਲੋਂ ਕੇਕ ਕੱਟ ਕੇ ਪ੍ਰਭੂ ਯਿਸ਼ੂ ਮਸੀਹ ਦਾ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਅਤੁੱਟ ਲੰਗਰ ਵਰਤਾਇਆ ਗਿਆ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਅਰਾਧਨਾ ਪ੍ਰਾਰਥਨਾ ਕੀਤੀ ਅਤੇ ਰੇਤਗੜ੍ਹ ਚਰਚ ਦੀ ਸਮੁੱਚੀ ਟੀਮ ਨੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਇਹ ਤਿਉਹਾਰ ਮਨਾਇਆ।

ਸਕੂਲੀ ਬੱਚਿਆਂ ਦੀ ਸਿੱਖ ਇਤਿਹਾਸ ਬਾਰੇ ਪ੍ਰੀਖਿਆ ਕਰਵਾਈ

ਬੁਢਲਾਡਾ (ਅਸ਼ੋਕ ਲਾਕੜਾ)-ਸਮੂਹ ਸੰਗਤ ਅਤੇ ਪ੍ਰਬੰਧਕ ਕਮੇਟੀ ਗੁਰਦੁਆਰਾ ਭਾਈ ਜਗਤਾ ਜੀ ਅਤੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਯਾਦ ਨੂੰ ਸਮਰਪਿਤ ਚੱਲ ਰਹੇ ਤਿੰਨਾ ਰੋਜ਼ਾ ਨਾਮ ਸਿਮਰਨ ਸਮਾਗਮ ਵਿੱਚ ਪਹਿਲੇ ਦਿਨ ਬੱਚਿਆਂ ਨੂੰ ਸਿੱਖ ਇਤਿਹਾਸ ਨਾਲ ਜੋੜਨ ਲਈ ਸਿੱਖ ਇਤਿਹਾਸ ਪ੍ਰੀਖਿਆ ਕਰਵਾਈ ਗਈ , ਜਿਸ ਵਿੱਚ ਜੂਨੀਅਰ ਅਤੇ ਸੀਨੀਅਰ ਵਿੱਚ ਲਗਭਗ 15 ਪਿੰਡਾਂ ਤੋ ਕੁੱਲ 135 ਬੱਚਿਆਂ ਨੇ ਭਾਗ ਲਿਆ ।ਭਾਗ ਲੈਣ ਵਾਲੇ ਹਰ ਬੱਚੇ ਨੂੰ ਸਰਟੀਫਿਕੇਟ ਅਤੇ ਗਿਫਟ ਨਾਲ ਸਨਮਾਨਤ ਕੀਤਾ ਗਿਆ। ਦੋਹਾਂ ਵਰਗਾਂ ਦੇ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਪ੍ਰੀਤ ਮੋਟਰਜ਼ ਬੁਢਲਾਡਾ ਵੱਲੋਂ ਕ੍ਰਮਵਾਰ 3100, 2100 ਅਤੇ 1100 ਰੁਪਏ ਦੇ ਨਕਦ ਇਨਾਮ ਦਿੱਤੇ ਗਏ।ਇਸ ਮੌਕੇ ਮਾਤਾ ਗੁਜਰੀ ਭਲਾਈ ਕੇਦਰ ਤੋਂ ਮਾਸਟਰ ਕੁਲਵੰਤ ਸਿੰਘ ਨੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਦੱਸੇ ਮਾਰਗ 'ਤੇ ਚੱਲਣ ਅਤੇ ਹਰ ਪ੍ਰਸਥਿਤੀ ਵਿੱਚ ਅਡੋਲ ਰਹਿਣ ਲਈ ਪ੍ਰੇਰਿਤ ਕੀਤਾ। ਗੁਰਦੁਆਰਾ ਸਾਹਿਬ ਦੇ ਸੇਵਾਦਾਰ ਮਾਸਟਰ ਜਸਪ੍ਰੀਤ ਸਿੰਘ ਨੇ ਮਾਤਾ ਗੁਜਰੀ ਜੀ ਭਲਾਈ ਕੇਂਦਰ, ਪ੍ਰੀਤ ਮੋਟਰਜ਼ ਬੁਢਲਾਡਾ ਅਤੇ ਸਾਰੀਆਂ ਸੰਗਤਾਂ ਅਤੇ ਬੱਚਿਆਂ ਦੇ ਮਾਪਿਆ ਦਾ ਵਿਸ਼ੇਸ਼ ਧੰਨਵਾਦ ।ਇਸ ਮੌਕੇ ਗੁਰਚਰਨ ਸਿੰਘ ਅਨੇਜਾ, ਕੁਲਦੀਪ ਸਿੰਘ ਅਨੇਜਾ, ਹਰਭਜਨ ਸਿੰਘ ਬਜਾਜ, ਸੁਖਵਿੰਦਰ ਸਿੰਘ ਮਨੀ, ਮਾਸਟਰ ਅਮਰੀਕ ਸਿੰਘ, ਸੁਖਪ੍ਰੀਤ ਸਿੰਘ, ਗੁਰਵਿੰਦਰ ਸਿੰਘ ਸੋਨੂੰ, ਮੁਖਵਿੰਦਰ ਸਿੰਘ ਹਨੀ, ਸੁਰਜੀਤ ਸਿੰਘ, ਨੱਥਾ ਸਿੰਘ, ਬਲਬੀਰ ਸਿੰਘ ਕੈਂਥ ਆਦਿ ਹਾਜ਼ਰ ਸਨ।

ਐੱਮ ਡੀ ਬੀ ਗਰੁੱਪ ਵੱਲੋਂ ਗੁਰਮਤਿ ਸਮਾਗਮ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਮੈਟਰੋ ਡਿਵੈਲਪਰ ਐਂਡ ਬਿਲਡਰ ਗਰੁੱਪ ਵੱਲੋਂ ਸ਼ਹਿਰ ਦੇ ਜਾਖਲ ਰੋਡ 'ਤੇ ਨਵੇਂ ਉਸਾਰੇ ਗਏ ਕਮਰਸ਼ੀਅਲ ਕੰਪਲੈਕਸ ਟਾਈਮ ਸੁਕੇਅਰ ਵਿਖੇ ਗੁਰਮਤਿ ਸਮਾਗਮ ਕੀਤਾ ਗਿਆ।ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨੀ ਜਥੇ ਵੱਲੋਂ ਮਨਮੋਹਕ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਜਾਣਕਾਰੀ ਦਿੰਦਿਆਂ ਐੱਮ ਡੀ ਬੀ ਗਰੁੱਪ ਦੇ ਐੱਮ ਡੀ ਪੰਕਜ ਬਾਂਸਲ ਤੇ ਸੁਰਿੰਦਰ ਬਾਂਸਲ ਨੇ ਦੱਸਿਆ ਕਿ ਗਰੁੱਪ ਵੱਲੋਂ ਇੱਕ ਇਲਾਕੇ ਵਿੱਚ ਉਸਾਰੇ ਨਵੇਂ ਪ੍ਰੋਜੈਕਟ ਦੀ ਸ਼ੁਰੂਆਤ ਮੌਕੇ ਗੁਰੂ ਦਾ ਆਸਰਾ ਲਿਆ ਗਿਆ ਹੈ।ਕਿਸੇ ਵੀ ਕੰਮ ਦੀ ਸ਼ੁਰੂਆਤ ਧਾਰਮਿਕ ਕਾਰਜ ਨਾਲ ਕੀਤਾ ਜਾਣਾ ਸ਼ੁਭ ਸ਼ਗਨ ਮੰਨਿਆ ਜਾਂਦਾ ਹੈ, ਇਸ ਲਈ ਪ੍ਰੋਜੈਕਟ ਦੀ ਸ਼ੁਰੂਆਤ ਮੌਕੇ ਗੁਰਮਤਿ ਸਮਾਗਮ ਕਰਵਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਕੌਮਾਂਤਰੀ ਪੱਧਰ ਦੀਆਂ ਕੰਪਨੀਆਂ ਵੱਲੋਂ ਆਪਣੇ ਸ਼ੋ-ਰੂਮ ਖੋਲ੍ਹ ਕੇ ਲੋਕਾਂ ਨੂੰ ਵੱਡੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ।

ਛਾਜਲਾ ਦੇ ਸਕੂਲ 'ਚ ਖੇਡ ਦਿਵਸ ਮਨਾਇਆ

ਦਿੜ੍ਹਬਾ (ਜਸਵੀਰ ਲਾਡੀ)-ਇੱਥੋਂ ਨੇੜਲੇ ਪਿੰਡ ਦੇ ਸਰਕਾਰੀ ਹਾਈ ਸਕੂਲ ਛਾਜਲਾ ਵਿਖੇ ਖੇਡ ਦਿਵਸ ਸਿੱਖਿਆ ਵਿਭਾਗ ਤੇ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਤਲਵਿੰਦਰ ਕੌਰ ਦੀ ਯੋਗ ਅਗਵਾਈ ਹੇਠ ਮਨਾਇਆ ਗਿਆ। ਇਸ ਖੇਡ ਦਿਵਸ ਨੂੰ ਡੀ. ਡੀ. ਓ. ਸ੍ਰੀਮਤੀ ਨੀਤੂ ਰਾਣੀ ਤੇ ਮੁੱਖ ਆਧਿਆਪਕ ਭੂਪਾਲ ਸਿੰਘ ਨੇ ਹਰੀ ਝੰਡੀ ਦਿੱਤੀ। ਇਸ ਖੇਡ ਦਿਵਸ ਦੌਰਾਨ ਵਿਦਿਆਰਥੀਆਂ ਨੇ ਐਥਲੈਟਿਕਸ, ਲੰਬੀ ਛਾਲ, ਉੱਚੀ ਛਾਲ, ਕਰਾਟੇ, ਰੱਸਾਕਸੀ ਤੇ ਕਵੀਸ਼ਰੀ ਵਿੱਚ ਭਾਗ ਲਿਆ। ਖੇਡਾਂ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਨਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤੀ ਗਿਆ। ਇਸ ਮੌਕੇ ਕਰਮਜੀਤ ਕੌਰ ਸਰਪੰਚ, ਅਕਾਲੀ ਆਗੂ ਮਾਸਟਰ ਰਣਜੀਤ ਸਿੰਘ, ਲਾਭ ਸਿੰਘ, ਸਤਗੁਰ ਸਿੰਘ ਚੇਅਰਮੈਨ, ਦਰਸ਼ਨਾ ਰਾਣੀ, ਗੁਰਮੀਤ ਕੌਰ, ਹੈਪੀ ਸਿੰਘ, ਕੁਲਬੀਰ ਸਿੰਘ, ਰਵੀ ਸ਼ੰਕਰ, ਕੁਲਵਿੰਦਰ ਸਿੰਘ, ਜਗਦੀਸ ਲਾਲ, ਦਵਿੰਦਰ ਸਿੰਘ, ਕੁਲਵੰਤ ਸਿੰਘ, ਬਿਮਲਾ ਸ਼ਰਮਾ, ਲਖਵਿੰਦਰ ਕੌਰ, ਮੇਗਨਾ ਗਰੋਵਰ, ਸੰਦੀਪ ਕੌਰ, ਪ੍ਰਭਜੋਤ ਸਿੰਘ ਤੋਂ ਬਿਨਾਂ ਸਮੂਹ ਸਟਾਫ, ਵਿਦਿਆਰਥੀ ਤੇ ਪਿੰਡ ਨੇ ਪਤਵੰਤੇ ਸੱਜਣ ਹਾਜ਼ਰ ਸਨ।

ਫ਼ਤਹਿਗੜ੍ਹ ਸਾਹਿਬ ਦੀ ਧਰਤੀ 'ਤੇ ਹੋਈਆਂ ਸ਼ਹਾਦਤਾਂ ਦੀ ਮਿਸਾਲ ਦੁਨੀਆ 'ਚ ਹੋਰ ਕਿਤੇ ਨਹੀਂ ਮਿਲਦੀ : ਅਮਨ ਅਰੋੜਾ

ਕੈਬਨਿਟ ਮੰਤਰੀ ਤੇ ਆਪ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਸਮੇਤ ਵੱਖੋ-ਵੱਖ ਕੈਬਨਿਟ ਮੰਤਰੀ ਤੇ ਵਿਧਾਇਕ ਗੁਰਦੁਆਰਾ ਸਾਹਿਬ ਵਿਖੇ ਹੋਏ ਨਤਮਸਤਕ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸ਼ਹੀਦੀ ਸਭਾ ਮੌਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਵੱਖੋ-ਵੱਖ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਸਮੇਤ ਮੱਥਾ ਟੇਕਣ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਵਰਗੀ ਮਹਾਨ ਧਰਤੀ 'ਤੇ ਹੋਈਆਂ ਮਹਾਨ ਸ਼ਹਾਦਤਾਂ ਦੀ ਮਿਸਾਲ ਦੁਨੀਆ ਵਿੱਚ ਹੋਰ ਕਿਤੇ ਵੀ ਨਹੀਂ ਮਿਲਦੀ।ਇਸ ਲਈ ਅੱਜ ਉਹ ਸੰਗਤੀ ਰੂਪ ਵਿੱਚ ਇਸ ਇਤਿਹਾਸਕ ਧਰਤੀ 'ਤੇ ਮਹਾਨ ਸ਼ਹਾਦਤਾਂ ਨੂੰ ਨਤਮਸਤਕ ਹੋਣ ਆਏ ਹਨ।

ਕੈਬਨਿਟ ਮੰਤਰੀ ਸ੍ਰੀ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੇ ਅਰਦਾਸ ਕੀਤੀ ਹੈ ਕਿ ਅਕਾਲ ਪੁਰਖ ਸਭਨਾਂ ਦੇ ਸਿਰ 'ਤੇ ਮਿਹਰ ਭਰਿਆ ਹੱਥ ਰੱਖੇ ਤੇ ਪੰਜਾਬ ਵੱਧ ਤੋਂ ਵੱਧ ਤਰੱਕੀ ਕਰੇ।ਉਨ੍ਹਾਂ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਵਿਖੇ ਹੋਈਆਂ ਸ਼ਹਾਦਤਾਂ ਬਾਰੇ ਵੱਧ ਤੋਂ ਵੱਧ ਜਾਣਕਾਰੀ ਹਾਸਲ ਕਰ ਕੇ ਅੱਗੇ ਜਾਗਰੂਕਤਾ ਪੈਦਾ ਕਰਨੀ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਤੋਂ ਸੇਧ ਲੈ ਕੇ ਸਮਾਜ ਨੂੰ ਬਿਹਤਰ ਬਣਾਉਣ ਲਈ ਕਾਰਜ ਕਰਨੇ ਵੀ ਜ਼ਰੂਰੀ ਹਨ।

ਸ੍ਰੀ ਅਰੋੜਾ ਨੇ ਕਿਹਾ ਕਿ ਇਹ ਸ਼ਹਾਦਤਾਂ ਸਾਨੂੰ ਬਿਨਾਂ ਕਿਸੇ ਡਰ-ਭੈਅ ਤੋਂ ਸੱਚ ਦੀ ਆਵਾਜ਼ ਬੁਲੰਦ ਕਰਨ ਦੀ ਸੇਧ ਦਿੰਦੀਆਂ ਹਨ।ਉਨ੍ਹਾ ਕਿਹਾ ਕਿ ਝੂਠ ਤੇ ਕੂੜ ਦਾ ਪਸਾਰਾ ਜਿੰਨਾ ਮਰਜ਼ੀ ਵੱਡਾ ਹੋਵੇ, ਅੰਤ ਨੂੰ ਜਿੱਤ ਸੱਚ ਦੀ ਹੋਣੀ ਹੁੰਦੀ ਹੈ।ਸ੍ਰੀ ਅਮਨ ਅਰੋੜਾ ਸਮੇਤ ਪੰਜਾਬ ਦੇ ਵੱਖੋ-ਵੱਖ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਨੇ ਗੁਰ ਮਰਯਾਦਾ ਅਨੁਸਾਰ ਬਹੁਤ ਹੀ ਨਿਮਰ ਢੰਗ ਨਾਲ ਪੰਗਤ ਵਿੱਚ ਬੈਠ ਕੇ ਲੰਗਰ ਛਕਿਆ।ਇਸ ਮੌਕੇ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸ੍ਰੀ ਅਮਨ ਅਰੋੜਾ ਦਾ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਗੁਰਮੀਤ ਸਿੰਘ ਖੁੱਡੀਆਂ, ਤਰੁਨਪ੍ਰੀਤ ਸਿੰਘ ਸੌਂਦ, ਹਰ

28-Dec-PAGE-11--Majha-24.qxd 12/27/2024 10:39 PM Page 1

ਕੇਂਦਰ ਤੇ ਸੂਬਾ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਡੀਸੀ ਦਫਤਰ ਧਰਨਾ

ਗੁਰਦਾਸਪੁਰ/ਬਟਾਲਾ (ਤਰਲੋਕ ਬੱਗਾ)-ਆਜ਼ਾਦ ਸਮਾਜ ਪਾਰਟੀ ਤੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੇ ਮਾਝਾ ਜ਼ੋਨ ਦੇ ਇੰਚਾਰਜ ਮਨਜੀਤ ਰਾਜ ਦੀ ਅਗਵਾਈ ਹੇਠ ਮਜ਼ਦੂਰਾਂ ਨੇ ਵਰ੍ਹਦੇ ਮੀਂਹ ਵਿੱਚ ਵੀ ਡਾ. ਅੰਬੇਡਕਰ ਦੇ ਕੀਤੇ ਅਪਮਾਨ ਖਿਲਾਫ ਅਤੇ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਡੀਸੀ ਦਫਤਰ ਧਰਨਾ ਦਿੱਤਾ।ਇਸ ਮੌਕੇ ਤਹਿਸੀਲਦਾਰ ਸੁਖਵਿੰਦਰ ਸਿੰਘ ਨੇ ਧਰਨਾਕਾਰੀਆਂ ਤੋਂ ਮੰਗ ਪੱਤਰ ਪ੍ਰਾਪਤ ਕੀਤੀ।ਇਸ ਮੌਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਅਸਤੀਫਾ ਦਿਓ ਦੇ ਨਾਹਰੇ ਲੱਗੇ।ਇਸ ਮੌਕੇ ਸੰਬੋਧਨ ਕਰਦੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਦੇ ਮਾਝਾ ਜ਼ੋਨ ਦੇ ਇੰਚਾਰਜ ਮਨਜੀਤ ਰਾਜ ਨੇ ਕਿਹਾ ਕਿ ਪਾਰਲੀਮੈਂਟ ਵਿੱਚ ਡਾ. ਅੰਬੇਡਕਰ ਦੇ ਕੀਤੇ ਅਪਮਾਨ ਨੇ ਸਾਬਤ ਕਰ ਦਿੱਤਾ ਹੈ ਕਿ ਭਾਜਪਾ ਦਲਿਤ ਵਿਰੋਧੀ ਹੀ ਨਹੀਂ ਸੰਵਿਧਾਨ ਨੂੰ ਖ਼ਤਮ ਕਰਨਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਪ ਮਾਨ ਸਰਕਾਰ ਜੋ ਚੋਣ ਸਮੇਂ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ, ਕੱਚੇ ਕਾਮਿਆਂ ਨੂੰ ਪੱਕੇ ਕਰਨ ਸਮੇਤ ਗਰੀਬ ਲੋਕਾਂ ਦੀ ਹਰ ਸਮੱਸਿਆ ਹੱਲ ਕਰਨ ਦੇ ਨਾਹਰੇ ਮਾਰਦੀ ਸੀ, ਨੇ ਸੱਤਾ ਪ੍ਰਾਪਤੀ ਦੇ 3 ਸਾਲਾਂ ਵਿੱਚ ਗਰੀਬਾਂ ਦਾ ਕੁੱਝ ਨਹੀਂ ਕੀਤਾ।ਸਰਕਾਰੀ ਸਕੂਲਾਂ ਵਿਚ ਲੱਖਾਂ ਦੀ ਗਿਣਤੀ ਕੰਮ ਕਰਦੀਆਂ ਮਿਡ ਡੇ ਮੀਲ ਕੁੱਕ ਬੀਬੀਆਂ ਤੋਂ ਘੱਟੋ ਘੱਟ ਉਜਰਤਾਂ ਤੋਂ ਵੀ ਘੱਟ ਤਨਖਾਹ ਤੇ ਕੰਮ ਲਿਆ ਜਾ ਰਿਹਾ ਹੈ।ਮਾਨ ਸਰਕਾਰ ਨੇ ਮਿਡ ਡੇ ਮੀਲ ਕੁੱਕ ਬੀਬੀਆਂ ਦੀ 8 ਹਜ਼ਾਰ ਤਨਖਾਹ ਦੇਣ ਦੇ ਐਲਾਨ ਨੂੰ ਵੀ ਲਾਗੂ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਵੱਧ ਰਹੀ ਬੇਰੁਜ਼ਗਾਰੀ, ਮਹਿੰਗਾਈ ਕਾਰਨ ਕਰਜ਼ਿਆਂ ਦੇ ਜਾਲ ਵਿਚ ਫਸ ਰਹੇ ਹਨ। ਉਨ੍ਹਾਂ ਕਿਹਾ ਕਿ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ 30 ਦਸੰਬਰ ਦੇ ਪੰਜਾਬ ਬੰਦ ਦੀ ਪੂਰੀ ਹਮਾਇਤ ਕਰੇਗਾ।ਮੰਗ ਪੱਤਰ 'ਚ ਮੰਗ ਕੀਤੀ ਕਿ ਮਜ਼ਦੂਰਾਂ, ਗਰੀਬ ਔਰਤਾਂ ਸਿਰ ਚੜ੍ਹੇ ਕਰਜ਼ੇ ਮਾਫ ਕੀਤੇ ਜਾਣ, ਮਨਰੇਗਾ ਸਮੇਤ ਹਰ ਖੇਤਰ ਦੇ ਮਜ਼ਦੂਰਾਂ ਦੀ ਰੋਜ਼ਾਨਾ ਦਿਹਾੜੀ ਘੱਟੋ-ਘੱਟ ਇੱਕ ਹਜ਼ਾਰ ਰੁਪਏ ਪ੍ਰਤੀ ਦਿਨ ਕੀਤੀ ਜਾਵੇ।ਕੁੱਕ ਬੀਬੀਆਂ ਦੀ ਤਨਖਾਹ ਡੀ ਸੀ ਰੇਟ 'ਤੇ ਦਿੱਤੀ ਜਾਵੇ ਅਤੇ ਕੁੱਕ ਬੀਬੀਆਂ ਨੂੰ ਪੱਕੇ ਕੀਤਾ ਜਾਵੇ।ਹਰ 18 ਸਾਲ ਦੀ ਔਰਤ ਨੂੰ ਇੱਕ ਹਜ਼ਾਰ ਰੁਪਏ ਦੇਣ ਦੇ ਵਾਅਦੇ ਨੂੰ ਪੂਰਾ ਕੀਤਾ ਜਾਵੇ।ਇਸ ਮੌਕੇ ਸਤਿੰਦਰ ਕੌਰ ਸੱਤੀ, ਸਰੂਪ ਸਿੰਘ, ਜੋਨ ਮਸੀਹ, ਕੁਲਦੀਪ ਸਿੰਘ, ਲਵਪ੍ਰੀਤ, ਅਰਮਾਨਦੀਪ, ਗੱਬਰ, ਪਿੰਕੀ, ਵਿਜੇ ਕੁਮਾਰ ਨੇ ਵੀ ਸੰਬੋਧਨ ਕੀਤਾ।

ਆੜ੍ਹਤੀਆਂ ਦੀ ਲੁੱਟ ਦਾ ਸ਼ਿਕਾਰ ਦੁਖੀ ਕਿਸਾਨਾਂ ਵੱਲੋਂ ਜ਼ਿਲ੍ਹਾ ਮੰਡੀ ਅਫਸਰ ਨਾਲ ਮੁਲਾਕਾਤ

ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਸਥਾਨਕ ਮੰਡੀ ਵਿੱਚ ਕਿਸਾਨਾਂ ਦੀ ਲੁੱਟ-ਖਸੁੱਟ ਜੋ ਕਿ ਆੜ੍ਹਤੀਆਂ ਵੱਲੋਂ ਵੱਡੇ ਪੱਧਰ 'ਤੇ ਕੀਤੀ ਗਈ, ਦਾ ਕਿਸਾਨਾਂ ਨੇ ਪੁਰਜ਼ੋਰ ਵਿਰੋਧ ਕੀਤਾ ਅਤੇ ਮਸਲੇ ਨੂੰ ਹੱਲ ਹੁੰਦਾ ਨਾ ਵੇਖ ਕੇ ਡਿਪਟੀ ਕਮਿਸ਼ਨਰ ਅਤੇ ਡੀਐੱਫਸੀ ਤਰਨ ਤਰਨ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਮੰਗ ਪੱਤਰ ਦਿੱਤਾ ਅਤੇ ਆਪਣੇ ਨਾਲ ਹੋਈ ਇਸ ਬੇਇਨਸਾਫੀ ਤੋਂ ਜਾਣੂ ਕਰਵਾਇਆ ਜਿਸ ਦੇ ਤਹਿਤ ਅੱਜ ਉਨ੍ਹਾਂ ਨੂੰ ਜ਼ਿਲ੍ਹਾ ਮੰਡੀ ਅਫਸਰ ਨਾਲ ਮੁਲਾਕਾਤ ਕਰਨ ਲਈ ਕਿਹਾ ਗਿਆ ਜਿੱਥੇ ਕਿਸਾਨਾਂ ਨੇ ਆਪਣੇ ਮਸਲੇ ਨੂੰ ਜ਼ਿਲਾ ਮੰਡੀ ਅਫਸਰ ਦੇ ਸਾਹਮਣੇ ਰੱਖਿਆ ਜਿਸ ਨੂੰ ਸੁਣਨ ਤੋਂ ਬਾਅਦ ਜ਼ਿਲਾ ਮੰਡੀ ਅਫਸਰ ਨੇ ਕਿਹਾ ਕਿ ਤੁਹਾਡਾ ਇੱਕ-ਇੱਕ ਰੁਪਈਆ ਆੜ੍ਹਤੀਆਂ ਕੋਲੋਂ ਦਿਵਾਇਆ ਜਾਵੇਗਾ ਅਤੇ ਜਿਹੜਾ ਵੀ ਆੜ੍ਹਤੀਆ ਦੋਸ਼ੀ ਪਾਇਆ ਗਿਆ ਉਸਦੇ ਵਿਰੁੱਧ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਹੋ ਜਿਹੀ ਕੋਈ ਪਾਲਿਸੀ ਨਹੀਂ ਹੈ ਕਿ ਮੰਡੀ ਵਿੱਚ ਆਏ ਝੋਨੇ ਨੂੰ ਆੜ੍ਹਤੀਆਂ ਵੱਲੋਂ ਕਿਸੇ ਕਿਸਮ ਦਾ ਕੱਟ ਲਾਇਆ ਜਾਵੇ ਅਤੇ ਨਾ ਹੀ ਸਰਕਾਰ ਇਸ ਦੀ ਇਜਾਜ਼ਤ ਦਵੇਗੀ ।ਸਰਕਾਰੀ ਮਾਪਦੰਡਾਂ ਅਨੁਸਾਰ ਸਰਕਾਰੀ ਰੇਟ 'ਤੇ ਵਿਕੇ ਹੋਏ ਝੋਨੇ ਦਾ ਇੱਕ ਇੱਕ ਰੁਪਿਆ ਕਿਸਾਨਾਂ ਨੂੰ ਦਿਵਾਇਆ ਜਾਵੇਗਾ।ਦੋਸ਼ੀਆਂ ਨੂੰ ਕਿਸੇ ਕੀਮਤ 'ਤੇ ਵੀ ਨਹੀਂ ਬਖਸ਼ਿਆ ਜਾਵੇਗਾ।ਕਿਸਾਨਾਂ ਦੇ ਵਫ਼ਦ ਦੀ ਅਗਵਾਈ ਮੰਗਲ ਸਿੰਘ ਮੱਲ੍ਹੀ, ਦਲਜੀਤ ਸਿੰਘ ਮੱਲ੍ਹੀ, ਕਰਨ ਸਿੰਘ, ਦਲਜੀਤ ਸਿੰਘ ਕਿਸਾਨ ਅਤੇ ਹੋਰ ਕਿਸਾਨਾਂ ਨੇ ਕੀਤੀ।

ਬਾਲ ਮਜ਼ਦੂਰ ਸਿੱਖਿਆ ਕੋਰਸ ਦੇ ਬੱਚਿਆਂ ਮਨਾਇਆ ਭੈਣ ਵਿਮਲਾ ਡਾਂਗ ਦਾ ਜਨਮ ਦਿਹਾੜਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਇਸਤਰੀ ਸਭਾ ਦੀ ਲੋਹ ਮਹਿਲਾ ਵਜੋਂ ਜਾਣੀ ਜਾਂਦੀ ਸ਼ਖਸੀਅਤ ਮਰਹੂਮ ਵਿਧਾਇਕ ਭੈਣ ਵਿਮਲਾ ਡਾਂਗ ਦਾ ਜਨਮ ਦਿਨ ਬਾਲ ਮਜ਼ਦੂਰ ਸਿੱਖਿਆ ਕੋਰਸ ਦੇ ਬੱਚਿਆਂ ਵੱਲੋਂ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਕੋਆਰਡੀਨੇਟਰ ਰਜਿੰਦਰਪਾਲ ਪਾਲ ਕੌਰ ਨੇ ਕਰਵਾਈ ਅਤੇ ਦੱਸਿਆ ਕਿ ਭੈਣ ਜੀ ਡਾਂਗ ਸਾਡੇ ਵਾਸਤੇ ਸੂਰਜ ਵਾਂਗ ਹਨ ਜਿਨ੍ਹਾਂ ਦੀ ਰੌਸ਼ਨੀ ਵਿੱਚ ਅਸੀਂ ਕੋਸ਼ਿਸ਼ ਕੀਤੀ ਹੈ ਕਿ ਲੋੜਵੰਦਾਂ ਦੀ ਮਦਦ ਕੀਤੀ ਜਾਏ। ਪੰਜਾਬ ਇਸਤਰੀ ਸਭਾ ਦੇ ਰਲੀਫ ਟਰੱਸਟ ਜਿਸ ਵੱਲੋਂ ਇਹ ਸਕੂਲ ਚਲਾਇਆ ਜਾ ਰਿਹਾ ਹੈ ਦੇ ਅਨਰੇਰੀ ਸੈਕਟਰੀ ਵਿਜੈ ਕਪੂਰ ਨੇ ਕਿਹਾ ਕਿ ਸਾਡੀ ਹਮੇਸ਼ਾ ਖਵਾਹਿਸ਼ ਰਹੀ ਹੈ ਕਿ ਭੈਣ ਜੀ ਦੇ ਸੁਪਨੇ ਨੂੰ ਪੂਰਾ ਕੀਤਾ ਜਾਏ। ਹਿਸਟਰੀ ਲੈਕਚਰ ਧਰਮਿੰਦਰ ਨੇ ਦੱਸਿਆ ਕਿ ਭੈਣ ਵਿਮਲਾ ਡਾਂਗ ਦੀ ਜ਼ਿੰਦਗੀ ਸਾਡੇ ਲੋਕਾਂ ਵਾਸਤੇ ਇੱਕ ਮਿਸਾਲ ਹੈ। ਲੈਕਚਰਾਰ ਸੁਖਪਾਲ ਸਿੰਘ ਨੇ ਜਸਵੰਤ ਰਾਏ ਅਤੇ ਟੀਮ ਦੇ ਇਸ ਮਿਹਨਤ ਭਰੇ ਕੰਮ ਦੀ ਬਹੁਤ ਸ਼ਲਾਘਾ ਕੀਤੀ। ਵਿਸ਼ੇਸ਼ ਮਹਿਮਾਨ ਮੇਜਰ ਪਰਮਜੀਤ ਸਿੰਘ ਪੰਮੀ ਨੇ ਆਪਣੀ ਸੰਘਰਸ਼ ਭਰੀ ਜ਼ਿੰਦਗੀ ਦੀਆਂ ਉਦਾਹਰਨਾਂ ਦੇ ਕੇ ਬੱਚਿਆਂ ਨੂੰ ਹਰ ਮੁਸ਼ਕਿਲ ਨੂੰ ਸਰ ਕਰਕੇ ਅੱਗੇ ਵਧਣ ਦਾ ਸੱਦਾ ਦਿੱਤਾ। ਮੁੱਖ ਮਹਿਮਾਨ ਰਸ਼ਪਾਲ ਸਿੰਘ ਅਤੇ ਮੈਡਮ ਮਨਜੀਤ ਕੌਰ ਜੋ ਕਿ ਹਮੇਸ਼ਾ ਹੀ ਲੋੜਵੰਦਾਂ ਦੀ ਸਹਾਇਤਾ ਕਰਦੇ ਰਹਿੰਦੇ ਹਨ, ਨੇ ਕਿਹਾ ਕਿ ਉਹ ਅੱਗੇ ਤੋਂ ਵੀ ਇਸ ਕੋਰਸ ਨਾਲ ਜੁੜੇ ਰਹਿਣਗੇ। ਭੈਣ ਨਰਿੰਦਰ ਪਾਲ ਜੋ ਕਿ ਬਾਲ ਸਿੱਖਿਆ ਪ੍ਰੇਰਨਾ ਕਮੇਟੀ ਦੇ ਪ੍ਰਧਾਨ ਹਨ, ਨੇ ਕਿਹਾ ਕਿ ਜਸਵੰਤ ਰਾਏ ਦੀ ਮਿਹਨਤ ਸਦਕਾ ਹੀ ਇਸ ਸਕੂਲ ਤੋਂ ਸਿੱਖਿਆ ਪ੍ਰਾਪਤ ਕਰਕੇ ਬਹੁਤ ਸਾਰੇ ਬੱਚੇ ਆਪਣੀ ਜ਼ਿੰਦਗੀ ਸਵਾਰ ਚੁੱਕੇ ਹਨ। ਕੋਰਸ ਦੇ ਕਰਤਾ ਧਰਤਾ ਜਸਵੰਤ ਰਾਏ ਨੇ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਅਤੇ ਮਦਦ ਕਰਨ ਵਾਲੇ ਸਾਰੇ ਸਨੇਹੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪੰਜਾਬ ਪੈਨਸ਼ਨਰ ਯੂਨੀਅਨ ਦੇ ਜ਼ਿਲਾ ਸਕੱਤਰ ਸਤਿਆਪਾਲ ਗੁਪਤਾ, ਫੈਡਰੇਸ਼ਨ ਦੇ ਜ਼ਿਲਾ ਪ੍ਰਧਾਨ ਪ੍ਰਸ਼ੋਤਮ ਲਾਲ ਅਤੇ ਹੋਰ ਬੁਲਾਰਿਆਂ ਨੇ ਵੀ ਸੰਬੋਧਨ ਕੀਤਾ। ਰਮਨ ਪ੍ਰਕਾਸ਼ ਸ਼ਰਮਾ, ਵਾਈਸ ਪ੍ਰਿੰ. ਲਾਲ ਸਿੰਘ, ਬਲਦੇਵ ਸਿੰਘ, ਸਵਰਨਜੀਤ ਟੈਬੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਵਰਿੰਦਰ ਕੌਰ ਪਹਿਲੇ ਦਿਨ ਤੋਂ ਹੀ ਇਸ ਕੋਰਸ ਦਾ ਹਿੱਸਾ ਹਨ ਅਤੇ ਬਾਲ ਮਜ਼ਦੂਰ ਸਿੱਖਿਆ ਕੋਰਸ ਦੀ ਅਧਿਆਪਕਾ ਹਨ, ਨੇ ਪ੍ਰਬੰਧ ਨੂੰ ਬਾਖੂਬੀ ਸੰਭਾਲਿਆ। ਅਖੀਰ ਵਿੱਚ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦਾ ਸਨਮਾਨ ਕੀਤਾ ਗਿਆ ਅਤੇ ਬੱਚਿਆਂ ਨੂੰ ਯੂਨੀਫਾਰਮ ਵਗੈਰਾ ਵੰਡੀਆਂ ਗਈਆਂ।

'ਪੈਸੰਜਰ ਵੈਨ ਯੂਨੀਅਨ ਧਾਰੀਵਾਲ' ਵੱਲੋਂ ਦੁੱਧ ਦੇ ਲੰਗਰ ਦੀ ਸੇਵਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਮਾਤਾ ਗੁਜਰ ਕੌਰ, ਸਾਹਿਬਜ਼ਾਦਿਆਂ ਅਤੇ ਸ਼ਹੀਦ ਮੋਤੀ ਰਾਮ ਮਹਿਰਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਪੈਸੰਜਰ ਵੈਨ ਯੂਨੀਅਨ ਧਾਰੀਵਾਲ' ਵੱਲੋਂ ਸਥਾਨਿਕ ਬੱਸ ਅੱਡਾ ਵਿਖੇ ਸਵੇਰ ਤੋਂ ਹੀ ਦੁੱਧ ਦੇ ਲੰਗਰ ਲਗਾਏ ਗਏ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਐੱਸ. ਐੱਚ. ਓ. ਬਲਜੀਤ ਕੌਰ, 'ਆਪ' ਦੇ ਬਲਾਕ ਪ੍ਰਧਾਨ ਬੀਬੀ ਸੁਖਵਿੰਦਰ ਕੌਰ ਬਾਜਵਾ, ਸਰਪੰਚ ਸਿਮਰਦੀਪ ਸਿੰਘ ਪੀਰ ਦੀ ਸੈਨ, ਪੰਡਿਤ ਨਰਿੰਦਰ ਪਰਿਜਾ ਆਦਿ ਨੇ ਸ਼ਮੂਲੀਅਤ ਕਰਕੇ ਲੰਗਰ ਦੀ ਸੇਵਾ ਵੀ ਨਿਭਾਈ। ਇਸ ਮੌਕੇ ਯੂਨੀਅਨ ਆਗੂਆਂ ਨੇ ਦੱਸਿਆ ਕਿ ਇਹਨਾਂ ਸ਼ਹੀਦੀ ਦਿਹਾੜੇ 'ਤੇ ਯੂਨੀਅਨ ਵਲੋਂ ਹਰ ਸਾਲ ਇਸੇ ਹੀ ਤਰ੍ਹਾਂ ਲੰਗਰ ਲਗਾਉਣ ਦਾ ਫੈਸਲਾ ਲਿਆ ਗਿਆ ਹੈ। ਇਸ ਮੌਕੇ ਯੂਨੀਅਨ ਵੱਲੋਂ ਅਹਿਮ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਚੇਅਰਮੈਨ ਵਰਿੰਦਰ ਸਲਵਾਨ, ਪ੍ਰਧਾਨ ਸੁਭਾਸ਼ ਗਾਂਧੀ, ਖਜਾਨਚੀ ਹਰਮਿੰਦਰ ਸਿੰਘ, ਸਲਾਹਕਾਰ ਸੁਖਜੀਤ ਸੋਹਲ, ਉੱਪ ਪ੍ਰਧਾਨ ਬਚਨ ਲਾਲ ਸੂਬੇਦਾਰ, ਥਾਣੇਦਾਰ ਗੁਰਤੇਜ ਸਿੰਘ, ਕਾਕਾ ਰੰਧਾਵਾ ਤਰੀਜਾ ਨਗਰ, ਬਾਬਾ ਇੰਦਰਪਾਲ ਸਿੰਘ, ਲਖਵਿੰਦਰ ਸਿੰਘ ਲੱਖਾ, ਅਸ਼ੋਕ ਕੁਮਾਰ, ਸਾਬਕਾ ਪ੍ਰਧਾਨ ਪੰਨੂੰ ਆਲੋਵਾਲ, ਦੀਪਕ ਕੁਮਾਰ, ਸੰਨੀ ਰੰਧਾਵਾ ਰਣੀਆ, ਦਲਜੀਤ ਮਸੀਹ, ਮਾਂਟੂ ਰਣੀਆ, ਮਨਜਿੰਦਰ ਸਿੰਘ, ਲਲਿਤ ਸ਼ਰਮਾ ਗੁਰਦਾਸਪੁਰ, ਕੁਲਵਿੰਦਰ ਸਿੰਘ ਕਰਮਾ ਪਰਜਾਪਤ ਲੇਹਲ, ਨੰਬਰਦਾਰ ਸੁੱਚਾ ਸਿੰਘ ਮੂਲਿਆਂਵਾਲ, ਵਿਰੂ ਵੋਹਰਾ, ਦਿਲਬਾਗ ਸਿੰਘ, ਦੀਦਾਰ ਸਿੰਘ, ਬਿੱਲਾ ਬੰਦਿਆਂਵਾਲੀ ਆਦਿ ਸਮੇਤ ਹੋਰ ਆਗੂ ਵੀ ਹਾਜਰ ਸਨ।

ਸ਼ਰ੍ਹੇਆਮ ਵਿਕ ਰਹੀ ਖੂਨੀ ਚਾਈਨਾ ਡੋਰ, ਪ੍ਰਸ਼ਾਸਨ ਸੁੱਤਾ ਕੁੰਭਕਰਨੀ ਨੀਂਦ

ਵੇਰਕਾ (ਰਾਣਾ)-ਪਿੰਡਾਂ, ਕਸਬਿਆਂ ਤੇ ਸ਼ਹਿਰਾਂ ਅੰਦਰ ਧੜੱਲੇ ਨਾਲ ਸ਼ਰ੍ਹੇਆਮ ਖੂਨੀ ਚਾਈਨਾ ਡੋਰ ਵਿਕ ਰਹੀ ਹੈ ਪਰ ਪ੍ਰਾਸ਼ਾਸਨ ਬੇਖ਼ਬਰ ਹੋਇਆ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ।ਚਾਈਨਾ ਡੋਰ ਨਾਲ ਹਰ ਸਾਲ ਕਈ ਹਾਦਸੇ ਵਾਪਰਦੇ ਹਨ।ਕਈ ਕੀਮਤੀ ਜਾਨਾਂ ਤੱਕ ਚਲੀਆਂ ਜਾਦੀਆ ਹਨ।ਅਨੇਕਾਂ ਪੰਛੀ ਜਖ਼ਮੀ ਹੁੰਦੇ ਹਨ ਅਤੇ ਮਰ ਜਾਂਦੇ ਹਨ ਪਰ ਪ੍ਰਸ਼ਾਸਨ ਅਖਬਾਰੀ ਬਿਆਨਬਾਜ਼ੀ ਤੋਂ ਵੱਧ ਕੇ ਕੁਝ ਨਹੀਂ ਕਰਦਾ ਹੈ।ਭਾਵ ਸਮਾਂ ਰਹਿੰਦਿਆਂ ਉਕਤ ਵਿਕਦੀ ਖੂਨੀ ਡੋਰ ਵੇਚਣ ਤੇ ਖ਼ਰੀਦਣ ਵਾਲਿਆਂ ਖਿਲਾਫ ਸਖਤ ਕਾਰਵਾਈ ਨਹੀਂ ਕਰਦਾ ਹੈ।ਜਦੋਂ ਕੋਈ ਘਟਨਾਕ੍ਰਮ ਹੁੰਦਾ ਹੈ ਤਦ ਹੀ ਹਰਕਤ ਵਿੱਚ ਆਉਂਦ ਹੈ।ਹੁਣ ਜੇਕਰ ਪ੍ਰਸ਼ਾਸਨ ਪੂਰੀ ਮੁਸਤੈਦੀ ਨਾਲ ਚਾਈਨਾ ਡੋਰ ਵੇਚਣ ਜਾਂ ਖ਼ਰੀਦਣ ਵਾਲਿਆਂ ਵਿਰੁੱਧ ਕਾਰਵਾਈ ਕਰਦਾ ਹੈ।ਪਤੰਗਬਾਜ਼ੀ ਦੇ ਸ਼ੌਕੀਨ ਇਨ੍ਹਾਂ ਲੋਕਾਂ ਕੋਲ ਫਿਰ ਚਾਈਨਾ ਡੋਰ ਕਦੋਂ, ਕਿਥੋਂ ਤੇ ਕਿਵੇਂ ਆਉਂਦੀ ਹੈ।ਇਹ ਇੱਕ ਸਵਾਲ ਆਪਣੇ-ਆਪ 'ਚ ਬੜਾ ਗੌਚਕ ਤੇ ਦਿਲਚਸਪ ਉਤਪੰਨ ਹੁੰਦਾ ਹੈ ਜਿਹੜਾ ਕੀਮਤੀ ਮਨੁੱਖੀ ਜ਼ਿੰਦਗੀਆਂ ਅਤੇ ਪੰਛੀਆਂ ਪ੍ਰਤੀ ਹਮਦਰਦੀ ਭਰੀ ਚਿੰਤਾ/ਫਿਕਰਮੰਦੀ ਰੱਖਦੇ ਸੱਭਿਅਕ ਲੋਕਾਂ ਨੂੰ ਤੰਗ ਤੇ ਪ੍ਰੇਸ਼ਾਨ ਕਰਨ ਵਾਲਾ ਹੈ।ਪ੍ਰਸ਼ਾਸਨ ਦੀ ਐਨ ਨੱਕ ਥੱਲੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚ ਚਾਈਨਾ ਡੋਰ ਨਾਲ ਬੇਖੌਫ ਪਤੰਗਾਂ ਉਡਾਈਆਂ ਜਾ ਰਹੀਆ ਹਨ।ਚਾਈਨਾ ਡੋਰ ਵੇਚਣ ਵਾਲੇ ਦੁਕਾਨਦਾਰਾਂ ਦੀ ਚਾਂਦੀ ਬਣੀ ਹੋਈ ਹੈ ਕਿਉਂਕਿ 200-300 ਰੁਪਏ ਵਿੱਚ ਵਿਕਣ ਵਾਲਾ ਡੋਰ ਦਾ ਗੱਟੂ ਹੁਣ ਚਾਈਨਾ ਡੋਰ ਦਾ ਹੋਣ ਕਰਕੇ 700-800 ਰੁਪਏ ਵਿੱਚ ਆਮ ਵਿਕ ਰਿਹਾ ਹੈ।ਇਸ ਸੰਬੰਧ ਵਿੱਚ ਕਈ ਭਰੋਸੇਯੋਗ ਸੂਤਰ ਦੱਸਦੇ ਹਨ ਕਿ ਚਾਈਨਾ ਡੋਰ ਵਿਕਰੇਤਾ ਨੂੰ ਫੋਨ ਕਰਨ ਉਪਰੰਤ ਉਹ ਆਪ ਹੀ ਘਰ ਉਕਤ ਡੋਰ ਫੜਾ ਜਾਂਦੇ ਹਨ।ਹੁਣ ਤਾਂ ਆਉਣ-ਜਾਣ ਦਾ ਵੀ ਝੰਜਟ ਨਹੀਂ ਪੈਂਦਾ ਹੈ।ਨਿਕਟ ਭਵਿੱਖ ਵਿੱਚ ਲੋਹੜੀ ਦੇ ਤਿਉਹਾਰ ਨੂੰ ਮੱਦੇਨਜ਼ਰ ਪਤੰਗਾਂ ਉਡਾਣ ਦੇ ਸ਼ੌਕੀ ਲੋਕ ਹੁਣ ਤੋਂ ਹੀ ਖੂਨੀ ਚਾਈਨਾ ਡੋਰ ਖ਼ਰੀਦਣ 'ਚ ਰੁੱਝੇ ਪਏ ਹਨ।ਇੱਕ ਦੂਜੇ ਨੂੰ ਮੰਗ ਅਨੁਸਾਰ ਡੋਰ ਦਿਵਾਉਣ ਲਈ ਤਰਲੇ/ਮਿੰਨਤਾਂ ਕਰ ਰਹੇ ਹਨ।ਗੁਰੂ ਨਗਰੀ ਅੰਮ੍ਰਿਤਸਰ ਵਿਖੇ ਸਥਿਤ ਕੰਪਨੀ ਬਾਗ ਵਿਖੇ ਚਾਈਨਾ ਡੋਰ ਨਾਲ ਬੇਕਸੂਰ ਪੰਛੀ ਫੱਟੜ ਹੋਏ ਅਤੇ ਮਰੇ ਹੋਏ ਆਮ ਵੇਖੇ ਜਾ ਸਕਦੇ ਹਨ।ਕੰਪਨੀ ਬਾਗ ਦੇ ਰੁੱਖਾਂ ਨਾਲ ਲਮਕਦੀ ਚਾਈਨਾ ਡੋਰ ਇੱਥੇ ਸੈਰ-ਸਪਾਟਾ ਕਰਨ ਵਾਲੇ ਲੋਕਾਂ ਲਈ ਵੀ ਜਾਨ ਦਾ ਖੌਅ ਬਣੀ ਹੋਈ ਹੈ।ਇਸ ਬਾਬਤ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਕਾਨੂੰਨੀ ਸਲਾਹਕਾਰ ਮਨਜੀਤ ਸਿੰਘ ਵਿਰਕ, ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਵਿੱਤ ਸਕੱਤ

28-Dec-PAG-12.qxd 12/27/2024 10:36 PM Page 1

ਸਰਕਾਰ ਅੰਧਵਿਸ਼ਵਾਸਾਂ ਨੂੰ ਬੜ੍ਹਾਵਾ ਦੇਣ ਲਈ ਪੂਰਾ ਜ਼ੋਰ ਲਾ ਰਹੀ : ਤਰਕਸ਼ੀਲ ਸੁਸਾਇਟੀ

ਜਲੰਧਰ: (ਕੇਸਰ)—ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜੋਨ ਜਲੰਧਰ ਦੀ ਛਿਮਾਹੀ ਇਕੱਤਰਤਾ ਸਥਾਨਕ ਡਾ.ਅੰਬੇਦਕਰ ਭਵਨ ਵਿਖੇ ਸੂਬਾਈ ਆਗੂ ਜਸਵਿੰਦਰ ਫਗਵਾੜਾ ਦੀ ਪ੍ਰਧਾਨਗੀ ਹੇਠ ਹੋਈ। ਇਕੱਤਰਤਾ ਵਿਚ ਸੂਬੇ ਵੱਲੋਂ ਉਲੀਕੇ ਛੇ ਮਹੀਨੇ ਦੀ ਸਰਗਰਮੀ ਰਿਪੋਰਟ ਇਕਾਈ ਆਗੂਆਂ ਪੇਸ਼ ਕੀਤੀ। ਜਿਸ ਤਹਿਤ ਜੁਲਾਈ ਮਹੀਨੇ ਜਲੰਧਰ ਵਿਖੇ ਕਾਲੇ ਕਾਨੂੰਨਾਂ ਖਿਲਾਫ ਕਨਵੈਨਸ਼ਨ, ਮਈ ਦਿਵਸ ਤੇ ਸੈਮੀਨਾਰ, ਸ਼ਹੀਦ ਭਗਤ ਸਿੰਘ ਦਾ ਜਨਮ ਦਿਨ, ਤਰਕਸ਼ੀਲ ਸਾਹਿਤ ਵੈਨ ਦੇ ਸਫਰ, ਗਦਰੀ ਬਾਬਿਆਂ ਦੇ ਮੇਲੇ ਤੇ ਸਾਹਿਤ ਵੈਨ ਲਗਾਉਣ ਅਤੇ ਛੇਵੀਂ ਚੇਤਨਾ ਪਰਖ ਪ੍ਰੀਖਿਆ ਵਰਗੇ ਅਹਿਮ ਕਾਰਜਾਂ ਤੋਂ ਜਾਣੂ ਕਰਾਇਆ। ਇਸ ਮੌਕੇ ਪ੍ਰਧਾਨਗੀ ਮੰਡਲ ਤਰਫੋਂ ਸੁਖਦੇਵ ਫਗਵਾੜਾ ਨੇ ਜੋਨ ਵੱਲੋਂ ਕੀਤੇ ਕਾਰਜਾਂ ਦੀ ਗਤੀ ਨੂੰ ਵਧਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਦੀ ਮੌਜੂਦਾ ਸਰਕਾਰ ਦਿਨ ਰਾਤ ਅੰਧਵਿਸ਼ਵਾਸਾਂ ਨੂੰ ਬੜਾਵਾ ਦੇਣ ਲਈ ਟੀਵੀ, ਮੀਡੀਆ, ਸ਼ੋਸ਼ਲ ਮੀਡੀਆ ਉੱਤੇ ਪ੍ਰਚਾਰ 'ਤੇ ਪੂਰਾ ਜੋਰ ਲਾ ਰਹੀ ਹੈ ਅਤੇ ਲੋਕਾਂ ਦੇ ਦਰਪੇਸ਼ ਮੁੱਦਿਆਂ ਖ਼ਾਸਕਰ ਬੇਰੁਜ਼ਗਾਰੀ ਅਤੇ ਹੋਰ ਅਲਾਮਤਾਂ ਤੋਂ ਲੋਕਾਂ ਦਾ ਧਿਆਨ ਭਟਕਾ ਰਹੀ ਹੈ। ਇਸ ਮੌਕੇ ਸੂਬਾ ਆਗੂ ਜਸਵਿੰਦਰ ਫਗਵਾੜਾ ਨੇ ਚਰਚਾ ਨੂੰ ਅਗਾਂਹ ਤੋਰਦਿਆਂ ਕਿਹਾ ਕਿ ਸਾਡੇ ਦੇਸ਼ ਵਿਚ ਦੁਸ਼ਵਾਰੀਆਂ ਲਈ ਅਸਲੀ ਜਿੰਮੇਵਾਰ ਮੌਜੂਦਾ ਤੇ ਪਹਿਲੀਆਂ ਸਭ ਸਰਕਾਰਾਂ ਹਨ। ਉਹਨਾਂ ਕਿਹਾ ਕਿ ਅਜ਼ਾਦੀ ਦੀ ਲੜਾਈ ਵਿੱਚ ਸ਼ਹੀਦ ਹੋਣ ਵਾਲੇ ਭਗਤ ਸਿੰਘ, ਕਰਤਾਰ ਸਿੰਘ ਸਰਾਭਾ, ਊਧਮ ਸਿੰਘ ਤੇ ਗਦਰੀ ਬਾਬਿਆਂ ਵਲੋਂ ਲੋਕਾਂ ਲਈ ਬਰਾਬਰਤਾ ਵਾਲੇ ਸੁਫਨਿਆਂ ਨੂੰ ਇਹਨਾਂ ਰਾਜਨੀਤੀਵਾਨਾਂ ਨੇ ਕਿਧਰੇ ਰੋਲ ਕੇ ਰੱਖ ਦਿੱਤਾ ਹੈ। ਉਹਨਾਂ ਕਿਹਾ ਕਿ ਅਜਾਦੀ ਆਉਣ ਦੇ 77 ਸਾਲ ਬਾਅਦ ਵੀ ਗਰੀਬਾਂ, ਲੋੜਵੰਦਾਂ ਨੂੰ ਇਨਸਾਫ ਨਹੀਂ ਮਿਲ ਰਿਹਾ ਤੇ ਦੇਸ਼ ਵਿਚ ਰੁਜਗਾਰ ਦੇ ਮੌਕੇ ਘਟਣ ਕਰਕੇ ਸਾਡੇ ਨੌਜਵਾਨ ਵਿਦੇਸ਼ਾਂ ਵਿਚ ਧੱਕੇ ਖਾ ਰਹੇ ਹਨ ਤੇ ਉਹਨਾਂ ਦੇ ਬਜ਼ੁਰਗ ਮਾਪੇ ਇਧਰ ਰੁਲਣ ਲਈ ਮਜਬੂਰ ਹਨ। ਦੇਸ਼ ਭਰ ਪਬਲਿਕ ਸੈਕਟਰ ਖ਼ਤਮ ਕਰਕੇ ਨਿਜੀ ਮਾਲਕੀ ਲਈ ਧੜਾ ਧੜ ਵੇਚਿਆ ਜਾ ਰਿਹਾ ਹੈ। ਜਿਸ ਕਾਰਨ ਮਹਿੰਗਾਈ ਤੇ ਬੇਰੁਜਗਾਰੀ ਦਿਨੋ-ਦਿਨ ਵੱਧ ਰਹੀ ਹੈ ਤੇ ਆਮ ਲੋਕਾਂ ਦੀ ਜੇਬ ਖਾਲੀ ਹੋ ਰਹੀ ਹੈ। ਇਸ ਮੌਕੇ ਜੋਨ ਵਿੱਤ ਮੁਖੀ ਬਿੱਟੂ ਰੂਪੇਵਾਲੀ ਵੱਲੋਂ ਵਿੱਤ ਰਿਪੋਰਟ ਪੇਸ਼ ਕੀਤੀ ਗਈ। ਜੋਨ ਮੁਖੀ ਸੁਰਜੀਤ ਟਿੱਬਾ ਨੇ ਇਕੱਤਰਤਾ ਵਿਚ ਸ਼ਾਮਲ ਤਰਕਸ਼ੀਲ ਕਾਰਕੁੰਨਾਂ ਦਾ ਧੰਨਵਾਦ ਕੀਤਾ। ਜੋਨ ਪ੍ਰੈਸ ਸਕੱਤਰ ਵਿਜੇ ਰਾਹੀ ਨੇ ਦੱਸਿਆ ਕਿ ਪਿਛਲੇ ਦਿਨੀ ਲਈ ਗਈ ਛੇਵੀਂ ਚੇਤਨਾ ਪਰਖ ਪ੍ਰੀਖਿਆ ਦੇ ਇਨਾਮਾਂ ਦੀ ਵੰਡ ਛੁੱਟੀਆਂ ਤੋਂ ਬਾਅਦ ਸਕੂਲ ਖੁੱਲਣ ਉਪਰੰਤ ਕੀਤੀ ਜਾਵੇਗੀ। ਇਕੱਤਰਤਾ ਵਿਚ ਜੋਨ ਦੀਆਂ ਪੰਜ ਇਕਾਈਆਂ, ਸ਼ਾਹਕੋਟ, ਫਗਵਾੜਾ, ਟਿੱਬਾ, ਜਲੰਧਰ, ਹੁਸ਼ਿਆਰਪੁਰ ਦੇ ਆਗੂਆਂ ਤੇ ਮੈਂਬਰਾਂ ਕ੍ਰਮਵਾਰ ਮਨਜੀਤ ਸਿੰਘ, ਕੇਵਲ ਸਿੰਘ, ਮਾ.ਜਸਬੀਰ ਸਿੰਘ, ਬਲਵਿੰਦਰ ਫਗਵਾੜਾ, ਵਿਜੇ ਰਾਹੀ, ਨਸੀਬ ਚੰਦ ਬੱਬੀ, ਪਰਮਜੀਤ ਜਲੰਧਰ, ਅਰੁਣ ਸਾਂਪਲਾ, ਮਾ.ਸੁਖਜੀਤ ਸਿੰਘ, ਡਾ.ਰੋਸ਼ਮ ਸਿੰਘ, ਮਾ.ਰਾਮ ਸਿੰਘ, ਪ੍ਰਗਟ ਸਿੰਘ, ਹਰਜਿੰਦਰ ਸਿੰਘ, ਸੁਖਵਿੰਦਰ ਸਿੰਘ ਸ਼ੈਰੀ, ਅਸ਼ੋਕ ਕੁਮਾਰ, ਪ੍ਰਿੰ. ਜਰਨੈਲ ਸਿੰਘ ਨੇ ਸ਼ਿਰਕਤ ਕੀਤੀ।

ਗੁਰੂ ਸਾਹਿਬ ਵੱਲੋਂ ਦਿੱਤੀਆਂ ਸਿੱਖਿਆਵਾਂ 'ਤੇ ਚੱਲਣ ਦੀ ਲੋੜ : ਮੋਮੀ

ਟਾਂਡਾ ਉੜਮੁੜ (ਉਂਕਾਰ ਸਿੰਘ)-ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਲਖਤੇ ਜਿਗਰ ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਨੇ ਆਪਣੀ ਲਸਾਨੀ ਸ਼ਹਾਦਤ ਦੇ ਕੇ ਜਿੱਥੇ ਸਿੱਖ ਕੌਮ ਦੀ ਨੀਂਹ ਮਜਬੂਤ ਕੀਤੀ ਉੱਥੇ ਹੀ ਉਨ੍ਹਾਂ ਨੇ ਜ਼ੁਲਮ ਦੇ ਖਿਲਾਫ਼ ਆਵਾਜ਼ ਬੁਲੰਦ ਕਰਦਿਆਂ ਸ਼ਹਾਦਤ ਦਾ ਜਾਮ ਪੀਤਾ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦਲਿਤ ਵਿੰਗ ਦੇ ਸੀਨੀਅਰ ਆਗੂ ਅਤੇ ਉੱਘ ਸਮਾਜ ਸੇਵਕ ਸਰਬਜੀਤ ਸਿੰਘ ਮੋਮੀ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਧਰਮ ਦੀ ਖਾਤਰ ਮਾਤਾ ਗੁਜਰੀ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੀ ਲਸਾਨੀ ਸ਼ਹਾਦਤ ਨੂੰ ਜੁੱਗਾਂ ਜੁੱਗਾਂ ਤੱਕ ਯਾਦ ਰੱਖਿਆ ਜਾਵੇਗਾ। ਉਨਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ ਸਿੱਖ ਕੌਮ ਨੇ ਜੋ ਕੁਰਬਾਨੀਆਂ ਕੀਤੀਆਂ ਹਨ। ਅਜਿਹੀ ਮਿਸਾਲ ਇਤਿਹਾਸ ਵਿੱਚ ਨਾ ਕਦੇ ਮਿਲੀ ਹੈ ਅਤੇ ਨਾ ਹੀ ਮਿਲੇਗੀ। ਉਨਾਂ ਹੋਰ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਪਰਵਾਰ ਸ਼ਹੀਦ ਕਰਵਾਉਣਾ ਪ੍ਰਵਾਨ ਕਰ ਲਿਆ ਪਰ ਜੁਲਮ ਦੇ ਖਿਲਾਫ ਆਵਾਜ਼ ਉਠਾਉਣੀ ਬੰਦ ਨਹੀਂ ਕੀਤੀ। ਉਹਨਾਂ ਕਿਹਾ ਕਿ ਸਾਨੂੰ ਸਭ ਨੂੰ ਗੁਰੂ ਸਾਹਿਬਾਂ ਵੱਲੋਂ ਦਿੱਤੇ ਗਏ ਉਪਦੇਸ਼ 'ਤੇ ਚੱਲਣਾ ਚਾਹੀਦਾ ਹੈ ਅਤੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ। ਗੁਰੂ ਸਾਹਿਬ ਵੱਲੋਂ ਦਿੱਤੇ ਗਏ ਉਪਦੇਸ਼ ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ ਦੇ ਧਾਰਨੀ ਹੋਣਾ ਚਾਹੀਦਾ ਹੈ।

ਸਾਡਾ ਪੇਂਡੂ ਵਿਰਸਾ

ਕਹਾਵਤ ਹੈ "ਰੱਬ ਨੇ ਪਿੰਡ ਬਣਾਏ ਤੇ ਮਨੁੱਖ ਨੇ ਸ਼ਹਿਰ ਬਣਾਏ"। ਪੁਰਾਣੇ ਪੰਜਾਬ ਵਿੱਚ ਪੂਰਬੀ ਪੱਛਮੀ, ਪੰਜਾਬ, ਹਰਿਆਣਾ, ਹਿਮਾਚਲ, ਬੰਗਲਾਦੇਸ਼ ਤੇ ਕੁਝ ਦਿੱਲੀ ਵਾਲੇ ਖੇਤਰ ਸ਼ਾਮਲ ਸਨ।

ਸਮਾਜ ਆਦਿ ਗੀਤਾਂ—ਰਿਵਾਜਾਂ ਉੱਤੇ ਚੱਲਦਾ ਸੀ। ਲੋਕਾਂ ਦੀ ਉੱਚ ਸੋਚਣੀ ਤੇ ਸਾਦਾ ਰਹਿਣੀ ਸੀ। ਘਰ ਮਿੱਟੀ, ਗਾਰੇ, ਬਾਲੇ, ਸਤੀਰਾਂ, ਖੰਮੀਆਂ ਨਾਲ ਬਣੇ ਹੁੰਦੇ ਸਨ। ਹਰ ਸਾਲ ਲਿੱਪੇ ਪੋਚੇ ਜਾਂਦੇ ਸਨ। ਅੰਦਰੋਂ ਪਾਂਡੂ ਦਾ ਲੇਪਨ ਕਰਕੇ ਕੰਧਾਂ ਵੇਲਾਂ—ਬੂਟੇ ਵਾਹ ਕੇ ਸ਼ਿੰਗਾਰੀਆਂ ਹੁੰਦੀਆਂ ਸਨ। ਧੂੰਆਂ ਨਿਕਲਣ ਲਈ ਛੱਤ ਵਿੱਚ ਮੋਘਾ ਤੇ ਚਾਨਣ ਲਈ ਕੰਧ ਵਿੱਚ ਮੋਰੀ ਹੁੰਦੀ ਸੀ। ਸਾਰਾ ਪਰਵਾਰ ਰਸੋਈ ਤੇ ਪਸ਼ੂ ਇੱਕ ਹੀ ਛੱਤ ਹੇਠ ਹੁੰਦੇ ਸਨ।

ਪੀਣ ਵਾਲੇ ਪਾਣੀ ਲਈ ਘੜਾ, ਅਨਾਜ ਲਈ ਕੋਠੀਆਂ ਤੇ ਕੱਪੜਿਆਂ ਲਈ ਸੰਦੂਕ ਸਨ। ਸਾਰੇ ਸਾਂਝੇ ਖੂਹ ਤੋਂ ਪਾਣੀ ਲੈਂਦੇ। ਭੋਜਨ ਲਈ ਬੇਰੜੇ ਦੀ ਰੋਟੀ, ਕਣਕ ਦੀ ਰੋਟੀ ਨਾਲ ਦਹੀਂ ਸਬਜ਼ੀ ਨਾਲ ਖਾਂਦੇ। ਸ਼ਾਮ ਨੂੰ ਦੁੱਧ ਪੀਂਦੇ।

ਖੇਤੀ ਦੇ ਸੰਦ ਸਨ—ਸੁਹਾਗੀ, ਪੰਜਾਲੀ, ਕੁਹਾੜੀ, ਗੰਧਾਲਾ ਗੱਡਾ, ਖੁਰਪਾ, ਦਾਤੀ ਆਦਿ। ਬੈਲਾਂ ਨਾਲ ਵਹਾਈ ਢੁਆਈ ਹੁੰਦੀ। ਜ਼ਮੀਨ ਮਾਰੂ ਸੀ, ਮੀਂਹ ਉੱਤੇ ਹੀ ਨਿਰਭਰ ਸੀ। ਕਿਸੇ ਕਿਸੇ ਕੋਲ ਹਲਟ ਵਾਲਾ ਖੂਹ ਸੀ।

ਆਦਮੀ ਖੇਤੀ ਦਾ ਕੰਮ ਪਰਵਾਰ ਦੀ ਸਹਾਇਤਾ ਨਾਲ ਕਰਦਾ। ਔਰਤਾਂ ਖੇਤ ਨੂੰ ਰੋਟੀ ਲੈ ਕੇ ਜਾਂਦੀਆਂ। ਘਰ ਵਿੱਚ ਰੋਟੀ, ਚੁੱਲ੍ਹੇ ਦਾ ਕੰਮ, ਘਰ ਦੀ ਸਫਾਈ, ਪਸ਼ੂਆਂ ਦਾ ਗੋਹਾ—ਕੂੜਾ ਸਮੇਟਣ ਦਾ ਕੰਮ ਕਰਦੀਆਂ। ਮੁਟਿਆਰਾਂ / ਕੁੜੀਆਂ ਤ੍ਰਿੰਞਣਾਂ ਵਿੱਚ ਕੱਤਣ ਦਾ, ਵੇਲਣ ਦਾ, ਚੱਕੀ ਦਾ ਕੰਮ ਕਰਦੀਆਂ, ਬੱਚੇ ਪਾਲਦੀਆਂ ਸਨ।

ਖੇਤੀ ਲਈ ਸਹਾਇਕ ਲੋਕ ਦਿਹਾੜੀਦਾਰ ਜ਼ਰੂਰੀ ਸਨ। ਬ੍ਰਾਹਮਣ ਤਿੱਥ ਤਿਉਹਾਰ ਨੂੰ ਖਾਣਾ ਤਿਆਰ ਕਰਦੇ, ਮੰਤਰ ਪੜ੍ਹਦੇ, ਨਾਈ ਸੁਨੇਹੇ ਲੈ ਜਾਂਦਾ ਤੇ ਭਾਂਡੇ ਮਾਂਜਦਾ, ਝਿਊਰ ਪਾਣੀ ਢੋਣ ਦਾ ਕੰਮ ਕਰਦਾ ਸੀ। ਮੋਚੀ ਜੁੱਤੀਆਂ ਬਣਾਉਂਦਾ ਤੇ ਮੁਰੰਮਤ ਕਰਦਾ। ਜੁਲਾਹਾ ਕੱਪੜੇ ਬੁਣਦਾ, ਦਰਜ਼ੀ ਕਪੜੇ ਸਿਉਂਦਾ, ਲੁਹਾਰ ਲੋਹੇ ਦਾ, ਤਰਖਾਣ ਲੱਕੜੀ ਦਾ ਕੰਮ ਕਰਦਾ ਸੀ। ਫੌਜੀ, ਪੁਲਸ ਅਤੇ ਪਟਵਾਰੀ ਮੁਲਾਜ਼ਮ ਸਨ।

ਲੋਕ ਬਹੁ—ਗਿਣਤੀ ਅਨਪੜ੍ਹ ਸਨ। ਕਿਸੇ ਕਿਸੇ ਪਿੰਡ ਸਕੂਲ ਹੁੰਦਾ। ਰਾਤ ਨੂੰ ਚਾਨਣ ਲਈ ਮਿੱਟੀ ਦੇ ਤੇਲ ਦਾ ਦੀਵਾ ਬਾਲਦੇ। ਦੁਪਹਿਰ ਵੇਲੇ ਪਿੱਪਲਾਂ ਬਰੋਟਿਆਂ ਦੀ ਛਾਂ ਮੰਜੇ 'ਤੇ ਪੈ ਕੇ ਆਰਾਮ ਕਰਦੇ ਤੇ ਰਾਤ ਨੂੰ ਕੋਠੇ ਉੱਤੇ ਪੈਂਦੇ।

ਲੋਕ ਦੁੱਖ-ਸੁੱਖ ਦੇ ਸਾਂਝੀ ਸਨ। ਮਨਪ੍ਰਚਾਵੇ ਲਈ ਮੇਲੇ ਲਗਦੇ। ਇਥੇ ਘੋਲ, ਟੂਰਨਾਮੈਂਟ ਹੁੰਦੇ। ਮਦਾਰੀ, ਬੰਗਾਲੇ, ਬਾਜ਼ੀ ਵਾਲੇ ਆਪਣੇ ਕਰਤੱਵ ਦਿਖਾਉਂਦੇ। ਸਭਾਵਾਂ ਉੱਤੇ ਕਵੀਸ਼ਰ ਰਾਗੀ-ਢਾਡੀ ਗਾਉਂਦੇ। ਪਿੰਡਾਂ ਵਿੱਚ ਨਚਾਰਾਂ ਦੇ ਅਖਾੜੇ ਕਈ ਕਈ ਦਿਨ ਰਹਿੰਦੇ। ਗੱਭਰੂ ਭੰਗੜੇ ਤੇ ਬੋਲੀਆਂ ਪਾਉਂਦੇ। ਛੋਟੇ ਬੱਚੇ ਗੁੱਲੀਡੰਡਾ, ਲੁਕਣਮੀਚੀ, ਬਾਲ ਬੱਲਾ ਖੇਡਦੇ ਸਨ।

ਕੁੜੀਆਂ ਤੇ ਔਰਤਾਂ ਦਾ ਪ੍ਰਸਿੱਧ ਤਿਉਹਾਰ ਤੀਆਂ (ਤੀਜ) ਸੀ। ਪਿੱਪਲਾਂ 'ਤੇ ਪੀਂਘਾਂ ਪਾ ਕੇ ਝੂਟਦੀਆਂ ਤੇ ਗਾਉਂਦੀਆਂ ਸਨ। ਭਾਈ ਜਾਂ ਪਿਤਾ ਸੰਧਾਰਾ ਲੈ ਕੇ ਆਉਂਦੇ। ਦੂਜਾ ਪ੍ਰਸਿੱਧ ਤਿਉਹਾਰ ਕਰਵੇ ਦਾ ਸੀ। ਇਕ ਦਿਨ ਦਾ (ਚੌਥ) ਵਰਤ ਰੱਖਦੀਆਂ। ਸ਼ਾਮ ਨੂੰ ਖਾ ਪੀ ਕੇ ਵਰਤ ਖੋਲ੍ਹਦੀਆਂ ਤੇ ਰਲ ਕੇ ਗਿੱਧਾ ਪਾਉਂਦੀਆਂ। ਲੋਕ ਦੁਪਹਿਰ ਤੇ ਸ਼ਾਮ ਨੂੰ ਵਿਹਲੇ ਹੋ ਕੇ ਕਿਸੇ ਲੱਕੜ ਦੀ ਗੇਲੀ 'ਤੇ ਬੈਠ ਕੇ ਗੱਲਾਂ ਕਰਦੇ। ਮਨਪ੍ਰਚਾਵੇ ਲਈ ਮੇਲਿਆਂ ਉੱਤੇ ਜਾਂ ਆਮ ਬੈਲਾਂ ਵਾਲੀਆਂ ਟਾਂਗੀਆਂ ਦੀਆਂ ਦੌੜਾਂ ਦੇ ਮੁਕਾਬਲੇ ਹੁੰਦੇ। ਵਾਢੀ ਸਮੇਂ ਇੱਕ—ਦੂਜੇ ਦੀ ਸਹਾਇਤਾ ਕਰਦੇ, ਗੱਭਰੂ ਮੁਕਾਬਲੇ ਕਰਦੇ ਕਿ ਕੌਣ ਵੱਧ ਵਢਾਈ ਕਰਦਾ ਹੈ। ਗਹਾਈ ਵਿੱਚ ਵੀ ਇੱਕ-ਦੂਜੇ ਦੀ ਸਹਾਇਤਾ ਕਰਦੇ।

ਲੋਕ ਧਾਰਮਿਕ ਬਿਰਤੀ ਵਾਲੇ ਸਨ। ਧਾਰਮਿਕ ਦੀਵਾਨਾਂ ਵਿੱਚ ਰਾਗੀ ਢਾਡੀਆਂ ਤੋਂ ਵਾਰਾਂ ਸੁਣਦੇ। ਧਾਰਮਿਕ ਸਥਾਨਾਂ ਉੱਤੇ ਮੱਥਾ ਟੇਕਦੇ। ਕਦੀ-ਕਦੀ , ਸਮਾਧਾਂ, ਖਾਨਗਾਹਾਂ, ਪਿੱਪਲਾਂ, ਬਰੋਟਿਆਂ ਆਦਿ 'ਤੇ ਦੀਵੇ ਧਰ ਕੇ ਮੱਥਾ ਟੇਕਦੇ ਸਨ।

ਦੀਵਾਲੀ, ਦੁਸਹਿਰਾ, ਵਿਸਾਖੀ ਆਦਿ ਪ੍ਰਸਿੱਧ ਤਿਉਹਾਰ ਸਾਂਝੇ ਤੌਰ 'ਤੇ ਮਨਾਏ ਜਾਂਦੇ। ਲੋਕਾਂ ਦੀ ਸਾਦਾ ਰਹਿਣੀ ਤੇ ਉੱਚ ਸੋਚਣੀ ਸੀ। ਨਫਰਤ ਈਰਖਾ ਘੱਟ ਤੇ ਪਿਆਰ ਮਿਲਵਰਤਣ ਵੱਧ ਸੀ। ਲੋਕਾਂ ਨੂੰ ਕੋਈ ਮਾਨਸਿਕ ਚਿੰਤਾ ਨਹੀਂ ਸੀ। ਹਸਪਤਾਲਾਂ ਦੀ ਅਣਹੋਂਦ ਸੀ। ਦੇਸੀ ਹਕੀਮ ਹੀ ਬਿਮਾਰੀਆਂ ਦਾ ਇਲਾਜ ਕਰਦੇ। ਪੰਡਤ, ਪਾਂਧੇ ਰਿਸ਼ਤੇ ਕਰਾਉਂਦੇ ਤੇ ਵਿਆਹ ਦੀ ਰਸਮ ਨਿਭਾਉਂਦੇ ਸਨ। ਬਰਾਤਾਂ ਚਾਰ—ਚਾਰ ਦਿਨ ਰਹਿੰਦੀਆਂ। ਸਧਾਰਨ ਰੋਟੀ ਖੁਆਈ ਜਾਂਦੀ ਸੀ। ਚਾਹ ਦਾ ਰਿਵਾਜ ਨਹੀਂ ਸੀ। ਸ਼ੱਕਰ ਦੇਸੀ ਘਿਓ ਦੀ ਵਰਤੋਂ ਆਮ ਸੀ।

ਵਿਆਹ ਮੌਕੇ ਗਰੀਬ ਲੋਕ ਉਧਾਰ ਜਾਂ ਸ਼ਾਹੂਕਾਰ ਕੋਲੋਂ ਕਰਜ਼ਾ ਵੀ ਲੈਂਦੇ ਸਨ। ਕੁਝ ਵੀ ਹੋਵੇ ਉਹ ਜੀਵਨ ਅੱਜ ਨਾਲੋਂ ਕਿਤੇ ਚੰਗਾ ਸੀ।

ਡਾ. ਨਵਪ੍ਰੀਤ ਕੌਰ # ਸੰਪਰਕ : 82839-59199

ਪੰਜਾਬ ਸਰਕਾਰ ਵੱਲੋਂ ਬੈਂਸ ਤੇ ਸਿਨਹਾ ਵੱਲੋਂ ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਟ

ਨਵੀਂ ਦਿੱਲੀ, (ਗੁਰਜੀਤ ਬਿੱਲਾ)—ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਮੁੱਖ ਸਕੱਤਰ ਕੇ.ਏ.ਪੀ.ਸਿਨਹਾ ਵਲੋਂ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੀ ਦੇਹ ਉੱਤੇ ਫੁੱਲ ਮਾਲਾਵਾ ਭੇਂਟ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਉਨ੍ਹਾਂ ਡਾ.ਮਨਮੋਹਨ ਸਿੰਘ ਦੇ ਪਰਵਾਰਕ ਮੈਂਬਰਾਂ ਨਾਲ ਵੀ ਦੁੱਖ ਸਾਂਝਾ ਕੀਤਾ।ਬੈਂਸ ਨੇ ਕਿਹਾ ਕਿ ਮਨਮੋਹਨ ਸਿੰਘ ਨੇ ਦੇਸ਼ ਦੀ ਆਰਥਿਕ ਸਥਿਤੀ ਨੂੰ ਮੁਸ਼ਕਲ ਹਾਲਾਤ ਵਿਚੋਂ ਕੱਢ ਕੇ ਵਿਕਾਸ ਦੇ ਰਾਹ ਪਾਇਆ ਸੀ। ਉਨ੍ਹਾਂ ਨੇ ਦੇਸ਼ ਵਿਚ ਵਿੱਤੀ ਸੁਧਾਰਾਂ ਅਤੇ ਆਰਥਿਕ ਪ੍ਰਗਤੀ ਦਾ ਨਵਾਂ ਇਤਿਹਾਸ ਲਿਖਿਆ, ਜਿਸ ਸਦਕੇ ਦੇਸ਼ ਦੀ ਅਰਥਵਿਵਸਥਾ ਪ੍ਰਗਤੀ ਦੇ ਰਾਹ ਪਈ।ਕੈਬਨਿਟ ਮੰਤਰੀ ਨੇ ਕਿਹਾ ਕਿ ਮੇਰੇ ਲਈ ਇਹ ਬਹੁਤ ਹੀ ਭਾਵੁਕ ਪਲ ਹਨ। ਉਨ੍ਹਾਂ ਕਿਹਾ ਕਿ ਡਾ. ਮਨਮੋਹਨ ਸਿੰਘ ਸਿਰਫ ਇੱਕ ਸ਼ਖ਼ਸੀਅਤ ਨਹੀਂ ਸਨ, ਸਗੋਂ ਆਪਣੇ ਆਪ ਵਿੱਚ ਇੱਕ ਸੰਸਥਾ ਸਨ। ਉਨ੍ਹਾਂ ਦੀ ਨਿਮਰਤਾ, ਇਮਾਨਦਾਰੀ, ਸਾਦਗੀ ਅਤੇ ਵਿਦਵਤਾ ਸਾਡੇ ਲਈ ਸਦੀਵੀ ਪ੍ਰੇਰਨਾ ਦਾ ਸਰੋਤ ਰਹੇਗੀ। ਉਨ੍ਹਾਂ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਵਲੋਂ ਦੇਸ਼ ਦੇ ਵਿਕਾਸ ਵਿੱਚ ਪਾਏ ਯੋਗਦਾਨ ਨੂੰ ਆਉਣ ਵਾਲੀਆਂ ਪੀੜ੍ਹੀਆਂ ਯਾਦ ਰੱਖਣਗੀਆਂ। ਬੈਂਸ ਨੇ ਪਰਮਾਤਮਾ ਦੇ ਚਰਨਾਂ ਵਿਚ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਿੱਛੇ ਪਰਵਾਰ ਅਤੇ ਮਿੱਤਰਾਂ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।

ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ 'ਤੇ ਲੰਗਰ ਵਰਤਾਇਆ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਨਜ਼ਦੀਕੀ ਪਿੰਡ ਚੀਮਾ ਕਲਾਂ ਦੀ ਸਮੂਹ ਗ੍ਰਾਮ ਪੰਚਾਇਤ, ਐਨਆਰਆਈ ਵੀਰਾਂ ਅਤੇ ਮਾਂ ਭਗਵਤੀ ਜਾਗਰਣ ਕਲੱਬ ਚੀਮਾ ਕਲਾਂ ਵੱਲੋਂ ਸਾਹਿਬਜ਼ਾਦਿਆ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚਾਹ - ਕੌਫੀ, ਬਿਸਕਿਟ ਦਾ ਲੰਗਰ ਸੰਗਤ ਨੂੰ ਵਰਤਾਇਆ ਗਿਆ। ਫਿਲੌਰ ਰੋਡ 'ਤੇ ਸਥਿਤ ਚੀਮਾ ਗੇਟ ਦੇ ਕੋਲ ਲਗਾਏ ਗਏ ਲੰਗਰ ਅਸਥਾਨ 'ਤੇ ਸਾਹਿਬਜ਼ਾਦਿਆ ਨੂੰ ਯਾਦ ਕੀਤਾ ਗਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ